ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ. ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 90418 78800

# ਸਾਂਝੀ ਸੋਚ
SANJHI SOCH HD
ਸਾਂਝੀ ਸੋਚ
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-11 ISSUE 1738 | 12 May, 2024 Sunday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260


## ਭਾਰਤੀ ਔਰਤ ਦੀ ਕਾਰ ਨਾਲ ਹੋਏ ਹਾਦਸੇ 'ਚ ਕਿਊਬਾ ਦੇ ਨੌਜਵਾਨ ਦੀ ਮੌਤ

ਕੈਲੀਫੋਰਨੀਆ
ਸਾਂਝੀ ਸੋਚ ਬਿਊਰੋ

ਅਮਰੀਕਾ 'ਚ ਸ਼ਰਾਬ ਦੇ ਨਸ਼ੇ 'ਚ ਗੱਡੀ ਚਲਾ ਰਹੀ ਇਕ ਗੁਜਰਾਤੀ ਔਰਤ ਸੋਨਲ ਪਟੇਲ ਨਾਲ ਹੋਏ ਹਾਦਸੇ 'ਚ ਇਕ ਨੌਜਵਾਨ ਦੀ ਮੌਤ ਹੋ ਗਈ ਹੈ। ਇਹ ਔਰਤ ਨਸ਼ੇ ਵਿਚ ਧੁੱਤ ਸੀ ਅਤੇ ਮੁਅੱਤਲ ਲਾਇਸੰਸ 'ਤੇ ਗੱਡੀ ਚਲਾ ਰਹੀ ਸੀ। ਇਸ ਦੇ ਨਾਲ ਹੀ ਸੋਨਲ ਪਟੇਲ ਕੋਲੋਂ ਗੱਡੀ ਵਿਚੋਂ ਨਸ਼ੀਲੇ ਪਦਾਰਥ ਵੀ ਬਰਾਮਦ ਕੀਤੇ ਹਨ। ਸੋਨਲ ਪਟੇਲ ਜੋ ਕਿ ਪਹਿਲਾਂ ਹੀ ਕਤਲ ਦੇ ਦੋਸ਼ਾਂ ਦਾ ਸਾਹਮਣਾ ਕਰ ਰਹੀ ਹੈ, ਫਿਲਹਾਲ ਬਾਂਡ 'ਤੇ ਹੈ। ਅਮਰੀਕੀ ਮੀਡੀਆ ਦੀ ਰਿਪੋਰਟ ਮੁਤਾਬਕ ਪੁਲਿਸ ਨੇ ਸੋਨਲ ਪਟੇਲ ਨਾਂ ਦੀ ਇਸ ਔਰਤ 'ਤੇ ਸ਼ਰਾਬ ਪੀ ਕੇ ਗੱਡੀ ਚਲਾਉਣ ਦਾ ਦੋਸ਼ ਲਗਾਇਆ ਸੀ। ਸੋਨਲ ਪਟੇਲ, ਜਿਸ ਦਾ 4 ਫਰਵਰੀ 2024 ਨੂੰ ਸਵੇਰੇ ਚਾਰ ਵਜੇ ਐਕਸੀਡੈਂਟ ਹੋਇਆ ਸੀ, ਨੂੰ ਉਸ ਸਮੇਂ ਗ੍ਰਿਫਤਾਰੀ ਤੋਂ ਬਾਅਦ ਬਾਂਡ 'ਤੇ ਰਿਹਾਅ ਕਰ ਦਿੱਤਾ ਗਿਆ ਸੀ, ਪਰ ਪੁਲਿਸ ਨੇ ਸੋਮਵਾਰ ਨੂੰ ਉਸਨੂੰ ਸ਼ਰਾਬ ਪੀ ਕੇ ਗੱਡੀ ਚਲਾਉਣ ਤੋਂ ਇਲਾਵਾ ਹੱਤਿਆ ਦੇ ਦੋਸ਼ਾਂ ਵਿਚ ਦੁਬਾਰਾ ਗ੍ਰਿਫਤਾਰ ਕਰ ਲਿਆ।

ਹਾਲਾਂਕਿ ਇਸ ਦੋਸ਼ 'ਚ ਵੀ ਸੋਨਲ ਪਟੇਲ ਨੂੰ ਮੁੜ ਬਾਂਡ 'ਤੇ ਰਿਹਾਅ ਕਰ ਦਿੱਤਾ ਗਿਆ ਸੀ, ਜਿਸ 'ਤੇ ਇਸ ਕਾਰਨ ਮਰਨ ਵਾਲੇ ਨੌਜਵਾਨ ਦੇ ਪਰਿਵਾਰ ਵਾਲਿਆਂ ਨੇ ਸਖਤ ਇਤਰਾਜ਼ ਜਤਾਇਆ ਹੈ। ਸੋਨਲ ਪਟੇਲ ਦੇ ਕਾਰਨ ਹੋਏ ਹਾਦਸੇ 'ਚ ਮਰਨ ਵਾਲੇ ਨੌਜਵਾਨ ਦੀ ਪਛਾਣ ਉਮਰ ਔਰਟੀਜ਼ ਦੇ ਵਜੋਂ ਹੋਈ ਹੈ, ਜੋ ਕਿ ਕਿਊਬਾ ਦਾ ਰਹਿਣ ਵਾਲਾ ਸੀ। ਅਤੇ ਹਾਦਸੇ ਤੋਂ ਇਕ ਮਹੀਨਾ ਪਹਿਲਾਂ ਅਮਰੀਕਾ ਆਇਆ ਸੀ। ਉਮਰ ਦੇ ਪਰਿਵਾਰਕ ਮੈਂਬਰ ਮੁਤਾਬਕ ਉਹ ਆਪਣੇ ਦੋ ਬੱਚਿਆਂ ਦੇ ਚੰਗੇ ਭਵਿੱਖ ਲਈ ਅਮਰੀਕਾ ਆਇਆ ਸੀ।

ਦੂਜੇ ਪਾਸੇ ਇਸ ਮਾਮਲੇ ਸਬੰਧੀ ਪੁਲਿਸ ਦਾ ਕਹਿਣਾ ਹੈ ਕਿ ਹਾਦਸੇ ਦਾ ਕਾਰਨ ਬਣਨ ਵਾਲੀ ਕਾਰ ਸੋਨਲ ਪਟੇਲ ਚਲਾ ਰਹੀ ਸੀ ਅਤੇ ਉਸ ਕੋਲੋਂ ਨਸ਼ੀਲੇ ਪਦਾਰਥ ਵੀ ਬਰਾਮਦ ਹੋਏ ਹਨ। ਇੰਨਾ ਹੀ ਨਹੀਂ, ਪੁਲਿਸ ਜਾਂਚ ਦੌਰਾਨ ਇਹ ਗੱਲ ਵੀ ਸਾਹਮਣੇ ਆਈ ਕਿ ਸੋਨਲ ਪਟੇਲ ਦੋ ਦਿਨਾਂ ਤੋਂ ਸੁੱਤੀ ਨਹੀਂ ਸੀ। ਉਸਨੇ ਤੜਕੇ 4 ਵਜੇ ਆਪਣੀ ਕਾਰ ਟ੍ਰੈਵਲ ਲੇਨ ਦੇ ਵਿਚਕਾਰ ਖੜ੍ਹੀ ਕਰ ਦਿੱਤੀ, ਜਿਸ ਕਾਰਨ ਇਹ ਹਾਦਸਾ ਵਾਪਰਿਆ। ਸੋਨਲ ਪਟੇਲ ਹਾਦਸੇ ਦੇ ਸਮੇਂ ਸਸਪੈਂਡ ਕੀਤੇ ਡਰਾਈਵਿੰਗ ਲਾਇਸੈਂਸ 'ਤੇ ਗੱਡੀ ਚਲਾ ਰਹੀ ਸੀ ਅਤੇ 2007 'ਚ ਸ਼ਰਾਬ ਪੀ ਕੇ ਗੱਡੀ ਚਲਾਉਣ ਦੇ ਦੋਸ਼ 'ਚ ਗ੍ਰਿਫਤਾਰ ਵੀ ਹੋਈ ਸੀ। ਹਾਲਾਂਕਿ ਸੋਨਲ ਪਟੇਲ ਇਸੇ ਮਾਮਲੇ 'ਚ ਦੋ ਵਾਰ ਗ੍ਰਿਫਤਾਰ ਹੋਣ ਤੋਂ ਬਾਅਦ ਵੀ ਬਾਹਰ ਹੈ। ਹਾਲਾਂਕਿ, ਉਸ ਦੇ ਖਿਲਾਫ ਕੇਸ ਚੱਲ ਰਿਹਾ ਹੈ ਅਤੇ ਇਸ ਗੱਲ ਦੀ ਪੂਰੀ ਸੰਭਾਵਨਾ ਹੈ ਕਿ ਸੋਨਲ ਪਟੇਲ ਨੂੰ ਕਤਲ ਦੇ ਦੋਸ਼ਾਂ ਵਿਚ ਜੇਲ੍ਹ ਭੇਜਿਆ ਜਾਵੇਗਾ।

## ਪੰਜਾਬੀ ਦੇ ਪ੍ਰਸਿੱਧ ਕਵੀ ਪਦਮਸ਼੍ਰੀ ਸੁਰਜੀਤ ਪਾਤਰ ਦਾ ਹੋਇਆ ਦੇਹਾਂਤ

ਲੁਧਿਆਣਾ
ਸਾਂਝੀ ਸੋਚ ਬਿਊਰੋ

ਪੰਜਾਬੀ ਦੇ ਪ੍ਰਸਿੱਧ ਕਵੀ ਸੁਰਜੀਤ ਪਾਤਰ ਸ਼ਨੀਵਾਰ ਤੜਕਸਾਰ ਇਸ ਫ਼ਾਨੀ ਦੁਨੀਆਂ ਨੂੰ 79 ਸਾਲ ਦੀ ਉਮਰ 'ਚ ਅਲਵਿਦਾ ਆਖ ਗਏ। ਮੁੱਢਲੀ ਜਾਣਕਾਰੀ ਮੁਤਾਬਕ ਉਨ੍ਹਾਂ ਦੀ ਮੌਤ ਦਿਲ ਦਾ ਦੌਰਾ ਪੈਣ ਨਾਲ ਹੋਈ ਹੈ। ਉਨ੍ਹਾਂ ਨੇ ਲੁਧਿਆਣਾ ਵਿਚ ਆਖ਼ਰੀ ਸਾਹ ਲਏ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਸਵੇਰੇ ਸਾਢੇ ਛੇ ਵਜੇ ਦੇ ਕਰੀਬ ਉਨ੍ਹਾਂ ਦੀ ਪਤਨੀ ਭੁਪਿੰਦਰ ਕੌਰ ਨੇ ਜਗਾਉਣ ਦੀ ਕੋਸ਼ਿਸ਼ ਕੀਤੀ ਪਰ ਉਨ੍ਹਾਂ ਕੋਈ ਜਵਾਬ ਨਹੀਂ ਦਿੱਤਾ, ਜਿਸ ਤੋਂ ਬਾਅਦ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ। ਪਾਤਰ ਦੇ ਪਰਿਵਾਰ 'ਚ ਪਤਨੀ ਅਤੇ ਦੋ ਪੁੱਤਰ ਹਨ। ਇੱਕ ਪੁੱਤਰ ਆਸਟਰੇਲੀਆ ਵਿਚ ਰਹਿੰਦਾ ਹੈ। ਪਾਤਰ ਨੇ ਸੱਠਵੇਂ ਦਹਾਕੇ ਦੇ ਅੱਧ ਵਿਚ ਕਵਿਤਾ ਲਿਖਣੀ ਸ਼ੁਰੂ ਕਰ ਦਿੱਤੀ ਸੀ। ਉਨ੍ਹਾਂ ਨੇ ਕਈ ਪ੍ਰਸਿੱਧ ਕਵਿਤਾਵਾਂ ਲਿਖੀਆਂ। ਇਨ੍ਹਾਂ ਵਿਚ ਹਵਾ ਵਿਚ ਲਿਖੇ ਹਰਫ਼, ਲਫ਼ਜ਼ਾਂ ਦੀ ਦਰਗਾਹ, ਪਤਝੜ ਦੀ ਬਾਜੇਬ, ਸੁਰ ਜ਼ਮੀਨ, ਬ੍ਰਿਖ ਅਰਜ ਕਰੇ, ਹਨੇਰੇ ਵਿਚ ਸੁਲਗਦੀ ਵਰਣਮਾਲਾ ਸ਼ਾਮਲ ਹਨ। ਜਲੰਧਰ ਦੇ ਪਿੰਡ ਪਾਤੜ ਕਲਾਂ ਦੇ ਜੰਮਪਲ ਸੁਰਜੀਤ ਪਾਤਰ ਦਾ ਸਾਹਿਤ ਦੇ ਖੇਤਰ ਨੂੰ ਬਹੁਤ ਵੱਡਾ ਯੋਗਦਾਨ ਹੈ। ਉਹ ਪੰਜਾਬੀ ਸਾਹਿਤ ਅਕਾਦਮੀ ਦੇ ਪ੍ਰਧਾਨ ਵਜੋਂ ਵੀ ਸੇਵਾਵਾਂ ਨਿਭਾਅ ਚੁੱਕੇ ਹਨ। ਪੰਜਾਬ ਯੂਨੀਵਰਸਿਟੀ, ਪਟਿਆਲਾ ਤੋਂ ਆਪਣੀ ਮਾਸਟਰ ਡਿਗਰੀ ਪੂਰੀ ਕਰਨ ਤੋਂ ਬਾਅਦ ਉਨ੍ਹਾਂ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਤੋਂ ਪੀ.ਐੱਚ.ਡੀ. ਕੀਤੀ। ਉਸ ਮਗਰੋਂ ਉਨ੍ਹਾਂ ਨੇ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਵਿਚ ਪੰਜਾਬੀ ਦੇ ਪ੍ਰੋਫੈਸਰ ਵਜੋਂ ਸੇਵਾਵਾਂ ਦਿੱਤੀਆਂ ਅਤੇ ਸੇਵਾਮੁਕਤ ਹੋਏ। ਸੁਰਜੀਤ ਪਾਤਰ ਨੂੰ 2012 'ਚ ਪਦਮਸ਼੍ਰੀ ਐਵਾਰਡ ਨਾਲ ਨਿਵਾਜ਼ਿਆ ਗਿਆ। ਉਨ੍ਹਾਂ ਨੂੰ 1979 ਵਿਚ ਪੰਜਾਬ ਸਾਹਿਤ ਅਕਾਦਮੀ ਐਵਾਰਡ, 1993 ਵਿਚ ਸਾਹਿਤ ਅਕਾਦਮੀ ਐਵਾਰਡ, 1999 ਵਿਚ ਪੰਚਾਨੰਦ ਐਵਾਰਡ, 2007 ਵਿਚ ਆਨੰਦ ਕਾਵ ਸਨਮਾਨ, 2009 ਵਿਚ ਸਰਸਵਤੀ ਸਨਮਾਨ ਅਤੇ ਗੰਗਾਧਰ ਰਾਸ਼ਟਰੀ ਕਵਿਤਾ ਪੁਰਸਕਾਰ ਨਾਲ ਸਨਮਾਨਿਤ ਕੀਤਾ ਜਾ ਚੁੱਕਿਆ ਹੈ। ਡਾ. ਸੁਰਜੀਤ ਪਾਤਰ ਦਾ ਸਸਕਾਰ 13 ਮਈ ਨੂੰ ਮਾਡਲ ਟਾਊਨ ਐਕਸਟੈਂਸ਼ਨ ਲੁਧਿਆਣਾ ਦੇ ਸ਼ਮਸ਼ਾਨਘਾਟ ਵਿਚ ਸਵੇਰੇ 11 ਵਜੇ ਸਰਕਾਰੀ ਸਨਮਾਨ ਨਾਲ ਕੀਤਾ ਜਾਵੇਗਾ।




Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont: 44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno: 4491 W, Shaw Ave. Suit No. 3008 (Near Costco), Fresno, CA 93722
Phone: 599-271-5511



GINNY BEDI LAW PC
Immigration
Divorce
Custody and Support issues
Business Disputes
Living Trusts
Criminal Matters
Misdemeanors
DUI
Ginny Bedi Attorney
ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।
255 N Market St Ste 150 San Jose CA 95110
Tel: (408) 800-0242 Fax: (408) 800-0240, Mobile: (408) 802-2501
Email: ginny@ginnybedilaw.com Web: www.ginnybedilaw.com

Serving Punjabi Mother Tongue In America For The Last 12 Years
ਸਾਂਝੀ ਸੋਚ
DAILY SANJHI SOCH NEWSPAPER
LAUNCHING SOON IN Canada
ਖ਼ਬਰਾਂ, ਆਰਟੀਕਲ, ਕਵਿਤਾਵਾਂ, ਕਹਾਣੀਆਂ ਅਤੇ ਹੋਰ ਛਪਣਯੋਗ ਸਮੱਗਰੀ
LAUNCHING SOON
info@sanjhisoch.com ਤੇ ਭੇਜੋ
+1 (209) 303-1260 +91 81463-20009

Law Offices of Ashwani K.Bhakhri
1299 Bayshore Hwy Suite 208 Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos
Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com



RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor ® CalDRE # 02115235
ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED

Space availabe for Ad
Contact #
+1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137

PAL FILMS & PHOTO BOOKS
WWW.PALFILMS.COM
All Your Photo/Videography & Post Production needs Under One Roof
Music Video | Pre Shoots | Weddings | Birthdays | Graduations Stage Shows Or Any Kind Of Events | Customize Photobooks (upto 6 feet) Video Editing VFX/DI/CC & Much More....
Full Photo & Videography studio with Green Screen Blue Screen
PH: (925) 489 3400, (341) 356 1517
4007 Railroad Ave Pittsburgh, CA 94565 | Email: palfilms@yahoo.com, palfilms925@gmail.com

# JRP REALTY GROUP

A TRADITION OF REAL ESTATE EXCELLENCE

**SERVING CALIFORNIA FOR COMMERCIAL REAL ESTATE NEEDS**





Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS

**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.





**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ **Pre-Approvals** ਪ੍ਰਾਪਤ ਕਰੋ

# LENDINGASSETS
Elevating Your Mortgage Experience

## Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**

EQUAL HOUSING OPPORTUNITY



**Apply online at www.lendingassets.com and check out the live lowest rates on our website**


OPEN
OPEN
NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria
MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ
SANJHI SOCH
www.sanjhisoch.com
PATTRON: HARJIT BASI
MANAGEMENT



PRESIDENT & CHIEF EDITOR
BOOTA SINGH BASI
SUB EDITOR (CHICAGO, IL OFFICE)
LOVJYOT VIRDI
GENERAL MANAGER
RAVINDER SINGH DHILLON
RESIDENT EDITOR (INDIA)
DR. RAJINDER RIKHI

DISCLAIMER
ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।
DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH
DAILY NEWSPAPER
2601 Oakdale Road, Suite H2-167 Modesto, CA 95355 USA
Cell: (209) 303-1260
Email: info@sanjhisoch.com
Visit at: www.sanjhisoch.com

# ਅਦਾਲਤੀ ਫੈਸਲਿਆਂ ਤੇ ਪ੍ਰਧਾਨ ਮੰਤਰੀ ਦੇ ਭਾਸ਼ਣਾਂ ਨੇ ਲੜਾਈ ਦਾ ਰੁਖ ਜਿਹਾ ਮੋੜ ਦਿੱਤਾ ਲੱਗਦੈ

ਮੇਰੀ ਆਪਣੀ ਇੱਛਾ ਇਹ ਸੀ ਕਿ ਇਸ ਹਫਤੇ ਲੋਕ ਸਭਾ ਚੋਣਾਂ ਲਈ ਪੰਜਾਬ ਵਿੱਚ ਬਣਦੇ ਜਾਂਦੇ ਮਾਹੌਲ ਦੇ ਬਾਰੇ ਗੱਲ ਕੀਤੀ ਜਾਵੇ ਤੇ ਸਿਰਫ ਪੰਜਾਬ ਤੱਕ ਸੀਮਤ ਰੱਖੀ ਜਾਵੇ, ਪਰ ਇਸ ਦੌਰਾਨ ਕੁਝ ਗੱਲਾਂ ਏਦਾਂ ਦੀਆਂ ਵਾਪਰੀਆਂ ਹਨ ਕਿ ਫਿਰ ਦੇਸ਼ ਪੱਧਰ ਦੀ ਚੋਣ ਸਥਿਤੀ ਨੂੰ ਪਹਿਲ ਦੇਣੀ ਪਈ ਹੈ। ਹਾਲਾਤ ਏਦਾਂ ਦੇ ਇਸ ਲਈ ਬਣੇ ਹਨ ਕਿ ਭਾਰਤ ਵਿੱਚ ਪ੍ਰਧਾਨ ਮੰਤਰੀ ਦੇ ਰੁਤਬੇ ਵਾਲੇ ਕਿਸੇ ਲੀਡਰ ਨੇ ਜਿਹੜੀਆਂ ਗੱਲਾਂ ਕਦੇ ਨਹੀਂ ਸੀ ਕੀਤੀਆਂ, ਨਰਿੰਦਰ ਮੋਦੀ ਨੇ ਉਹ ਕਰ ਦਿੱਤੀਆਂ ਹਨ ਤੇ ਸਿਆਸੀ ਸ਼ਰੀਕੇਬਾਜ਼ੀ ਨੂੰ ਵੀ ਉਸ ਹੱਦ ਤੱਕ ਪੁਚਾ ਦਿੱਤਾ, ਜਿੱਥੋਂ ਤੱਕ ਕਦੇ ਨਹੀਂ ਸੀ ਪੁੱਜ ਸਕੀ। ਪੱਕੇ ਮੁਰੀਦ ਮੰਨੇ ਜਾਂਦੇ ਸਮੱਰਥਕਾਂ ਦੀ ਸੋਚਣੀ ਛੱਡ ਕੇ ਰਾਜਨੀਤਕ ਚੱਜ-ਆਚਾਰ ਵੇਖਿਆ ਜਾਵੇ ਤਾਂ ਮਿਆਰ ਇਸ ਵਾਰ ਲੋਕ ਸਭਾ ਚੋਣਾਂ ਵਿੱਚ ਏਨੇ ਡਿੱਗ ਪਏ ਹਨ ਕਿ ਕੋਈ ਮੋੜਾ ਵੀ ਕਦੇ ਪਵੇਗਾ ਕਿ ਨਹੀਂ, ਦ੍ਰਿੜ੍ਹ ਵਿਸ਼ਵਾਸ ਨਾਲ ਇਹ ਗੱਲ ਕਹਿ ਸਕਣ ਵਾਲਾ ਕੋਈ ਮੁਰਾਤਬੇ ਵਾਲਾ ਮਾਹਰ ਨਹੀਂ ਲੱਭਦਾ। ਭਾਜਪਾ ਤੇ ਪ੍ਰਧਾਨ ਮੰਤਰੀ ਦੀ ਟੀਮ ਜੋ ਸਿਆਸੀ ਦਾਅ ਖੇਡਦੀ ਪਈ ਹੈ, ਉਨ੍ਹਾਂ ਕਾਰਨ ਦੇਸ਼ ਦੀ ਸੁਪਰੀਮ ਕੋਰਟ ਨੇ ਵੀ ਪਹਿਲੀ ਵਾਰੀ ਉਹ ਕਦਮ ਚੁੱਕੇ ਹਨ, ਜਿਹੜੇ ਆਮ ਲੋਕ ਕਦੀ ਸੋਚ ਨਹੀਂ ਸੀ ਸਕਦੇ ਤੇ ਉਹ ਕਦਮ ਭਾਰਤ ਦੇ ਭਵਿੱਖ ਲਈ ਮਿਆਰਾਂ ਦਾ ਮੀਲ-ਪੱਥਰ ਵੀ ਬਣ ਸਕਦੇ ਹਨ।

ਪਹਿਲਾਂ ਸੁਪਰੀਮ ਕੋਰਟ ਦੇ ਉਨ੍ਹਾਂ ਫੈਸਲਿਆਂ ਨੂੰ ਵੇਖੀਏ, ਜਿਨ੍ਹਾਂ ਨੇ ਉਸ ਸਰਕਾਰ ਨੂੰ ਕੰਬਣੀਆਂ ਛੇੜਨ ਦਾ ਕੰਮ ਕੀਤਾ ਹੈ, ਜਿਹੜੀ ਇਸ ਦੇਸ਼ ਦੀ ਇਸ ਸਭ ਤੋਂ ਉੱਚੀ ਅਦਾਲਤ ਨੂੰ ਇਹ ਜਤਾਉਣ ਲੱਗੀ ਹੋਈ ਸੀ ਕਿ ਉਸ ਦੇ ਸਾਹਮਣੇ ਕਿਸੇ ਵੱਡੀ ਤੋਂ ਵੱਡੀ ਅਦਾਲਤ ਦੀ ਵੀ ਖਾਸ ਹਸਤੀ ਨਹੀਂ। ਅਦਾਲਤ ਨੇ ਪਿਛਲੇਰੇ ਸਾਲ ਇਹ ਫੈਸਲਾ ਦਿੱਤਾ ਸੀ ਕਿ ਦੇਸ਼ ਦੇ ਚੋਣ ਕਮਿਸ਼ਨਰਾਂ ਦੀ ਨਿਯੁਕਤੀ ਕਰਨ ਲਈ ਪ੍ਰਧਾਨ ਮੰਤਰੀ ਨਾਲ ਵਿਰੋਧੀ ਧਿਰ ਦਾ ਆਗੂ ਤੇ ਸੁਪਰੀਮ ਦਾ ਮੁੱਖ ਜੱਜ ਵੀ ਬੈਠਿਆ ਕਰਨਗੇ, ਤਾਂ ਜੋ ਪੱਖ-ਪਾਤ ਦੇ ਦੋਸ਼ ਨਾ ਲੱਗਣ। ਸਰਕਾਰ ਨੇ ਪਾਰਲੀਮੈਂਟ ਤੋਂ ਬਿੱਲ ਪਾਸ ਕਰਵਾ ਲਿਆ ਕਿ ਇਸ ਕਮੇਟੀ ਵਿੱਚ ਸੁਪਰੀਮ ਕੋਰਟ ਦੇ ਜੱਜ ਸੱਦਣ ਦੀ ਬਜਾਏ ਹੋਰ ਲੋਕ ਬੈਠਣਗੇ ਅਤੇ ਇਨ੍ਹਾਂ ਲੋਕਾਂ ਵਿੱਚ ਸਰਕਾਰ ਦੇ ਪੱਖ ਵਾਲਿਆਂ ਦੀ ਬਹੁ-ਗਿਣਤੀ ਤੱਕ ਮਿਥ ਦਿੱਤੀ। ਇਹ ਸੁਪਰੀਮ ਕੋਰਟ ਨੂੰ ਸਿੱਧਾ ਇਹ ਕਹਿਣ ਵਾਂਗ ਸੀ ਕਿ ਸਰਕਾਰ ਚਲਾਉਣ ਵਾਲਿਆਂ ਦੀ ਮਰਜ਼ੀ ਅੱਗੇ ਸਪੀਡ ਬਰੇਕਰ ਲਾਉਣ ਦਾ ਯਤਨ ਕੋਈ ਨਾ ਕਰੇ। ਏਹੋ ਜਿਹੇ ਕੁਝ ਹੋਰ ਕਦਮ ਵੀ ਮੌਜੂਦਾ ਸਰਕਾਰ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਉਠਾਏ ਸਨ, ਜਿਨ੍ਹਾਂ ਕਾਰਨ ਦੇਸ਼ ਵਿੱਚ ਹੀ ਨਹੀਂ, ਦੁਨੀਆ ਭਰ ਵਿੱਚ ਚਰਚਾ ਚੱਲਦੀ ਰਹੀ ਸੀ ਕਿ ਭਾਰਤੀ ਲੋਕਤੰਤਰ ਕੁਰਾਹੇ ਪੈਂਦਾ ਜਾ ਰਿਹਾ ਹੈ।

ਫਿਰ ਸਥਿਤੀਆਂ ਵਿੱਚ ਅਚਾਨਕ ਮੋੜਾ ਪੈਣ ਲੱਗ ਪਿਆ ਅਤੇ ਅਦਾਲਤ ਨੇ ਇਨਸਾਫ ਤੇ ਸਿਧਾਂਤ ਦਾ ਪੱਲਾ ਸਿਰੜ੍ਹ ਨਾਲ ਫੜਨ ਦਾ ਫਰਜ਼ ਨਿਭਾਇਆ ਤੇ ਸਰਕਾਰ ਇੱਕ ਪਿੱਛੋਂ ਦੂਸਰੇ ਕੇਸ ਵਿੱਚ ਕਸੂਤੀ ਫਸੀ ਨਜ਼ਰ ਆਉਣ ਲੱਗ ਪਈ। ਇਹੋ ਜਿਹੀ ਉੱਘੜਵੀਂ ਮਿਸਾਲ ਚੋਣ ਚੰਦਿਆਂ ਵਾਲੇ ਇਲੈਕਟੋਰਲ ਬਾਂਡ ਵਾਲਾ ਮੁੱਦਾ ਬਣ ਗਿਆ। ਭਾਰਤੀ ਸਟੇਟ ਬੈਂਕ ਨੇ ਇਸ ਮਾਮਲੇ ਵਿੱਚ ਸੁਪਰੀਮ ਕੋਰਟ ਨੂੰ ਝਕਾਨੀ ਦੇਣ ਦਾ ਯਤਨ ਕੀਤਾ, ਪਰ ਅਦਾਲਤ ਨੇ ਏਦਾਂ ਦੀ ਲਗਾਮ ਪਾਈ ਕਿ ਬੈਂਕ ਬੇਵੱਸ ਹੋ ਗਿਆ। ਜਿਹੜੇ ਸਟੇਟ ਬੈਂਕ ਨੇ ਕਿਹਾ ਸੀ ਕਿ ਸਾਰੇ ਵੇਰਵੇ ਦੇਣ ਲਈ ਜੂਨ ਤੱਕ ਵਕਤ ਲੱਗੇਗਾ, ਜਦੋਂ ਸੁਪਰੀਮ ਕੋਰਟ ਨੇ ਕਿਹਾ ਕਿ ਚੌਵੀ ਘੰਟੇ ਵਿੱਚ ਸਾਰੇ ਵੇਰਵੇ ਪੇਸ਼ ਕਰਨੇ ਪੈਣਗੇ ਤਾਂ ਉਸ ਨੂੰ ਇਸ ਮਿਆਦ ਦੌਰਾਨ ਉਹ ਵੇਰਵੇ ਦੱਸਣੇ ਵੀ ਪੈ ਗਏ ਅਤੇ ਇਸ ਨਾਲ ਸਾਰਾ ਹੀਜ-ਪਿਆਜ਼ ਬਾਹਰ ਆ ਗਿਆ ਕਿ ਬੈਂਕਾਂ ਰਾਹੀਂ ਲਏ ਜਾਂਦੇ ਇਨ੍ਹਾਂ ਚੋਣ ਚੰਦਿਆਂ ਦਾ ਵਹਿਣ ਸਿਰਫ ਰਾਜ ਕਰਦੀ ਧਿਰ ਵੱਲ ਹੀ ਵਗਦਾ ਸੀ। ਨਾਲ ਇਹ ਹਕੀਕਤ ਲੋਕਾਂ ਮੂਹਰੇ ਆ ਗਈ ਕਿ ਕੇਂਦਰੀ ਜਾਂਚ ਏਜੰਸੀਆਂ ਸਿਰਫ ਉਨ੍ਹਾਂ ਲੋਕਾਂ ਉੱਤੇ ਛਾਪੇ ਮਾਰਦੀਆਂ ਸਨ, ਜਿਹੜੇ ਜਾਂ ਹਾਕਮ ਪਾਰਟੀ ਨੂੰ ਪੈਸਾ ਦੇਣ ਤੋਂ ਪਾਸਾ ਵੱਟਦੇ ਸਨ ਜਾਂ ਵਿਰੋਧੀ ਧਿਰ ਦੀ ਕਿਸੇ ਪਾਰਟੀ ਨੂੰ ਪੈਸਾ ਦੇਣ ਲੱਗੇ ਸਨ। ਇਸ ਨਾਲ ਇਹ ਗੱਲ ਸਾਫ ਹੋ ਗਈ ਕਿ ਕੇਂਦਰ ਦੀਆਂ ਏਜੰਸੀਆਂ ਜਾਂਚ ਦਾ ਕੰਮ ਕਰਨ ਦੀ ਥਾਂ ਕੇਂਦਰ ਦੀ ਸਰਕਾਰ ਚਲਾ ਰਹੀ ਪਾਰਟੀ ਵਾਸਤੇ ਚੋਣ ਚੰਦੇ ਇਕੱਠੇ ਕਰਨ ਵਾਲੇ ਏਜੰਟ ਬਣ ਚੁੱਕੀਆਂ ਹਨ ਅਤੇ ਹੋਰ ਅੱਗੇ ਵਧ ਕੇ ਉਨ੍ਹਾਂ ਦੇ ਦਬਾਅ ਹੇਠ ਵਿਰੋਧੀ ਧਿਰ ਦੇ ਕਿਸੇ ਆਗੂ ਦੇ ਖਿਲਾਫ ਕੇਸ ਬਣਵਾਉਣ ਲਈ ਕਿਸੇ ਵਿਅਕਤੀ ਦੇ ਬਿਆਨ ਦਿਵਾਉਣ ਦਾ ਕੰਮ ਤੱਕ ਕਰਦੀਆਂ ਹਨ। ਭਾਰਤ ਦੀ ਸਭ ਤੋਂ ਵੱਡੀ ਅਦਾਲਤ ਵਿੱਚ ਇਹ ਖਿਲਾਰਾ ਪੈਣ ਨਾਲ ਕੇਂਦਰ ਸਰਕਾਰ ਚਲਾਉਣ ਵਾਲਿਆਂ ਦਾ ਜਲੂਸ ਨਿਕਲ ਗਿਆ।

ਜਿਸ ਦਿਨ ਇਹ ਸਾਰਾ ਖਿਲਾਰਾ ਚੌਰਾਹੇ ਵਿੱਚ ਖਿੱਲਰ ਜਾਣ ਦੀ ਹਾਲਤ ਬਣੀ, ਓਸੇ ਦਿਨ ਅੱਧੀ ਰਾਤ ਤੋਂ ਪਹਿਲਾਂ ਕੇਂਦਰੀ ਏਜੰਸੀਆਂ ਫਿਰ ਸਰਗਰਮ ਹੋਈਆਂ ਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਗ੍ਰਿਫਤਾਰੀ ਦੇ ਨਾਟਕ ਦਾ ਅਗਲਾ ਸੀਨ ਪੇਸ਼ ਕਰ ਦਿੱਤਾ। ਬਹੁਤੇ ਲੋਕਾਂ ਨੂੰ ਸਮਝ ਪੈ ਗਿਆ ਕਿ ਉਸ ਦੀ ਗ੍ਰਿਫਤਾਰੀ ਸਿਰਫ ਸੁਪਰੀਮ ਕੋਰਟ ਦੇ ਤਾਜ਼ਾਂ ਕਦਮਾਂ ਤੇ ਇਨ੍ਹਾਂ ਕਦਮਾਂ ਨਾਲ ਕੇਂਦਰ ਸਰਕਾਰ ਚਲਾ ਰਹੀ ਲੀਡਰਸ਼ਿਪ ਦੀ ਬੇਇੱਜ਼ਤੀ ਹੋਣ ਤੋਂ ਆਮ ਲੋਕਾਂ ਦਾ ਧਿਆਨ ਲਾਂਭੇ ਹਟਾਉਣ ਵਾਸਤੇ ਹੋਈ ਹੈ। ਕੇਜਰੀਵਾਲ ਨੇ ਜਾਂਚ ਏਜੰਸੀ ਦੇ ਰਿਮਾਂਡ ਵੀ ਕੱਟ ਲਏ, ਜੇਲ੍ਹ ਵਿੱਚ ਭੇਜਣ ਦਾ ਹੁਕਮ ਵੀ ਝੱਲਿਆ, ਪਰ ਆਪਣੀ ਜ਼ਮਾਨਤ ਅਰਜ਼ੀ ਨਹੀਂ ਸੀ ਦਿੱਤੀ, ਉਲਟਾ ਕੇਸ ਗਲਤ ਦਰਜ ਕਰਨ ਵਿਰੁੱਧ ਸੁਪਰੀਮ ਕੋਰਟ ਵਿੱਚ ਅਰਜ਼ੀ ਪਾ ਦਿੱਤੀ, ਜਿਸ ਦੀ ਬਹਿਸ ਆਖਰ ਵਿੱਚ ਉਸ ਦੀ ਅੰਤਰਿਮ ਜ਼ਮਾਨਤ ਦਾ ਕਾਰਨ ਬਣੀ ਅਤੇ ਉਹ ਚੋਣ-ਚੱਕਰ ਪੂਰਾ ਹੋਣ ਤੋਂ ਤਿੰਨ ਹਫਤੇ ਪਹਿਲਾਂ ਬਾਹਰ ਆ ਗਿਆ ਹੈ। ਇਸ ਜ਼ਮਾਨਤ ਦਾ ਸਬੱਬ ਅਜੀਬ ਵੀ ਲੱਗਦਾ ਹੈ ਕਿ ਜ਼ਮਾਨਤ ਉਸ ਨੇ ਮੰਗੀ ਨਹੀਂ, ਅਦਾਲਤ ਨੇ ਖੁਦ ਕਿਹਾ ਕਿ ਜ਼ਮਾਨਤ ਦੇਣ ਨਾ ਦੇਣ ਬਾਰੇ ਬਹਿਸ ਕਰਨੀ ਹੈ। ਅਸਲ ਵਿੱਚ ਸੁਪਰੀਮ ਕੋਰਟ ਦੇ ਜੱਜਾਂ ਨੇ ਕੇਜਰੀਵਾਲ ਦੇ ਵਕੀਲ ਨੂੰ ਪੁੱਛਿਆ ਸੀ ਕਿ ਉਹ ਜ਼ਮਾਨਤ ਲੈਣ ਲਈ ਹੇਠਲੀ ਕੋਰਟ ਵਿੱਚ ਕਿਉਂ ਨਹੀਂ ਗਏ ਤੇ ਉਸ ਨੇ ਦੱਸਿਆ ਕਿ ਜ਼ਮਾਨਤ ਅਸੀਂ ਮੰਗਦੇ ਹੀ ਨਹੀਂ, ਗਲਤ ਦਰਜ ਕੀਤਾ ਗਿਆ ਕੇਸ ਰੱਦ ਕਰਾਉਣ ਲਈ ਹੇਠਲੀ ਕੋਰਟ ਗਏ ਸਾਂ, ਓਥੇ ਸੁਣੀ ਨਹੀਂ ਗਈ। ਇਸ ਉੱਤੇ ਸੁਪਰੀਮ ਕੋਰਟ ਨੇ ਖੁਦ ਹੀ ਕਿਹਾ ਕਿ ਇਹ ਸੁਣਵਾਈ ਲੰਮੀ ਚੱਲ ਸਕਦੀ ਹੈ, ਚੋਣਾਂ ਦੇ ਦਿਨ ਹਨ, ਇਸ ਲਈ ਕੇਜਰੀਵਾਲ ਨੂੰ ਅੰਤਰਿਮ ਜ਼ਮਾਨਤ ਦੇਣ ਬਾਰੇ ਬਹਿਸ ਕਰਨ ਦੀ ਲੋੜ ਹੈ। ਬਹਿਸ ਹੋਈ ਤਾਂ ਸਰਕਾਰੀ ਧਿਰ ਨੇ ਕਿਹਾ ਕਿ ਚੋਣ ਦੇ ਹਾਲਾਤ ਵੀ ਹੋਣ ਤਾਂ ਇਸ ਵਿਅਕਤੀ ਦਾ ਜੇਲ੍ਹ ਵਿੱਚ ਰਹਿਣਾ ਜ਼ਰੂਰੀ ਹੈ, ਪਰ ਜੱਜ ਸਾਹਿਬਾਨ ਨੇ ਕਿਹਾ ਕਿ ਏਨਾ ਜ਼ਰੂਰੀ ਸੀ ਤਾਂ ਕੇਸ ਬਣੇ ਨੂੰ ਡੇਢ ਸਾਲ ਲੰਘ ਗਿਆ, ਓਦੋਂ ਗ੍ਰਿਫਤਾਰ ਨਹੀਂ ਕੀਤਾ ਤੇ ਚੋਣਾਂ ਨੇੜੇ ਹੀ ਕਿਉਂ ਕੀਤਾ ਹੈ? ਇਸ ਦੇ ਜਵਾਬ ਵਿੱਚ ਸਰਕਾਰੀ ਧਿਰ ਨੂੰ ਔਖ ਆਉਣ ਲੱਗੀ ਤਾਂ ਇਹ ਮੁੱਦਾ ਬਣਾ ਲਿਆ ਕਿ ਅੱਜ ਚੋਣਾਂ ਦੀ ਗੱਲ ਹੈ, ਭਲਕੇ ਕੋਈ ਫਸਲ ਕੱਟਣ ਲਈ ਏਦਾਂ ਜ਼ਮਾਨਤ ਮੰਗੇਗਾ। ਅਦਾਲਤ ਨੇ ਕਿਹਾ ਕਿ ਫਸਲ ਇੱਕੋ ਸਾਲ ਦੌਰਾਨ ਦੋ-ਤਿੰਨ ਵਾਰ ਕੱਟੀ ਜਾਂਦੀ ਹੈ ਤੇ ਚੋਣ ਪੰਜ ਸਾਲਾਂ ਪਿੱਛੋਂ ਆਉਂਦੀ ਹੈ, ਇਸ ਦਾ ਉਸ ਨਾਲ ਮੇਲ ਨਹੀਂ ਬਣਦਾ ਅਤੇ ਫਿਰ ਜ਼ਮਾਨਤ ਹੋ ਗਈ। ਕੇਂਦਰ ਸਰਕਾਰ ਦੀ ਅਗਵਾਈ ਕਰਨ ਵਾਲਿਆਂ ਲਈ ਇਹ ਵੀ ਇੱਕ ਅਦਾਲਤੀ ਝਟਕਾ ਸੀ, ਜਿਸ ਦਾ ਅਸਰ ਅਗਲੇ ਦਿਨੀਂ ਚੋਣ ਪ੍ਰਚਾਰ ਉੱਤੇ ਪੈ ਸਕਦਾ ਹੈ।

ਦੂਸਰੇ ਪਾਸੇ ਹਾਲਾਤ ਦੇ ਦਬਾਅ ਤੋਂ ਬਣੇ ਤਨਾਅ ਜਾਂ ਕਿਸੇ ਹੋਰ ਕਾਰਨ ਖੁਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਏਦਾਂ ਦੇ ਭਾਸ਼ਣ ਕਰਨ ਲੱਗ ਪਏ, ਜਿਹੜੇ ਏਡੇ ਉੱਚੇ ਅਹੁਦੇ ਵਾਲੇ ਆਗੂ ਦੇ ਮੂੰਹੋਂ ਸ਼ੋਭਦੇ ਨਹੀਂ। ਪਹਿਲਾਂ ਕੁਝ ਭਾਸ਼ਣਾਂ ਵਿੱਚ ਹਿੰਦੂ-ਮੁਸਲਮਾਨ ਵਾਲੇ ਪੁਰਾਣੇ ਨੁਸਖੇ ਦੀ ਡੁਗਡੁਗੀ ਵਜਾਉਂਦੇ ਰਹੇ ਤੇ ਫਿਰ ਇਹ ਕਹਿਣ ਲੱਗ ਪਏ ਕਿ ਕਾਂਗਰਸ ਜਿੱਤ ਗਈ ਤਾਂ ਤੁਹਾਡੀਆਂ ਧੀਆਂ-ਭੈਣਾਂ ਦੇ ਮੰਗਲ-ਸੂਤਰ ਸਮੇਤ ਤੁਹਾਡੇ ਘਰਾਂ ਵਿੱਚ ਪਿਆ ਸਾਰਾ ਸੋਨਾ ਖੋਹ ਕੇ ਖਜ਼ਾਨੇ ਵਿੱਚ ਜਮਾਂ ਕਰਵਾ ਦੇਵੇਗੀ। ਉਸ ਪਿੱਛੋਂ ਇਹੋ ਜਿਹਾ ਹਾਸੋਹੀਣਾ ਬਿਆਨ ਛੱਡ ਦਿੱਤਾ ਕਿ ਕਾਂਗਰਸ ਜਿੱਤ ਗਈ ਤਾਂ ਤੁਹਾਡੇ ਪਸ਼ੂ ਖੋਹ ਲਵੇਗੀ ਤੇ ਜੇ ਤੁਹਾਡੇ ਘਰ ਦੋ ਮੱਝਾਂ ਹੋਈਆਂ ਤਾਂ ਇੱਕ ਖੋਹ ਕੇ ਲੈ ਜਾਵੇਗੀ। ਇਨ੍ਹਾਂ ਗੱਲਾਂ ਕਾਰਨ ਦੇਸ਼ ਵਿੱਚ ਪ੍ਰਧਾਨ ਮੰਤਰੀ ਦਾ ਮਜ਼ਾਕ ਉਡਾਇਆ ਜਾਣ ਲੱਗਾ ਤਾਂ ਵਧਦੇ ਤਨਾਅ ਹੇਠ ਇਹ ਕਹਿ ਦਿੱਤਾ ਕਿ 'ਸ਼ਹਿਜ਼ਾਦਾ (ਇਹ ਸ਼ਬਦ ਉਹ ਰਾਹੁਲ ਗਾਂਧੀ ਲਈ ਵਰਤਦੇ ਹਨ) ਪਿਛਲੇ ਪੰਜ ਸਾਲ ਅੰਬਾਨੀ-ਅਡਾਨੀ ਦੇ ਖਿਲਾਫ ਲਗਾਤਾਰ ਬੋਲਦਾ ਰਿਹਾ ਅਤੇ ਚੋਣਾਂ ਵਿੱਚ ਅਚਾਨਕ ਉਨ੍ਹਾਂ ਖਿਲਾਫ ਬੋਲਣਾ ਛੱਡ ਦਿੱਤਾ ਹੈ, ਕੀ ਉਸ ਨੂੰ ਉਨ੍ਹਾਂ ਦੋਵਾਂ ਨੇ ਭ੍ਰਿਸ਼ਟਾਚਾਰ ਦੀ ਕਾਲੀ ਕਮਾਈ ਵਿੱਚੋਂ ਮਾਲ ਭੇਜਿਆ ਹੈ, ਕੀ ਉਸ ਨੂੰ ਟੈਂਪੂਆਂ ਵਿੱਚ ਕਾਲੀ ਕਮਾਈ ਦਾ ਮਾਲ ਭੇਜਿਆ ਗਿਆ ਹੈ?' ਇਸ ਭਾਸ਼ਣ ਨੇ ਭਾਰਤ ਦੇ ਚੋਣ ਮੈਦਾਨ ਵਿੱਚ ਹੀ ਨਹੀਂ, ਪੂੰਜੀ ਬਾਜ਼ਾਰ ਵਿੱਚ ਵੀ ਸੁੰਨ ਵਰਤਾ ਦਿੱਤੀ। ਭਾਰਤ ਦੇਸ਼ ਦੀ ਮੁੱਖ ਧਾਰਾ ਦਾ ਕਿਹਾ ਜਾਂਦਾ ਸਰਕਾਰ-ਪੱਖੀ ਮੀਡੀਆ ਵੀ ਇਸ ਝਟਕੇ ਪਿੱਛੋਂ ਸਰਕਾਰ ਦਾ ਪੱਖ ਪੂਰਨ ਦੀ ਹਿੰਮਤ ਨਹੀਂ ਸੀ ਕਰ ਸਕਿਆ ਤੇ ਨਰਮੀ ਦੀ ਸੁਰ ਨਾਲ ਹੀ ਸਹੀ, ਉਨ੍ਹਾਂ ਚੈਨਲਾਂ ਅਤੇ ਅਖਬਾਰਾਂ ਵਿੱਚ ਏਦਾਂ ਦੀ ਬਿਆਨਬਾਜ਼ੀ ਦੀ ਕਿਤੇ ਸਖਤ ਅਤੇ ਕਿਧਰੇ ਤੇਜ਼ ਨੁਕਤਾਚੀਨੀ ਕੀਤੀ ਜਾਣ ਲੱਗ ਪਈ ਤੇ ਭਾਜਪਾ ਦੇ ਬੁਲਾਰੇ ਵੀ ਮੋਦੀ ਦੇ ਬਿਆਨ ਦੀ ਸਫਾਈ ਨਾ ਦੇ ਸਕੇ।

ਰਾਜਸੀ ਮਾਹਰਾਂ ਦੇ ਮੁਤਾਬਕ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਇਹ ਕਦਮ ਕਿਸੇ ਖਿਡਾਰੀ ਵੱਲੋਂ 'ਸੈੱਲਫ ਗੋਲ' ਕਰ ਬੈਠਣ ਦੀ ਭੁੱਲ ਸੀ। ਉਸ ਦੇ ਇੱਕੋ ਬਿਆਨ ਨੇ ਕਈ ਅਰਥ ਪੇਸ਼ ਕਰ ਦਿੱਤੇ ਸਨ। ਪਹਿਲਾ ਇਹ ਕਿ ਜਿਹੜੇ ਦੋ ਵੱਡੇ ਪੂੰਜੀਪਤੀਆਂ ਨਾਲ ਅੱਜ ਤੱਕ ਖੁਦ ਪ੍ਰਧਾਨ ਮੰਤਰੀ ਦਾ ਨਾਂਅ ਜੁੜਦਾ ਸੀ, ਉਨ੍ਹਾਂ ਉੱਤੇ ਇਹ ਸਾਫ ਦੋਸ਼ ਲਾ ਦਿੱਤਾ ਕਿ ਉਹ ਭ੍ਰਿਸ਼ਟਾਚਾਰ ਦੀ ਕਾਲੀ ਕਮਾਈ ਕਰਦੇ ਅਤੇ ਸਿਆਸੀ ਪਾਰਟੀਆਂ ਨੂੰ ਟੈਂਪੂਆਂ ਵਿੱਚ ਭੇਜਦੇ ਹਨ। ਦੂਸਰਾ ਅਰਥ ਲੋਕਾਂ ਦੀ ਸਮਝ ਵਿੱਚ ਇਹ ਪੈ ਗਿਆ ਕਿ ਉਹੀ ਪੂੰਜੀਪਤੀ ਘਰਾਣੇ ਪਹਿਲਾਂ ਭਾਜਪਾ ਵਾਸਤੇ ਹਜ਼ਾਰਾਂ ਕਰੋੜ ਰੁਪਏ ਦੇਂਦੇ ਸਨ ਅਤੇ ਜਦੋਂ ਉਨ੍ਹਾਂ ਨੇ ਕਿਸੇ ਹੋਰ ਧਿਰ ਲਈ ਕੁਝ ਭੇਜਿਆ ਹੈ ਤਾਂ ਪ੍ਰਧਾਨ ਮੰਤਰੀ ਕੋਲੋਂ ਜਰਿਆ ਨਹੀਂ ਗਿਆ। ਇਸ ਨਾਲ ਜੁੜਦਾ ਤੀਸਰਾ ਪ੍ਰਭਾਵ ਭਾਰਤੀ ਲੋਕਾਂ ਵਿੱਚ ਇਹ ਗਿਆ ਕਿ ਵੱਡੇ ਪੂੰਜੀਪਤੀ ਘਰਾਣੇ ਵੀ ਪ੍ਰਧਾਨ ਮੰਤਰੀ ਤੇ ਉਸ ਦੀ ਪਾਰਟੀ ਦੀ ਥਾਂ ਕਿਸੇ ਹੋਰ ਨੂੰ ਉੱਭਰਦਾ ਵੇਖ ਕੇ ਉਸ ਵੱਲ ਝੁਕ ਰਹੇ ਹਨ। ਕਿਉਂਕਿ ਪੂੰਜੀਪਤੀਆਂ ਨੂੰ ਚੋਣਾਂ ਦੇ ਦਿਨਾਂ ਵਿੱਚ ਹੋਰ ਸਭ ਲੋਕਾਂ ਤੋਂ ਪਹਿਲਾਂ ਦੇਸ਼ ਦੀ ਜਨਤਾ ਮੂਡ ਪਛਾਨਣ ਅਤੇ ਉਸ ਮੁਤਾਬਕ ਅਗਲੇ ਹਾਕਮ ਦਾ ਚਿਹਰਾ ਪਛਾਣ ਕੇ ਉਸ ਨਾਲ ਨੇੜਤਾ ਬਣਾਉਣ

ਵਾਲੇ ਮੰਨਿਆ ਜਾਂਦਾ ਹੈ, ਇਸ ਲਈ ਇਸ ਵਾਰ ਜਦੋਂ ਇਹ ਗੱਲ ਚੱਲੀ ਕਿ ਭਾਜਪਾ ਤੇ ਨਰਿੰਦਰ ਮੋਦੀ ਦੀ ਥਾਂ ਇਹ ਪੂੰਜੀਪਤੀ ਕਿਸੇ ਹੋਰ ਵੱਲ ਝੁਕ ਰਹੇ ਹਨ ਤਾਂ ਚੋਣ ਮੁਹਿੰਮ ਉੱਤੇ ਵੀ ਪ੍ਰਭਾਵ ਪੈਣਾ ਸੀ। ਇਸ ਦੇ ਨਾਲ ਦੇਸ਼ ਦੇ ਪ੍ਰਧਾਨ ਮੰਤਰੀ ਦੇ ਇਸ ਭਾਸ਼ਣ ਦਾ ਅਸਰ ਬਾਕੀ ਪੂੰਜੀਪਤੀਆਂ ਉੱਤੇ ਇਹ ਵੀ ਪਿਆ ਹੋਵੇਗਾ ਕਿ ਜੇ ਇਹ ਉਨ੍ਹਾਂ ਵੱਡੇ ਅਤੇ ਆਪਣੇ ਖਾਸ ਚਹੇਤੇ ਗਿਣੇ ਜਾਂਦੇ ਦੋ ਅਰਬਪਤੀਆਂ ਨੂੰ ਬਾਕਾਇਦਾ ਨਾਂਅ ਲੈ ਕੇ ਜਨਤਕ ਪੱਧਰ ਉੱਤੇ ਜ਼ਲੀਲ ਕਰਨ ਤੱਕ ਜਾ ਸਕਦਾ ਹੈ ਤਾਂ ਇਹ ਕਿਸੇ ਦਾ ਵੀ ਸਕਾ ਨਹੀਂ ਹੋਣਾ। ਅੱਗੋਂ ਰਾਹੁਲ ਗਾਂਧੀ ਨੇ ਨਰਿੰਦਰ ਮੋਦੀ ਦੇ ਇਸ ਬਿਆਨ ਦੇ ਜਵਾਬ ਵਿੱਚ ਇੱਕ ਵੀਡੀਉ ਕਲਿੱਪ ਲੋਕਾਂ ਲਈ ਜਾਰੀ ਕਰ ਦਿੱਤੀ ਕਿ ਸਾਨੂੰ ਤਾਂ ਇਹ ਪਤਾ ਹੀ ਨਹੀਂ, ਪ੍ਰਧਾਨ ਮੰਤਰੀ ਦੇ ਭਾਸ਼ਣ ਤੋਂ ਪਤਾ ਲੱਗਾ ਹੈ ਕਿ ਕਾਲੀ ਕਮਾਈ ਦਾ ਪੈਸਾ ਟੈਂਪੂਆਂ ਵਿੱਚ ਭੇਜਿਆ ਜਾਂਦਾ ਹੈ, ਇਸ ਤੋਂ ਲੱਗਦਾ ਹੈ ਕਿ ਪ੍ਰਧਾਨ ਮੰਤਰੀ ਦਾ ਇਸ ਬਾਰੇ ਆਪਣਾ ਨਿੱਜੀ ਤਜਰਬਾ ਬੋਲਦਾ ਹੋਵੇਗਾ। ਕੁੱਲ ਮਿਲਾ ਕੇ ਪ੍ਰਧਾਨ ਮੰਤਰੀ ਦਾ ਇਹ ਇੱਕੋ ਭਾਸ਼ਣ ਉਸ ਦਾ ਅਕਸ ਏਨਾ ਪ੍ਰਭਾਵਤ ਕਰ ਗਿਆ, ਜਿੰਨਾ ਸਾਰੀ ਵਿਰੋਧੀ ਧਿਰ ਨਹੀਂ ਸੀ ਕਰ ਸਕਦੀ।

ਚਲੰਤ ਚੋਣ ਮੁਹਿੰਮ ਦੇ ਸੱਤ ਗੇੜ ਮਿਥੇ ਗਏ ਸਨ ਤੇ ਪਹਿਲੇ ਦੋ ਗੇੜ ਮੁੱਕਣ ਤੱਕ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਉਸ ਦਾ ਗੱਠਜੋੜ ਵੀ ਅਤੇ ਉਸ ਦੇ ਦਾਬੇ ਹੇਠ ਚੱਲਦੇ ਮੀਡੀਆ ਚੈਨਲ ਵੀ ਵਿਰੋਧੀ ਧਿਰਾਂ ਬਾਰੇ ਕੌੜੀ ਸੁਰ ਵਿੱਚ ਆਲੋਚਨਾ ਕਰਨ ਰੁੱਝੇ ਦਿੱਸਦੇ ਸਨ, ਤੀਜਾ ਗੇੜ ਲੰਘਣ ਤੱਕ ਉਹ ਗੱਲ ਨਹੀਂ ਰਹੀ। ਸਰਕਾਰ ਦੇ ਪੱਖ ਵਿੱਚ ਰਾਤ-ਦਿਨ ਕੂਕਣ ਵਾਲੇ ਕੁਝ ਚੈਨਲਾਂ ਨੇ ਆਪਣੇ ਰਾਜਸੀ ਪ੍ਰੋਗਰਾਮਾਂ ਦੇ ਕੁਝ ਵੱਡੇ ਸਰਕਾਰ-ਭਗਤ ਪੇਸ਼ਕਾਰਾਂ ਨੂੰ ਟੀਮ ਵਿੱਚੋਂ ਖੁੰਜੇ ਧੱਕ ਦਿੱਤਾ ਦੱਸਿਆ ਜਾਂਦਾ ਹੈ। ਦੂਸਰੇ ਪਾਸੇ ਸਰਕਾਰ ਪੱਖੀ ਕੰਪਨੀਆਂ ਤੇ ਉਨ੍ਹਾਂ ਦੇ ਮਾਲਕਾਂ ਦੀ ਹਰ ਮਾਮਲੇ ਵਿੱਚ ਹਨੇਰਗਰਦੀ ਵਿਰੁੱਧ ਅਦਾਲਤਾਂ ਨੇ ਸ਼ਿਕੰਜਾ ਕੱਸਿਆ ਹੈ। ਇਸ ਤਰ੍ਹਾਂ ਦੀ ਸਭ ਤੋਂ ਵੱਡੀ ਮਿਸਾਲ ਰਾਮਦੇਵ ਯੋਗੀ ਦੇ ਪ੍ਰਛਾਵੇਂ ਹੇਠ ਚੱਲਦੀ ਪਾਤੰਜਲੀ ਪੀਠ ਦਾ ਕੇਸ ਹੈ। ਉਹ ਕੰਪਨੀ ਇਸ ਦੇਸ਼ ਨੂੰ ਆਪਣੀ 'ਚਾਰੇ ਚੱਕ ਜਗੀਰ' ਸਮਝਦੀ ਤੇ ਬਹੁਤ ਸਾਰੇ ਗਲਤ ਕੰਮ ਕਰਦੀ ਸੀ, ਪਰ ਕੋਈ ਰੋਕਦਾ ਨਹੀਂ ਸੀ। ਫਿਰ ਕੇਸ ਸੁਪਰੀਮ ਕੋਰਟ ਵਿੱਚ ਗਿਆ ਤਾਂ ਰਾਮਦੇਵ ਨੇ ਪੇਸ਼ ਹੋਣ ਦੀ ਥਾਂ ਬਹਾਨੇ ਨਾਲ ਟਾਲਿਆ ਤੇ ਬਾਹਰ ਏਦਾਂ ਦੀਆਂ ਟਿਪਣੀਆਂ ਕਰ ਕੇ ਅਦਾਲਤੀ ਕਾਰਵਾਈ ਦਾ ਮਜ਼ਾਕ ਉਡਾਇਆ, ਜਿਵੇਂ ਉਹ ਹਰ ਕਿਸੇ ਨੂੰ ਟਿੱਚ ਜਾਣਦਾ ਹੈ। ਜਦੋਂ ਅਦਾਲਤ ਨੇ ਸਖਤੀ ਕਰਨ ਦਾ ਰਾਹ ਫੜਿਆ ਤਾਂ ਰਾਮਦੇਵ ਦੇ ਪੈਰ ਉੱਖੜ ਗਏ, ਅਦਾਲਤ ਵਿੱਚ ਉਸ ਨੇ ਮੁੜ-ਮੁੜ ਮੁਆਫੀਆਂ ਮੰਗੀਆਂ, ਅਦਾਲਤ ਦੇ ਹੁਕਮ ਉੱਤੇ ਮੀਡੀਏ ਵਿੱਚ ਇਹ ਮੰਨਦੇ ਇਸ਼ਤਿਹਾਰ ਛਪਵਾਏ ਕਿ ਉਸ ਨੇ ਲੋਕਾਂ ਨੂੰ ਗੁੰਮਰਾਹ ਕੀਤਾ ਸੀ ਤੇ ਇਸ ਪਾਪ ਲਈ ਉਹ ਮੁਆਫੀ ਮੰਗਦਾ ਹੈ। ਸੁਪਰੀਮ ਕੋਰਟ ਨੇ ਇਸ ਮਾਮਲੇ ਵਿੱਚ ਵੀ ਭਾਜਪਾ ਦੀਆਂ ਕੇਂਦਰ ਅਤੇ ਉੱਤਰਾ ਖੰਡ ਦਾ ਰਾਜ ਪ੍ਰਬੰਧ ਚਲਾ ਰਹੀਆਂ ਸਰਕਾਰਾਂ ਨੂੰ ਤਕੜਾ ਹਲੂਣਾ ਦਿੱਤਾ। ਪਹਿਲਾਂ ਉੱਤਰਾਖੰਡ ਸਰਕਾਰ ਤੋਂ ਰਾਮਦੇਵ ਦੀ ਓਸੇ ਪਤੰਜਲੀ ਕੰਪਨੀ ਦੀਆਂ ਕੁਝ ਦਵਾਈਆਂ ਦੇ ਲਾਇਸੈਂਸ ਰੱਦ ਕਰਵਾਏ ਤੇ ਫਿਰ ਕੇਂਦਰ ਸਰਕਾਰ ਦੇ ਦਵਾਈਆਂ ਦਾ ਕੰਮ ਵੇਖਦੇ ਵਿਭਾਗ ਦੀਆਂ ਤੜਾਵਾਂ ਖਿੱਚ ਦਿੱਤੀਆਂ। ਪਿਛਲੇ ਸਾਲ ਜਦੋਂ ਰਾਮਦੇਵ ਦੀਆਂ ਕੰਪਨੀਆਂ ਵਿਰੁੱਧ ਅਦਾਲਤੀ ਕੇਸ ਚੱਲਣਾ ਸ਼ੁਰੂ ਹੋਇਆ ਸੀ, ਓਦੋਂ ਭਾਰਤ ਦੇ ਇਸ ਕੇਂਦਰੀ ਵਿਭਾਗ ਨੇ ਰਾਜ ਸਰਕਾਰਾਂ ਨੂੰ ਹਦਾਇਤ ਭੇਜੀ ਸੀ ਕਿ ਯੋਗਾ ਅਤੇ ਇਹੋ ਜਿਹੇ ਹੋਰ ਕੇਸਾਂ ਵਿਰੁੱਧ ਕਾਰਵਾਈ ਕਰਨ ਦੀ ਲੋੜ ਨਹੀਂ। ਸੁਪਰੀਮ ਕੋਰਟ ਨੇ ਉੱਤਰਾ ਖੰਡ ਸਰਕਾਰ ਪਿੱਛੋਂ ਕੇਂਦਰ ਦੇ ਸੰਬੰਧਤ ਵਿਭਾਗ ਦੀ ਇਸ ਕਾਰਵਾਈ ਦੀ ਨੁਕਤਾਚੀਨੀ ਕੀਤੀ ਤੇ ਦੱਸ ਦਿੱਤਾ ਕਿ ਇਹ ਵਿਹਾਰ ਦੋਸ਼ੀ ਨੂੰ ਬਚਾਉਣ ਜਾਂ ਬਚਣ ਦਾ ਰਾਹ ਦੇਣ ਵਰਗਾ ਹੈ। ਚੋਣਾਂ ਦੇ ਦਿਨਾਂ ਵਿੱਚ ਭਾਰਤ ਦੀ ਸਭ ਤੋਂ ਵੱਡੀ ਅਦਾਲਤ ਸੁਪਰੀਮ ਕੋਰਟ ਦਾ ਇਸ ਕੇਸ ਵਿੱਚ ਏਹੋ ਜਿਹਾ ਰੁਖ ਵੀ ਕੇਂਦਰ ਸਰਕਾਰ ਅਤੇ ਪ੍ਰਧਾਨ ਮੰਤਰੀ ਮੋਦੀ ਲਈ ਕੁਨੀਨ ਦੀ ਕੌੜੀ ਗੋਲੀ ਚੱਬਣ ਵਰਗਾ ਲੱਗਦਾ ਹੋਵੇਗਾ।

ਕੁੱਲ ਮਿਲਾ ਕੇ ਭਾਰਤੀ ਪਾਰਲੀਮੈਂਟ ਦੇ ਹੇਠਲੇ ਹਾਊਸ, ਲੋਕ ਸਭਾ ਦੀ ਚੋਣ ਮੁਹਿੰਮ ਦੇ ਤਿੰਨ ਗੇੜ ਲੰਘਣ ਤੀਕਰ ਦੇਸ਼ ਦਾ ਮਾਹੌਲ ਪਹਿਲਾਂ ਵਾਲਾ ਨਹੀਂ ਜਾਪਦਾ। ਬਦਲਦੇ ਮਾਹੌਲ ਦੇ ਸੰਕੇਤ ਕੇਂਦਰ ਵਿੱਚ ਰਾਜ ਕਰਦੀ ਧਿਰ ਤੇ ਉਸ ਨਾਲ ਜੁੜੇ ਹੋਏ ਗੱਠਜੋੜ ਦੇ ਖਿਲਾਫ ਹਵਾ ਚੱਲਣ ਦੇ ਸੰਕੇਤ ਦੇਣ ਲੱਗ ਪਏ ਹਨ। ਏਦਾਂ ਦਾ ਮਾਹੌਲ ਪੈਦਾ ਕਰਨ ਲਈ ਵਿਰੋਧੀ ਧਿਰ ਨੇ ਓਨਾ ਕੰਮ ਨਹੀਂ ਕੀਤਾ, ਜਿੰਨਾ ਤਨਾਅ ਹੇਠ ਪ੍ਰਧਾਨ ਮੰਤਰੀ ਵੱਲੋਂ ਕੀਤੇ ਭਾਸ਼ਣ ਨਾਲ ਬਣਨ ਦੀ ਗੱਲ ਹਰ ਪਾਸੇ ਹੁੰਦੀ ਪਈ ਹੈ। ਫਿਰ ਵੀ ਇਹ ਕਹਿ ਦੇਣਾ ਅਜੇ ਤੱਕ ਵਕਤ ਤੋਂ ਪਹਿਲਾਂ ਦੀ ਗੱਲ ਹੈ ਕਿ ਭਾਜਪਾ ਤੇ ਇਸ ਨਾਲ ਜੁੜਿਆ ਗੱਠਜੋੜ ਐਤਕੀਂ ਸੱਤਾ ਤੱਕ ਪੁੱਜ ਨਹੀਂ ਸਕੇਗਾ। ਲੜਾਈ ਏਦਾਂ ਦੀ ਹੈ ਕਿ ਕੁਝ ਵੀ ਹੋ ਸਕਦਾ ਹੈ। ਜਿਸ ਤਰ੍ਹਾਂ ਦੀ ਸਖਤ ਲੜਾਈ ਇਸ ਵਾਰ ਬਣ ਗਈ ਹੈ, ਬੜੇ ਸਾਲਾਂ ਬਾਅਦ ਏਹੋ ਜਿਹਾ ਮਾਹੌਲ ਵੇਖਿਆ ਹੈ ਅਤੇ ਇਸ ਮਾਹੌਲ ਵਿੱਚ ਜੇ ਕੋਈ ਆਗੂ ਬਾਹਲਾ ਅਵਾਜ਼ਾਰ ਨਜ਼ਰ ਆਉਂਦਾ ਹੈ ਤਾਂ ਭਲਾ ਕੌਣ ਹੋ ਸਕਦਾ ਹੈ, ਕਹਿਣ ਦੀ ਲੋੜ ਨਹੀਂ।



ਜਤਿੰਦਰ ਪਨੂੰ

ARES REALTY
Residential | Commercial | Investment

Thinking
Of Selling Or
Buying A Home ?



ਘਰ ਜਾਂ Business ਵੇਚਣਾ ਜਾਂ ਖਰੀਦਣਾ ਹੋਵੇ

Residential | Commercial | Industrial | Raw land

ਜਿਵੇਂ :Farm House ,Liquor Stores ,Gas Stations
ਹਰ ਤਰ੍ਹਾਂ ਦੇ Apartments, Buildings Car Wash,
Truck Wash ਜਾਂ Gas Pumps ਵਰਗੀਆਂ ਪ੍ਰੋਪਰਟੀਜ਼

ਖਰੀਦਣ ਜਾਂ ਵੇਚਣ ਦੇ ਚਾਹਵਾਨ ਇੱਕ ਵਾਰ ਸਾਨੂੰ ਮਿਲੋ - ARES REALTY

Broker | Realtor | Mortgage Loan Originator : Tony Singh : (916) 519-7009 License ID: 01901843

REALTOR

| Jassi Avtar : | Alex Singh : | Rupinder Dhaliwal ( Ruby ): | Amarbir Takhar : | Harpreet Singh : | Roseleen Kumar : |
|---|---|---|---|---|---|
| (916) 335-3760 | (916) 582-4394 | (916) 764-2859 | (209) 277-9200 | (510) 589-8409 | (916)802-4833 |
| License ID: 02192444 | License ID: 02191925 | License ID: 01461487 | License ID: 02225690 | License ID: 02194943 | License ID: 02028063 |

OFFICE MANAGER | MARKETING DIRECTOR Sadie EL Ibrahimi : (916)-829-4200 | E-FAX : (916) 367-6756

TRS Constructions

ਘਰ ਵੇਚਣਾ ਹੋਵੇ, ਖ਼ਰੀਦਣਾ ਹੋਵੇ ਜਾਂ ਹੋਣ ਵਾਲੀ ਹੈ ਤੁਹਾਡੇ ਘਰ ਦੀ ਮੁਰੰਮਤ

ਅਸੀਂ ਘਰ ਦੀ ਸਾਰੀ Repair ਤੇ
Re -Modelling ਕਰਦੇ ਹਾਂ

Without Any Money Out
Of Your Pocket

ਤੁਸੀਂ ਇੱਕ ਵੀ ਪੈਸਾ ਨਹੀਂ ਦਿਓਗੇ TRS Constructions ਨੂੰ ਤੁਹਾਡੀ Sale ਦੇ ਵਿੱਚੋਂ Pay ਹੋ ਜਾਣਗੇ

ਵਧੇਰੇ ਜਾਣਕਾਰੀ ਜਾਂ ਕਿਸੇ ਵੀ ਤਰ੍ਹਾਂ ਦੀ Quiry ਲਈ ਕਾਲ : Tony Singh : (916) 519-7009 Loan Contractor
License ID: 01901843


SAN MARCO TEEYAN BAY POINT
PROUDLY PRESENTS ( NONPROFIT)
7TH ANNUAL WOMENS FESTIWAL
FETURING : GIDHA, DANCE, SKITS, SONGS, LIVE DJ AND MUCH MORE
San marco Teeyan
SINGER
JASPINDER RAINA
HOST
JOT RANJIT
ON SUNDAY JULY 14TH 2024
@MEHRAN BANQUET HALL 12 PM TO 6 PM
3841 RAILROAD AVE, PITTSBURG, CA 94565
REFFEL DRAWING FOR GOLD ITEM
AND MORE PRIZES
PHOTO & VIDEOGRAPHY BY
PAL FILMS
Free Entry
Free Parking
GRAND SPONSOR
CHINNA JEWELERS
FOR MORE INFO & PARTICIPATION CALL
SONIA WALIA
925-565-6058
PARAMJIT NOKWAL
925-323-2523
HARPREET SUTTI
925-465-3414


aap
AAM AADMI PARTY
VOTE
&
SUPPORT
ਆਪ
ਆਮ ਆਦਮੀ ਪਾਰਟੀ
ਆਮ ਆਦਮੀ ਪਾਰਟੀ
ਫਿਰੋਜ਼ਪੁਰ
ਜਗਦੀਪ ਸਿੰਘ ਕਾਕਾ ਬਰਾੜ
ਗੁਰਦਾਸਪੁਰ
ਅਮਨ ਸ਼ੇਰ ਕਲਸੀ (ਸ਼ੈਰੀ ਕਲਸੀ)
ਜਲੰਧਰ SC
ਪਵਨ ਕੁਮਾਰ ਟੀਨੂੰ
ਲੁਧਿਆਣਾ
ਅਸ਼ੋਕ ਪਰਾਸ਼ਰ ਪੱਪੀ
ਆਨੰਦਪੁਰ ਸਾਹਿਬ
ਮਾਲਵਿੰਦਰ ਸਿੰਘ ਕੰਗ
ਹੁਸ਼ਿਆਰਪੁਰ
ਡਾ.ਰਾਜਕੁਮਾਰ ਚੱਬੇਵਾਲ
ਅੰਮ੍ਰਿਤਸਰ
ਕੁਲਦੀਪ ਧਾਲੀਵਾਲ
ਖਡੂਰ ਸਾਹਿਬ
ਲਾਲਜੀਤ ਭੁੱਲਰ
ਫਤਿਹਗੜ੍ਹ ਸਾਹਿਬ
ਗੁਰਪ੍ਰੀਤ ਸਿੰਘ ਜੀ.ਪੀ.
ਫਰੀਦਕੋਟ
ਕਰਮਜੀਤ ਅਨਮੋਲ
ਬਠਿੰਡਾ
ਗੁਰਮੀਤ ਸਿੰਘ ਖੁੱਡੀਆਂ
ਸੰਗਰੂਰ
ਗੁਰਮੀਤ ਸਿੰਘ ਮੀਤ ਹੇਅਰ
ਪਟਿਆਲਾ
ਡਾ. ਬਲਬੀਰ ਸਿੰਘ
ਜਾਰੀ ਕਰਤਾ
GULINDER GILL

# ਬਾਬਾ ਬਕਾਲਾ ਸਾਹਿਬ ਵਿਖੇ ਲੱਗੀ ਨੈਸ਼ਨਲ ਲੋਕ ਅਦਾਲਤ 'ਚ ਹੋਇਆ 41 ਕੇਸਾਂ ਦਾ ਨਿਪਟਾਰਾ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਚੰਡੀਗੜ੍ਹ ਜੀਆਂ ਦੀਆਂ ਹਦਾਇਤਾਂ ਅਨੁਸਾਰ ਸ੍ਰੀ ਅਮਰਿੰਦਰ ਸਿੰਘ ਗਰੇਵਾਲ, ਜਿਲ੍ਹਾ ਅਤੇ ਸੈਸ਼ਨਜ-ਕਮ-ਚੇਅਰਮੈਨ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਦੀ ਰਹਿਨੁਮਾਈ ਹੇਠ ਅਤੇ ਸ਼੍ਰੀ ਰਸ਼ਪਾਲ ਸਿੰਘ, ਸਿਵਲ ਜੱਜ-ਸਹਿਤ-ਸਕੱਤਰ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਜੀ ਦੇ ਯਤਨਾ ਸਦਕਾ ਅੱਜ ਨੈਸ਼ਨਲ ਲੋਕ ਅਦਾਲਤ ਦੇ ਦੋ ਬੈਂਚ ਕੋਰਟ ਕੰਪਲੈਕਸ ਬਾਬਾ ਬਕਾਲਾ ਸਾਹਿਬ ਵਿਖੇ ਲਗਾਏ ਗਏ। ਇਸ ਨੈਸ਼ਨਲ ਲੋਕ ਅਦਾਲਤ ਵਿੱਚ ਚੈਕ, ਬੈਂਕਾਂ, ਜਮੀਨੀ ਵਿਵਾਦਾਂ, ਘਰੇਲੂ ਝਗੜੀਆਂ ਅਤੇ ਹੋਰ ਤਕਰੀਬਨ ਸਾਰੇ ਕਿਸਮਾਂ ਦੇ ਕੇਸਾਂ ਦਾ ਨਿਪਟਾਰਾ ਕੀਤਾ ਗਿਆ। ਮਾਣਯੋਗ ਸ੍ਰ: ਅਮਰਦੀਪ ਸਿੰਘ ਬੈਂਸ ਸਬ ਡਵੀਜਨਲ ਜੁਡੀਸ਼ੀਅਲ ਮੈਜਿਸਟਰੇਟ ਜੀ ਦੀ ਅਦਾਲਤ ਵਿੱਚ ਕੁੱਲ 42 ਕੇਸ ਰੱਖੇ ਗਏ ਜਿੰਨਾ ਵਿੱਚੋ 29 ਕੇਸਾ ਦਾ ਨਿਪਟਾਰਾ ਕੀਤਾ ਗਿਆ ਅਤੇ 2129130 ਰੁਪਏ ਦੇ ਅਵਾਰਡ ਪਾਸ ਕੀਤੇ ਗਏ। ਇਸੇ ਤਰਾ ਸ੍ਰ: ਬਿਕਰਮਦੀਪ ਸਿੰਘ ਜੁਡੀਸ਼ੀਅਲ ਮੈਜਿਸਟ੍ਰੇਟ ਜੀ ਦੀ ਅਦਾਲਤ ਵਿੱਚ ਕੁੱਲ 77 ਕੇਸ ਜਿੰਨਾ ਵਿੱਚ 63 ਫੌਜਦਾਰੀ ਅਤੇ 14 ਕੇਸ ਸਿਵਲ ਰੱਖੇ ਗਏ। ਜਿੰਨਾ ਵਿੱਚੋ 22 ਕੇਸਾ ਦਾ ਨਿਪਟਾਰਾ ਕੀਤਾ ਗਿਆ। ਇਸ ਦੋਰਾਨ ਮਾਣਯੋਗ ਸ.ਅਮਰਦੀਪ ਸਿੰਘ ਬੈਂਸ ਸਬ ਡਵੀਜਨਲ ਜੁਡੀਸ਼ੀਅਲ ਮੈਜਿਸਟਰੇਟ ਅਤੇ ਸ. ਬਿਕਰਮਦੀਪ ਸਿੰਘ ਜੁਡੀਸ਼ੀਅਲ ਮੈਜਿਸਟ੍ਰੇਟ ਜੀ ਨੇ ਲੋਕਾਂ ਨੂੰ ਲੋਕ ਅਦਾਲਤ ਦੇ ਮਹੱਤਵ ਤੋ ਜਾਣੂ ਕਰਵਾਇਆ ਗਿਆ ਅਤੇ ਕਿਹਾ ਕਿ ਲੋਕ ਅਦਾਲਤ ਵਿੱਚ ਦੋਵਾਂ ਧਿਰਾਂ ਦਾ ਰਾਜੀਨਾਮੇ ਤਹਿਤ ਫੈਸਲਾ ਕਰਵਾਇਆ ਜਾਂਦਾ ਹੈ। ਲੋਕ ਅਦਾਲਤਾਂ ਰਾਹੀਂ ਸਸਤਾ ਤੇ ਛੇਤੀ ਇਨਸਾਫ ਮਿਲਦਾ ਹੈ। ਲੋਕ ਅਦਾਲਤਾਂ ਦੇ ਫੈਸਲੇ ਦੀ ਕੋਈ ਅਪੀਲ ਨਹੀ ਹੁੰਦੀ। ਦੋਹਾਂ ਧਿਰਾਂ ਵਿੱਚ ਪਿਆਰ ਵੱਧਦਾ ਹੈ। ਮਾਣਯੋਗ ਜਿਲਾਂ ਅਤੇ ਸ਼ੈਸਨ ਜੱਜ ਸ੍ਰੀ ਅਮਰਿੰਦਰ ਸਿੰਘ ਗਰੇਵਾਲ ਅਤੇ ਸ਼੍ਰੀ ਰਸ਼ਪਾਲ ਸਿੰਘ, ਸਿਵਲ ਜੱਜ, ਸੀਨੀਅਰ ਡਵੀ ਵੱਲੋ ਇਹ ਸੁਨੇਹਾ ਦਿੱਤਾ ਗਿਆ ਕੀ ਲੋਕ ਅਦਾਲਤ ਜਿਸ ਨੂੰ ਦੁਜੇ ਸ਼ਬਦਾ ਵਿੱਚ ਲੋਕ ਨਿਆਇਕ ਪ੍ਰਣਾਲੀ ਵੀ ਆਖਿਆ ਜਾਂਦਾ ਹੈ ਦੇ ਰਾਹੀਂ ਆਮ ਜਨਤਾ ਆਪਣੇ ਵਿਚਾਰ ਖੁੱਲ ਕੇ ਆਪਣੇ ਝਗੜੀਆਂ ਸਬੰਧੀ ਸਬੰਧਤ ਅਦਾਲਤ ਜਿੱਥੇ ਉਹਨਾ ਦਾ ਕੇਸ ਲੰਭਿਤ ਹਨ ਬਗੈਰ ਕਿਸੇ ਵਕੀਲ ਸਾਹਿਬਾਨ ਤੋਂ ਰੱਖ ਸਕਦੇ ਹਨ ਅਤੇ ਇਹਨਾਂ ਲੋਕ ਅਦਾਲਤਾਂ ਦੇ ਰਾਹੀਂ ਆਪਣੇ ਝਗੜੇ ਸ਼ਾਂਤ-ਮਈ ਢੰਗ ਨਾਲ, ਸ਼ਾਂਤ-ਮਈ ਵਾਤਾਵਰਨ ਵਿੱਚ ਮੁੱਕਾ ਸਕਦੇ ਹਨ। ਇਸ ਤਰ੍ਹਾਂ ਜਦੋਂ ਸ਼ਾਂਤ-ਮਈ ਢੰਗ ਨਾਲ ਕੇਸਾਂ ਦਾ ਨਿਪਟਾਰਾ ਹੁੰਦਾ ਹੈ ਤਾਂ ਸਮਾਜ ਵਿੱਚ ਇਹ ਸੰਦੇਸ਼ ਪਹੁੰਚਦਾ ਹੈ ਕਿ ਲੜਾਈ ਝਗੜੀਆਂ ਵਿੱਚ ਕੁਝ ਨਹੀ ਰਖੀਆਂ ਅਤੇ ਜੋ ਜਿੰਦਗੀ ਪ੍ਰਮਾਤਮਾਂ ਨੇ ਸਾਨੂੰ ਬਖਸ਼ੀ ਉਸਨੂੰ ਬਗੈਰ ਕਿਸੇ ਡਰ ਜਾ ਹੋਰ ਕਾਰਨਾਂ ਤੋਂ ਬਤੀਤ ਕਰ ਸਕਦੇ ਹਾਂ।



ਇਸ ਮੋਕੇ ਸੀਨੀਅਰ ਵਕੀਲ ਦਲਬੀਰ ਸਿੰਘ ਬੇਦੀ, ਵਕੀਲ ਲੱਖਾ ਸਿੰਘ ਆਜ਼ਾਦ, ਵਕੀਲ ਨਵਦੀਪ ਕੌਰ ਰੰਧਾਵਾ, ਵਕੀਲ ਕਰਨਬੀਰ ਸਿੰਘ ਬੇਦੀ, ਹਰਪ੍ਰੀਤ ਸਿੰਘ, ਸਰਬਜੀਤ ਸਿੰਘ ਢਿਲੋ, ਹਰਪ੍ਰੀਤ ਸਿੰਘ ਬੱਲ, ਵਕੀਲ ਦਲਬੀਰ ਸਿੰਘ ਬਾਠ, ਵਕੀਲ ਸ਼ੁਕਰਗੁਜ਼ਾਰ ਸਿੰਘ, ਰਣਜੀਤ ਸਿੰਘ ਰਾਣਾ, ਵਕੀਲ ਮੈਡਮ ਲਹੋਰੀਆ, ਰੀਡਰ ਪਵਨ ਕੁਮਾਰ, ਰੀਡਰ ਰਕੇਸ਼ ਕੁਮਾਰ, ਐਹਲਮਦ ਬਚਿੱਤਰ ਸਿੰਘ, ਐਹਲਮਦ ਲਵ ਸ਼ਰਮਾ, ਸਟੈਨੋ ਨਰੇਸ਼ ਕੁਮਾਰ, ਸਟੈਨੋ ਵਿਪੁਲ ਰਾਵਤ, ਅਹੈਲਮਦ ਜੋਬਨਪ੍ਰੀਤ ਸਿੰਘ, ਅਹੈਲਮਦ ਅਸ਼ਵਨੀ ਕੁਮਾਰ ਥਾਣੇਦਾਰ ਸਤਪਾਲ ਸਿੰਘ, ਨਾਇਬ ਕੋਰਟ ਥਾਣੇਦਾਰ ਬਲਵਿੰਦਰ ਸਿੰਘ ਹਾਜ਼ਰ ਸਨ।

# ਪਟਿਆਲਾ ਜ਼ਿਲ੍ਹੇ ਦਾ ਹਰ ਵਿਅਕਤੀ ਮੇਰੇ ਪਰਿਵਾਰ ਦਾ ਮੈਂਬਰ ਮੇਰੇ 'ਤੇ ਦਿਖਾਇਆ ਜਾ ਰਿਹਾ 'ਵਿਸ਼ਵਾਸ' ਹੀ ਮੇਰੀ ਤਾਕਤ -ਪ੍ਰਨੀਤ ਕੌਰ

ਪਟਿਆਲਾ
ਸਾਂਝੀ ਸੋਚ ਬਿਊਰੋ

ਮੈਂ ਪਟਿਆਲੇ ਇੱਕ ਨੂੰਹ ਬਣ ਕੇ ਆਈ ਸੀ। ਪਹਿਲਾਂ ਧੀ ਵਜੋਂ ਅਤੇ ਹੁਣ ਪਰਿਵਾਰਕ ਮੈਂਬਰ ਵਜੋਂ ਪਟਿਆਲੇ ਦੇ ਲੋਕਾਂ ਦਾ ਪਿਆਰ ਪ੍ਰਾਪਤ ਕੀਤਾ। ਪਟਿਆਲਾ ਜ਼ਿਲ੍ਹੇ ਦੇ ਹਰ ਘਰ ਨਾਲ ਮੇਰਾ ਖਾਸ ਰਿਸ਼ਤਾ ਹੈ। ਲੋਕ ਸਭਾ ਚੋਣ ਪ੍ਰਚਾਰ ਦੌਰਾਨ ਜਦੋਂ ਮੈਂ ਲੋਕਾਂ ਨੂੰ ਮਿਲਦੀ ਹਾਂ ਤਾਂ ਉਹ ਕਹਿੰਦੇ ਹਨ ਕਿ ਉਨ੍ਹਾਂ ਨੂੰ ਸਿਰਫ਼ ਮੇਰੇ 'ਤੇ ਭਰੋਸਾ ਹੈ ਅਤੇ ਹਮੇਸ਼ਾ ਦੀ ਤਰ੍ਹਾਂ ਇਸ ਲੋਕ ਸਭਾ ਚੋਣ ਵਿਚ ਵੀ ਉਹ ਮੈਨੂੰ ਆਪਣਾ ਆਸ਼ੀਰਵਾਦ ਦੇਣਗੇ। ਪਟਿਆਲੇ ਦੇ ਲੋਕਾਂ ਨੇ ਮੈਨੂੰ ਜੋ ਪਿਆਰ, ਸਨੇਹ ਅਤੇ "ਵਿਸ਼ਵਾਸ" ਦਿੱਤਾ ਹੈ, ਉਹ ਮੇਰਾ ਸਭ ਤੋਂ ਵੱਡਾ ਖਜ਼ਾਨਾ ਹੈ। ਇਨ੍ਹਾਂ ਭਾਵਪੂਰਤ ਵਿਚਾਰਾਂ ਦਾ ਪ੍ਰਗਟਾਵਾ ਸਾਬਕਾ ਵਿਦੇਸ਼ ਰਾਜ ਮੰਤਰੀ ਅਤੇ ਸੰਸਦ ਮੈਂਬਰ ਮਹਾਰਾਣੀ ਪ੍ਰਨੀਤ ਕੌਰ ਨੇ ਸ਼ਨੀਵਾਰ ਨੂੰ ਸਮਾਣਾ ਵਿਖੇ ਰੱਖੀ ਗਈ ਜਨ ਸਭਾਵ ਨੂੰ ਸੰਬੋਧਨ ਕਰਦਿਆਂ ਕੀਤਾ।

ਮਹਾਰਾਣੀ ਪ੍ਰਨੀਤ ਕੌਰ ਨੇ ਕਿਹਾ ਕਿ ਪਟਿਆਲਾ ਅਤੇ ਪੰਜਾਬ ਦੀ ਸੇਵਾ ਕਰਨਾ ਮੇਰਾ ਅਤੇ ਮੇਰੇ ਪਰਿਵਾਰ ਦਾ ਪਵਿੱਤਰ ਫਰਜ਼ ਹੈ। ਅਸੀਂ ਗੁਰੂਆਂ ਦੇ "ਹੁਕਮ" ਦੀ ਪਾਲਣਾ ਕਰਦੇ ਹੋਏ ਆਪਣੇ ਪੁਰਖਿਆਂ ਦੁਆਰਾ ਕੀਤੇ ਵਾਅਦੇ ਨੂੰ ਪੂਰਾ ਕਰਦੇ ਆ ਰਹੇ ਹਾਂ। ਜਦੋਂ ਵੀ ਸਾਨੂੰ ਪੰਜਾਬ ਅਤੇ ਸੱਤਾ ਵਿੱਚੋਂ ਕਿਸੇ ਦੀ ਚੋਣ ਕਰਨੀ ਪਈ ਤਾਂ ਅਸੀਂ ਬਿਨਾਂ ਕਿਸੇ ਝਿਜਕ ਦੇ ਪੰਜਾਬ ਨੂੰ ਚੁਣਿਆ ਹੈ। ਉਨ੍ਹਾਂ ਕਿਹਾ ਕਿ ਭਾਵੇਂ



ਇਹ 1984 (ਬਲਿਊਸਟਾਰ ਤੋਂ ਬਾਅਦ), 2004 ਵਿੱਚ (ਐਸ.ਵਾਈ.ਐਲ. ਮੁੱਦਾ, ਸਾਡੀ ਮੌਜੂਦਾ ਸਰਕਾਰ ਦੇ ਖਿਲਾਫ ਗਿਆ) ਜਾਂ 2021 ਵਿੱਚ (ਜਦੋਂ ਕੈਪਟਨ ਸਾਹਬ ਨੇ ਅਸਤੀਫਾ ਦੇ ਦਿੱਤਾ) ਪੰਜਾਬ ਦੇ ਮਸਲਿਆਂ ਨੂੰ ਲੈ ਕੇ ਉਨ੍ਹਾਂ ਦੇ ਰਾਹ 'ਤੇ ਚੱਲਣਾ ਹੀ ਬਿਹਤਰ ਸਮਝਿਆ। ਦਿੱਲੀ। "ਪਟਿਆਲਾ ਲੋਕ ਸਭਾ ਦੀ ਗਲੀ ਦਾ ਹਰ ਬੱਚਾ ਜਾਣਦਾ ਹੈ ਕਿ ਜਦੋਂ ਵੀ ਪੰਜਾਬ ਜਾਂ ਪਟਿਆਲਾ ਦੀ ਗੱਲ ਆਉਂਦੀ ਹੈ, ਇੱਥੇ ਸਿਰਫ ਇੱਕ ਪਰਿਵਾਰ ਹੈ ਜੋ ਹਮੇਸ਼ਾ ਪੰਜਾਬ ਦੇ ਲੋਕਾਂ ਨਾਲ ਖੜ੍ਹਾ ਹੈ" ਉਹ ਪਰਿਵਾਰ ਹੈ ਕੈਪਟਨ ਅਮਰਿੰਦਰ ਸਿੰਘ ਦਾ ਪਰਿਵਾਰ।

ਆਮ ਆਦਮੀ ਪਾਰਟੀ ਬਾਰੇ ਮਹਾਰਾਣੀ ਪ੍ਰਨੀਤ ਕੌਰ ਨੇ ਕਿਹਾ ਕਿ 'ਆਪ' ਪਾਰਟੀ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ 'ਚ ਨਾਕਾਮ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਦਾ ਦਿਲ ਵੱਡਾ ਹੈ ਅਤੇ ਇਸੇ ਲਈ ਉਨ੍ਹਾਂ ਨੇ 'ਆਪ' ਪਾਰਟੀ ਨੂੰ ਮੌਕਾ ਦਿੱਤਾ ਪਰ 'ਆਪ' ਪਾਰਟੀ ਲੋਕਾਂ ਨਾਲ ਕੀਤੇ ਵਾਅਦੇ ਜਾਂ ਲੋਕਾਂ ਵਲੋਂ ਕੀਤੀ ਗਈ ਕਿਸੇ ਉਮੀਦ ਨੂੰ ਪੂਰਾ ਨਹੀਂ ਕਰ ਸਕੀ। 'ਆਪ' ਪਾਰਟੀ ਦੇ ਪਿਛਲੇ 26 ਮਹੀਨੇ ਬਹੁਤ ਨਿਰਾਸ਼ਾਜਨਕ ਰਹੇ ਹਨ। ਮਾਨ ਸਰਕਾਰ ਔਰਤਾਂ ਨੂੰ 1000 ਰੁਪਏ ਮਹੀਨਾ ਦੇਣ ਦਾ ਆਪਣਾ ਵਾਅਦਾ ਪੂਰਾ ਨਹੀਂ ਕਰ ਸਕੀ ਅਤੇ ਅੱਜ ਪੰਜਾਬ ਦੀ ਹਰ ਔਰਤ ਆਪ ਪਾਰਟੀ ਅਤੇ ਭਗਵੰਤ ਮਾਨ ਤੋਂ ਆਪਣੇ 26000 ਰੁਪਏ ਦਾ ਹਿਸਾਬ ਮੰਗ ਰਹੀ ਹੈ। ਗੈਰ-ਕਾਨੂੰਨੀ ਮਾਈਨਿੰਗ 'ਤੇ ਕਾਬੂ ਤੋਂ ਲੈ ਕੇ ਅਨਾਜ ਦੀ ਖਰੀਦ ਤੱਕ ਪੰਜਾਬ 'ਚ ਕੋਈ ਵੀ ਵਾਅਦਾ ਪੂਰਾ ਨਹੀਂ ਹੋਇਆ। ਪੰਜਾਬ ਦੀ ਮਿਹਨਤ ਦੀ ਕਮਾਈ ਦਿੱਲੀ ਵਿੱਚ ਬੈਠੇ ਆਪ ਪਾਰਟੀ ਦੇ ਆਕਾਵਾਂ ਵੱਲੋਂ ਆਪਣੀਆਂ ਸਿਆਸੀ ਲਾਲਸਾਵਾਂ ਦੀ ਪੂਰਤੀ ਲਈ ਲੁੱਟੀ ਜਾ ਰਹੀ ਹੈ। ਸਿਰਫ਼ 2 ਸਾਲਾਂ ਵਿੱਚ ਹੀ ਭਾਰੀ ਜਨਾਦੇਸ਼ ਜਿੱਤਣ ਦੇ ਬਾਵਜੂਦ ਪਟਿਆਲਾ ਲੋਕ ਸਭਾ ਵਿੱਚ ਮੌਜੂਦਾ ਵਿਧਾਇਕਾਂ ਖ਼ਿਲਾਫ਼ ਭਾਰੀ ਸੱਤਾ ਵਿਰੋਧੀ ਲਹਿਰ ਹੈ। ਪੰਜਾਬ ਦੇ ਲੋਕਾਂ ਨੇ ਸਮਝ ਲਿਆ ਹੈ ਕਿ ਗਾਰੰਟੀ ਹਰ ਕੋਈ ਦੇ ਸਕਦਾ ਹੈ, ਪਰ ਇਸ ਨੂੰ ਸਿਰਫ਼ ਮੋਦੀ ਅਤੇ ਭਾਜਪਾ ਹੀ ਪੂਰਾ ਕਰ ਸਕਦੇ ਹਨ। ਇਸ ਮੌਕੇ ਤੇ ਕਈ ਪਰਿਵਾਰ ਭਾਜਪਾ ਵਿੱਚ ਸ਼ਾਮਿਲ ਹੋਏ ਜਿਨ੍ਹਾਂ ਵਿਚੋਂ ਪਰਦਮਨ ਵਿਰਕ (ਸਾਬਕਾ ਚੇਅਰਮੈਨ ਮਾਰਕੀਟ ਕਾਮੇਟੀ), ਸੁਖਬੀਰ ਸਿੰਘ ਸੰਧੂ (ਆਪ ਐਮ ਸੀ ਸਮਾਣਾ), ਅਵਿਨਾਸ਼ ਡਾਂਗ (ਪ੍ਰਧਾਨ ਭਾਵਲਪੁਰ ਬਿਰਾਦਰੀ), ਰਾਮ ਬਾਬੂ ਸ਼ਰਮਾ (ਪ੍ਰਧਾਨ ਪਰਵਾਸੀ ਭਾਈਚਾਰਾ) ਅਤੇ ਪਵਨ ਤੁਲਾਨੀ (ਸਿੱਧੀਵਿਨਾਇਕ ਮਹਾਵੀਰ ਮੰਦਰ) ਜੀ ਵੀ ਸ਼ਾਮਿਲ ਹੋਏ ਸਨ।

# ਸੁਖਜਿੰਦਰ ਰੰਧਾਵਾ ਨੇ ਡੇਰਾ ਬਿਆਸ ਮੁਖੀ ਨਾਲ ਕੀਤੀ ਮੁਲਾਕਾਤ

ਰਈਆ
ਕਾਰਤਿਕ ਰਿਖੀ

ਸੁਖਜਿੰਦਰ ਸਿੰਘ ਰੰਧਾਵਾ ਸਾਬਕਾ ਉਪ ਮੁੱਖ ਮੰਤਰੀ ਪੰਜਾਬ ਅਤੇ ਲੋਕ ਸਭਾ ਹਲਕਾ ਗੁਰਦਾਸਪੁਰ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਨੇ ਅੱਜ ਵਿਸ਼ਵ ਭਰ ਚ ਅਧਿਆਤਮ ਦਾ ਰੂਹਾਨੀ ਸੁਖ ਵੰਡਣ ਵਾਲੇ ਰਾਧਾ ਸਵਾਮੀ ਸਤਿਸੰਗ ਬਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਦੇ ਦਰਸ਼ਨ ਕਰਕੇ ਆਪਣੇ ਆਪ ਨੂੰ ਸੁਭਾਗਾ ਮਹਿਸੂਸ ਕੀਤਾ। ਇਸ ਮੌਕੇ ਤੇ ਉਹਨਾਂ ਦੇ ਨਾਲ ਗੁਰਦਾਸਪੁਰ ਦੇ ਵਿਧਾਇਕ ਬਰਿੰਦਰਮੀਤ ਸਿੰਘ ਪਾਹੜਾ, ਵਿਧਾਇਕ ਹਲਕਾ ਸੁਜਾਨਪੁਰ ਨਰੇਸ਼ ਪੁਰੀ, ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਖਜ਼ਾਨਚੀ ਅਤੇ ਸਾਬਕਾ ਵਿਧਾਇਕ ਪਠਾਨਕੋਟ ਅਮਿਤ ਵਿੱਜ, ਰਾਜਸਥਾਨ ਤੋਂ ਕਾਂਗਰਸ ਪਾਰਟੀ ਦੇ ਵਿਧਾਇਕ ਰਫ਼ੀਕ ਖ਼ਾਨ ਅਤੇ ਸਾਬਕਾ ਵਿਧਾਇਕ ਅੰਮ੍ਰਿਤਾ ਧਵਨ ਵੀ ਮੌਜੂਦ ਸਨ ਮੀਡੀਆ ਨਾਲ ਇਹ ਜਾਣਕਾਰੀ ਸਰਦਾਰ ਸੁਖਜਿੰਦਰ ਸਿੰਘ ਰੰਧਾਵਾ ਦੇ ਅਤਿ ਕਰੀਬੀ ਸਾਥੀ ਕਿਸ਼ਨ ਚੰਦਰ ਮਹਾਜਨ ਨੇ ਸਾਂਝੀ ਕੀਤੀ।



# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

**AUTO · HOME · TRUCK · BUSINESS · LIFE · MEDICAL**

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜ਼ਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



Capital DRUG TESTING

# CAPITAL DRUG TESTING

## Drug and Alcohol Test

## DOT / NON DOT

**PRE EMPLOYMENT - RANDOM**
**POST ACCIDENT - REASONABLE SUSPICION**

**Services: DOT Random Prog., FMCSA Clearinghouse, DOT Supervisor Training, SAP Classes Etc.**



**Lab. Ph:(916) 680-9293**

6624 Florin Road
Sacramento CA, 95828

Email: capitaldrugtest@gmail.com
Website: www.capitaldrugtest.com

# ਅਮਰੀਕਾ ਤੋਂ ਬਾਅਦ ਹੁਣ ਤੁਰਕੀ ਵੀ 'ਟਿਕਟਾਕ' ਨੂੰ ਕਰ ਸਕਦੈ ਬਲੌਕ

**ਇਸਤਾਂਬੁਲ ਸਾਂਝੀ ਸੋਚ ਬਿਊਰੋ**

ਸੋਸ਼ਲ ਮੀਡੀਆ ਪਲੇਟਫਾਰਮ ਟਿਕਟਾਕ ਨੂੰ ਨਿਯਮਾਂ ਦੀ ਉਲੰਘਣਾ ਕਰਨ ਲਈ ਤੁਰਕੀ ਵਿਚ ਬਲੌਕ ਕੀਤਾ ਜਾ ਸਕਦਾ ਹੈ, ਜਦਕਿ 'ਐਕਸ' ਨੂੰ ਦੇਸ਼ ਵਿਚ ਪ੍ਰਤੀਨਿਧੀ ਨਿਯੁਕਤ ਕਰਨ ਤੋਂ ਇਨਕਾਰ ਕਰਨ ਦੇ ਨਤੀਜੇ ਭੁਗਤਣੇ ਪੈ ਸਕਦੇ ਹਨ। ਤੁਰਕੀ ਵਿਚ ਡਿਜੀਟਲ ਮੀਡੀਆ ਬਾਰੇ ਸੰਸਦੀ ਕਮਿਸ਼ਨ ਦੇ ਮੁਖੀ ਹੁਸੈਨ ਯਾਮਨ ਨੇ ਵੀਰਵਾਰ ਨੂੰ ਇਹ ਜਾਣਕਾਰੀ ਦਿੱਤੀ। ਯਾਮਨ ਨੇ ਤੁਰਕੀ ਦੀ ਸੰਸਦ ਨੂੰ ਆਪਣੇ ਸੰਬੋਧਨ ਵਿਚ ਇਹ ਜਾਣਕਾਰੀ ਦਿੱਤੀ ਕਿ ਇੰਟਰਨੈਟ ''ਟ੍ਰੋਲ'' ਜਾਂ ਆਨਲਾਈਨ ਬਦਮਾਸ਼ ਜੋ ਜਾਣਬੁੱਝ ਕੇ ਆਨਲਾਈਨ ਅਪਮਾਨਜਨਕ ਜਾਂ ਭੜਕਾਊ ਸੰਦੇਸ਼ ਪੋਸਟ ਕਰਦੇ ਹਨ, ਹੋਰ ਗੱਲਾਂ ਦੇ ਇਲਾਵਾ, ਤੁਰਕੀ ਵਿਚ ਰਾਜਨੀਤਿਕ ਅਤੇ ਜਨਤਕ ਜੀਵਨ ਨੂੰ ਖਤਰੇ ਵਿਚ ਪਾਉਂਦੀਆਂ ਹਨ। ਉਸਨੇ ਯਾਦ ਦਿਵਾਇਆ ਕਿ ਟਿਕਟਾਕ ਪ੍ਰਤੀਨਿਧਾਂ ਨੇ ਪਹਿਲਾਂ ਕੁਝ ਸੰਸਦ ਮੈਂਬਰਾਂ ਦੇ ਸਵਾਲਾਂ ਦੇ ਲਿਖਤੀ ਜਵਾਬ ਦਿੱਤੇ ਸਨ ਪਰ ਜਵਾਬ ''ਤਸੱਲੀਬਖਸ਼'' ਨਹੀਂ ਸਨ। ਯਾਮਨ ਨੇ ਕਿਹਾ ਕਿ ਸੰਸਦ ਵਿਚ ਹਰ ਕੋਈ ਸੈਂਸਰਸ਼ਿਪ ਦੇ ਵਿਰੁੱਧ ਹੈ ਪਰ ਪਰਿਵਾਰਾਂ ਅਤੇ




ਬੱਚਿਆਂ ਦੀ ਰੱਖਿਆ ਕਰਨਾ ਅਤੇ ਨੌਜਵਾਨਾਂ ਦੇ ਸਿਹਤਮੰਦ ਦਿਮਾਗ ਨਾਲ ਵੱਡੇ ਹੋਣ ਨੂੰ ਯਕੀਨੀ ਬਣਾਉਣਾ ਮਹੱਤਵਪੂਰਨ ਹੈ। ਤੁਰਕੀ ਦੇ ਪ੍ਰਸਾਰਕ ਐੱਨ.ਟੀ.ਵੀ. ਨੇ ਯਾਮਨ ਦੇ ਹਵਾਲੇ ਨਾਲ ਕਿਹਾ, ''ਸਾਡਾ ਕਮਿਸ਼ਨ ਪਾਬੰਦੀਆਂ ਲਗਾਉਣ ਦੇ ਵਿਰੁੱਧ ਹੈ ਪਰ ਸਾਡੇ ਕਮਿਸ਼ਨ ਦੇ ਤਾਜ਼ਾ ਵਿਸ਼ਲੇਸ਼ਣ ਅਨੁਸਾਰ ਕੁਝ ਕਰਨ ਦੀ ਜ਼ਰੂਰਤ ਹੈ। ''ਅਮਰੀਕਾ 'ਚ ਟਿਕਟਾਕ 'ਤੇ ਪਾਬੰਦੀ ਲਗਾਈ ਗਈ ਹੈ, ਅਸੀਂ ਇਸ ਪਾਬੰਦੀ ਦੇ ਖ਼ਿਲਾਫ ਹਾਂ ਪਰ ਤੁਰਕੀ 'ਚ ਕਾਨੂੰਨੀ ਪਾਬੰਦੀ ਦੀ ਸਥਿਤੀ ਆ ਸਕਦੀ ਹੈ। ਯਾਮਨ ਨੇ ਕਿਹਾ, ''ਕਿਸੇ ਨੂੰ ਵੀ ਇਹ ਨਹੀਂ ਸੋਚਣਾ ਚਾਹੀਦਾ ਕਿ ਉਹ ਕਾਨੂੰਨ ਤੋਂ ਉੱਪਰ ਹੈ।'' ਜੇ ਤੁਸੀਂ ਕੈਨੇਡਾ, ਫਰਾਂਸ, ਯੂਨਾਈਟਿਡ ਕਿੰਗਡਮ, ਆਸਟ੍ਰੀਆ ਅਤੇ ਡੈਨਮਾਰਕ ਵਿਚ ਕੰਮ ਕਰ ਰਹੇ ਹੋ, ਤਾਂ ਸਾਡੇ ਨਾਲ ਵੀ ਇਹੀ ਹੈ - ਤੁਹਾਨੂੰ ਕਾਨੂੰਨਾਂ ਦੀ ਪਾਲਣਾ ਕਰਨੀ ਚਾਹੀਦੀ ਹੈ। ਮੈਂ ਆਖਰੀ ਵਾਰ ਕਹਿ ਰਿਹਾ ਹਾਂ, ਇਹ ਸੋਸ਼ਲ ਨੈੱਟਵਰਕ ਲਈ ਸਾਡੀ ਆਖਰੀ ਕਾਲ ਹੈ'।

# ਜਮਹੂਰੀ ਅਧਿਕਾਰ ਸਭਾ ਪੰਜਾਬ ਵੱਲੋਂ ਸਾਹਿਤਕਾਰ ਸੁਰਜੀਤ ਪਾਤਰ ਦੇ ਅਕਾਲ ਚਲਾਣੇ ਤੇ ਡੂੰਘੇ ਦੁੱਖ ਦਾ ਪ੍ਰਗਟਾਵਾ

**ਚੰਡੀਗੜ੍ਹ ਸਾਂਝੀ ਸੋਚ ਬਿਊਰੋ**

ਸਮਾਜ ਅੰਦਰ ਅਗਾਂਹ ਵਧੂ ਤਬਦੀਲੀ ਲਈ ਅਹੁਲਦੇ, ਲੋਕੀ ਪੱਖੀ ਅਗਾਂਹ ਵਧੂ ਕਵਿਤਾ ਰਾਹੀ ਪੰਜਾਬ ਦੇ ਲੋਕਾਂ ਨੂੰ ਜਾਗਰੂਕ ਕਰਨ 'ਚ ਅਹਿਮ ਯੋਗਦਾਨ ਪਾਉਣ ਵਾਲੇ ਸੁਰਜੀਤ ਪਾਤਰ ਦੇ ਵਿਛੋੜੇ ਉਪਰ ਜਮਹੂਰੀ ਅਧਿਕਾਰ ਸਭਾ ਪੰਜਾਬ ਦੁੱਖ ਪ੍ਰਗਟ ਕਰਦੀ ਹੋਈ ਉਨ੍ਹਾਂ ਵੱਲੋਂ ਆਪਣੀ ਕਲਾ ਰਾਹੀਂ ਲੋਕਾਂ ਦੇ ਹੱਕ ਕੁਚਲਣ ਵਾਲੀਆਂ ਤਾਕਤਾਂ ਵਿਰੁੱਧ ਖੜਨ ਦੇ ਦਿੱਤੇ ਹੋਕਿਆਂ ਨਾਲ ਹੱਕਾਂ ਦੀ ਲਹਿਰ ਵਿੱਚ ਪਾਏ ਯੋਗਦਾਨ ਨੂੰ ਸਲਾਮ ਕਰਦੀ ਹੈ। ਸਭਾ ਦੇ ਸੂਬਾ ਪ੍ਰਧਾਨ ਪ੍ਰੋਫੈਸਰ ਜਗਮੋਹਨ ਸਿੰਘ, ਜਨਰਲ ਸਕੱਤਰ ਪ੍ਰਿਤਪਾਲ ਸਿੰਘ ਅਤੇ ਪ੍ਰੈਸ ਸਕੱਤਰ ਅਮਰਜੀਤ ਸ਼ਾਸਤਰੀ ਨੇ ਬਿਆਨ ਜਾਰੀ ਕਰਦਿਆਂ ਕਿਹਾ ਕਿ ਮਹਰੂਮ ਸੁਰਜੀਤ ਪਾਤਰ ਨੇ ਸਮੇਂ ਸਮੇਂ ਇਸ ਲੋਕ ਵਿਰੋਧੀ ਪ੍ਰਬੰਧ ਵਿਰੁੱਧ ਆਪਣੀ ਕਲਮ ਰਾਹੀਂ ਆਵਾਜ਼ ਬੁਲੰਦ ਕੀਤੀ ਹੈ। ਉਹ ਹਮੇਸ਼ਾ ਚੜ੍ਹਦੇ ਪੰਜਾਬ ਅਤੇ ਲਹਿੰਦੇ ਪੰਜਾਬ ਨੂੰ ਇੱਕ ਹੋਣਾ ਲੋਚਦੇ ਸਨ। ਪੰਜਾਬੀ ਭਾਸ਼ਾ ਦੀ ਤਰੱਕੀ ਲਈ ਉਨ੍ਹਾਂ ਦੀ ਕਲਮ ਹਮੇਸ਼ਾ ਪੰਜਾਬੀ ਭਾਸ਼ਾ ਤੋਂ ਮੁਨਕਰ ਹੋਣ ਵਾਲੇ ਪੰਜਾਬੀ ਪੁੱਤਰਾਂ ਨੂੰ ਝੰਜੋੜਦੀ ਰਹਿੰਦੀ ਸੀ।



ਮਨੁੱਖੀ ਭਾਈਚਾਰੇ ਦੀ ਪਾਕ ਮੁਹੱਬਤ ਦਾ ਮੁੱਦਈ ਪਾਤਰ ਲੋਕਾਂ ਦੇ ਚੇਤਿਆਂ ਵਿੱਚ ਹਮੇਸ਼ਾ ਸੁਰਜੀਤ ਰਹੇਗਾ। ਉਹਨਾਂ ਦੀਆਂ ਕਵਿਤਾਵਾਂ, ਗ਼ਜ਼ਲਾਂ ਸਾਡੇ ਚੇਤਿਆਂ ਦੀ ਚੰਗੇਰ ਵਿਚ ਹਮੇਸ਼ਾ ਅਮਰ ਰਹਿਣਗੀਆਂ। ਜਮਹੂਰੀ ਹੱਕਾਂ ਦੀ ਰਾਖੀ ਲਈ ਉਨ੍ਹਾਂ ਦੀਆਂ ਕਵਿਤਾਵਾਂ ਲੋਕਾਈ ਦੇ ਭਲੇ ਲਈ ਕੀਤੀ ਜਾ ਰਹੀ ਜਦੋ ਜਹਿਦ ਨੂੰ ਜਰਬਾਂ ਦੇਣ ਦੇ ਸਬੰਧੀ ਪਾਏ ਯੋਗਦਾਨ ਨੂੰ ਕੋਈ ਵੀ ਵਿਅਕਤੀ ਮੁਨਕਰ ਹੋ ਸਕਦਾ। ਪੰਜਾਬੀ ਸਹਿਤ ਨੂੰ ਹੋਰ ਅਮੀਰ ਬਣਾਉਣ ਲਈ ਵੱਡਾ ਯੋਗਦਾਨ ਪਾਇਆ ਹੈ। ਉਨ੍ਹਾਂ ਦੇ ਕਲਮ ਦੇ ਹਰਫ ਤੇ ਬੋਲ ਸਦਾ ਰਾਹ ਰੁਸ਼ਨਾਉਂਦੇ ਰਹਿਣਗੇ। ਜਮਹੂਰੀ ਅਧਿਕਾਰ ਸਭਾ ਉਨ੍ਹਾਂ ਦੀ ਘਾਲਣਾ ਨੂੰ ਸਲਾਮ ਕਰਦੀ ਵਿਛੋੜੇ ਉੱਤੇ ਦੁਖ ਪ੍ਰਗਟ ਕਰਦੀ ਹੈ ਅਤੇ ਪੰਜਾਬੀ ਬੋਲੀ ਦੇ ਮੁੱਦਈ ਭਾਈਚਾਰੇ ਨਾਲ ਦੁੱਖ ਸਾਂਝਾ ਕਰਦੀ ਹੈ।

# ਪੰਜਾਬ ਚੇਤਨਾ ਮੰਚ ਵੱਲੋਂ ਪੰਜਾਬ ਦੇ ਭਖਦੇ ਮਸਲਿਆਂ ਸੰਬੰਧੀ ਸੈਮੀਨਾਰ 25 ਮਈ ਨੂੰ




**ਜਲੰਧਰ ਸਾਂਝੀ ਸੋਚ ਬਿਊਰੋ**

ਪੰਜਾਬ ਚੇਤਨਾ ਮੰਚ ਵਲੋਂ 25 ਮਈ, 2024 ਨੂੰ ਸਵੇਰੇ 10 ਵਜੇ ਪੰਜਾਬ ਪ੍ਰੈੱਸ ਕਲੱਬ ਜਲੰਧਰ ਵਿਖੇ 'ਲੋਕ ਸਭਾ ਚੋਣਾਂ ਅਤੇ ਪੰਜਾਬ ਦੇ ਸਰੋਕਾਰ' ਵਿਸ਼ੇ 'ਤੇ ਇਕ ਵਿਸ਼ੇਸ਼ ਸੈਮੀਨਾਰ ਕਰਵਾਉਣ ਦਾ ਫ਼ੈਸਲਾ ਕੀਤਾ ਗਿਆ ਹੈ। ਇਸ ਸੈਮੀਨਾਰ ਵਿਚ ਸੀਨੀਅਰ ਪੱਤਰਕਾਰ ਹਮੀਰ ਸਿੰਘ ਮੁੱਖ ਬੁਲਾਰੇ ਵਜੋਂ ਆਪਣੇ ਵਿਚਾਰ ਪੇਸ਼ ਕਰਨਗੇ ਅਤੇ ਇਸ ਵਿਚ ਪ੍ਰਸਿੱਧ ਅਰਥ ਸ਼ਾਸਤਰੀ ਡਾ. ਸੁੱਚਾ ਸਿੰਘ ਗਿੱਲ ਵਲੋਂ ਇਸੇ ਵਿਸ਼ੇ 'ਤੇ ਲਿਖਿਆ ਗਿਆ ਪਰਚਾ ਵੀ ਪੇਸ਼ ਕੀਤਾ ਜਾਵੇਗਾ। ਸੈਮੀਨਾਰ ਵਿਚ ਸ਼ਿਰਕਤ ਕਰਨ ਵਾਲੇ ਵਿਦਵਾਨ ਪੰਜਾਬ ਦੇ ਭਖਦੇ ਮੁੱਦਿਆਂ ਸੰਬੰਧੀ ਚਰਚਾ ਕਰਨਗੇ। ਇਹ ਫ਼ੈਸਲਾ ਬੀਤੇ ਦਿਨ ਪੰਜਾਬ ਪ੍ਰੈੱਸ ਕਲੱਬ ਜਲੰਧਰ ਵਿਖੇ ਪੰਜਾਬ ਚੇਤਨਾ ਮੰਚ ਦੇ ਪ੍ਰਧਾਨ ਡਾ. ਲਖਵਿੰਦਰ ਸਿੰਘ ਜੌਹਲ ਦੀ ਪ੍ਰਧਾਨਗੀ ਹੇਠ ਹੋਈ ਇਕ ਮੀਟਿੰਗ ਵਿਚ ਲਿਆ ਗਿਆ। ਇਸ ਤੋਂ ਇਲਾਵਾ ਮੀਟਿੰਗ ਵਿਚ ਪੰਜਾਬ ਚੇਤਨਾ ਮੰਚ ਦੀ ਸਲਾਹਕਾਰ ਕੌਂਸਿਲ ਵੀ ਨਾਮਜ਼ਦ ਕੀਤੀ ਗਈ, ਜਿਸ ਵਿਚ ਡਾ. ਸੁੱਚਾ ਸਿੰਘ ਗਿੱਲ, ਡਾ. ਰਣਜੀਤ ਸਿੰਘ ਘੁੰਮਣ, ਪ੍ਰਿੰਸੀਪਲ ਮਾਹਲ ਸਿੰਘ, ਗੁਰਪ੍ਰੀਤ ਸਿੰਘ ਤੂਰ, ਦਵਿੰਦਰ ਸ਼ਰਮਾ ਤੇ ਐੱਸ. ਐੱਲ. ਵਿਰਦੀ ਆਦਿ ਵਿਦਵਾਨਾਂ ਨੂੰ ਸ਼ਾਮਿਲ ਕਰਨ ਦਾ ਫ਼ੈਸਲਾ ਕੀਤਾ ਗਿਆ। ਪੰਜਾਬ ਚੇਤਨਾ ਮੰਚ ਦੀ ਹੋਈ ਉਪਰੋਕਤ ਮੀਟਿੰਗ ਵਿਚ ਪ੍ਰਧਾਨ ਡਾ. ਲਖਵਿੰਦਰ ਸਿੰਘ ਜੌਹਲ ਤੋਂ ਇਲਾਵਾ ਜਨਰਲ ਸਕੱਤਰ ਸਤਨਾਮ ਸਿੰਘ ਮਾਣਕ, ਦੁਆਬਾ ਜ਼ੋਨ ਦੇ ਸਕੱਤਰ ਗੁਰਮੀਤ ਸਿੰਘ ਪਲਾਹੀ, ਚੰਡੀਗੜ੍ਹ ਜ਼ੋਨ ਦੇ ਸਕੱਤਰ ਦੀਪਕ ਸ਼ਰਮਾ ਚਨਾਰਥਲ, ਮਾਲਵਾ ਜ਼ੋਨ ਦੇ ਸਕੱਤਰ ਗੁਰਚਰਨ ਸਿੰਘ ਨੂਰਪੁਰ ਅਤੇ ਮਾਝਾ ਜ਼ੋਨ ਦੇ ਸਕੱਤਰ ਰਾਜਿੰਦਰ ਸਿੰਘ ਰੂਬੀ ਤੋਂ ਇਲਾਵਾ ਚਿੱਤਰਕਾਰ ਇੰਦਰਜੀਤ ਸਿੰਘ ਵੀ ਸ਼ਾਮਿਲ ਹੋਏ। ਮੀਟਿੰਗ ਵਿਚ ਪੰਜਾਬੀ ਦੇ ਸਿਰਮੌਰ ਕਵੀ ਸੁਰਜੀਤ ਪਾਤਰ ਦੇ ਦਿਹਾਂਤ 'ਤੇ ਗਹਿਰਾ ਦੁੱਖ ਪ੍ਰਗਟ ਕਰਦਿਆਂ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਇਥੇ ਇਹ ਵਰਣਨਯੋਗ ਹੈ ਬੀਤੇ ਦਿਨ ਇਸ ਮੰਚ ਦੀ ਸਥਾਪਨਾ 'ਪੰਜਾਬ ਜਮਹੂਰੀ ਮੰਚ' ਦੇ ਨਾਂਅ ਨਾਲ ਕੀਤੀ ਸੀ ਪਰ ਅਹੁਦੇਦਾਰਾਂ ਨੇ ਸਰਬਸੰਮਤੀ ਨਾਲ ਵਿਚਾਰ ਕਰਕੇ ਇਸ ਮੰਚ ਦਾ ਨਾਂਅ 'ਪੰਜਾਬ ਚੇਤਨਾ ਮੰਚ' ਰੱਖਣ ਦਾ ਫ਼ੈਸਲਾ ਕੀਤਾ ਹੈ ਅਤੇ ਇਹ ਮੰਚ ਪੰਜਾਬ, ਪੰਜਾਬੀ ਤੇ ਪੰਜਾਬੀਅਤ ਦੇ ਸਰੋਕਾਰਾਂ ਅਤੇ ਦੇਸ਼ ਵਿਚ ਜਮਹੂਰੀਅਤ, ਸਰਵ ਧਰਮ ਸਨਮਾਨ ਅਤੇ ਸੰਘੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵੱਖ-ਵੱਖ ਢੰਗਾਂ ਨਾਲ, ਆਮ ਨਾਗਰਿਕਾਂ ਨੂੰ ਜਾਗਰੂਕ ਕਰਨ ਲਈ ਆਪਣਾ ਰੋਲ ਅਦਾ ਕਰੇਗਾ।

# ਵਰਲਡ ਫਾਇਨੈਂਸ਼ੀਅਲ ਗਰੁਪ ਮੈਰੀਲੈਂਡ ਦੀ ਪਲੇਠੀ ਮੀਟਿੰਗ ਅਤੇ ਸਨਮਾਨ



**ਮੈਰੀਲੈਂਡ ਸੁਰਿੰਦਰ ਗਿੱਲ**

ਵਰਲਡ ਫਾਇਨੈਂਸ਼ੀਅਲ ਗਰੁਪ ਮੈਰੀਲੈਂਡ ਨੇ ਆਪਣੇ ਕਰਮਚਾਰੀਆਂ ਦੇ ਕੰਮ ਕਾਜ ਦੀ ਸਮੀਖਿਆ ਕੀਤੀ। ਜਿਸ ਲਈ ਇੱਕ ਛੋਟੀ ਜਿਹੀ ਮੀਟਿੰਗ ਦਾ ਆਯੋਜਨ ਰਮਿੰਦਰਜੀਤ ਕੋਰ ਨੇ ਕੀਤਾ। ਜਿਸ ਵਿਚ ਅਠਾਰਾ ਮੈਰੀਲੈਡ ਲਾਈਸੈਂਸ ਹੋਲਡਰ ਨੇ ਹਿੱਸਾ ਲਿਆ। ਗੁਰਵਿੰਦਰ ਸਿੰਘ ਤੇ ਰਣਜੀਤ ਕੋਰ ਨੇ ਵਰਲਡ ਫਾਇਨੈਂਸ਼ੀਅਲ ਗਰੁਪ ਜੋ ਪਿਛਲੇ ਇਕ ਸੋ ਚੋਰਾਸੀ ਸਾਲ ਤੋਂ ਚੱਲ ਰਿਹਾ ਹੈ। ਜੋ ਨੀਦਰਲੈਂਡ ਤੋ ਸ਼ੁਰੂ ਹੋਇਆ ਸੀ। ਇਸ ਨੂੰ ਅਮਰੀਕਾ ਵਿਚ 1995 ਵਿੱਚ ਸ਼ੁਰੂ ਲਾਂਚ ਕੀਤਾ ਗਿਆ ਸੀ। ਜਿਸ ਦੀ ਬ੍ਰਾਂਚ ਮੈਰੀਲੈਂਡ ਵਿੱਚ ਸ਼ੁਰੂ ਕੀਤੀ, ਜਿਸ ਦੀ ਪਲੇਠੀ ਮੀਟਿੰਗ ਵਿਚ ਬਿਹਤਰ ਕਾਰਗੁਜ਼ਾਰੀ ਵਾਲਿਆਂ ਨੂੰ ਸਨਮਾਨਿਤ ਕੀਤਾ ਗਿਆ। ਹਰੇਕ ਬਿਜਨੈਸ ਵਿੱਚ ਨਿਵੇਸ਼ ਕੀਤਾ ਜਾਂਦਾ ਹੈ। ਪਰ ਇਹ ਫਿਨੈਸ਼ਨਲ ਬਿਜਨੈਸ ਸਿੱਖਣ ਲਈ ਗਰੁਪ ਵਿੱਚ ਸ਼ਾਮਲ ਹੋਣਾ ਪੈਂਦਾ ਹੈ। ਜੋ ਮੁਫਤ ਕਲਾਸਾਂ ਦਿੰਦਾ ਹੈ। ਸਟੇਟ ਲਾਈਸੈਸ ਲੈਣ ਉਪਰੰਤ ਤੁਸੀ ਹਰ ਪ੍ਰੀਵਾਰ ਦੇ ਬੱਚਿਆਂ,ਯੂਥ ਤੇ ਪ੍ਰੀਵਾਰਾ ਨੂੰ ਸਿੱਖਿਆ ਕਰਨਾ ਹੈ,ਕਿ ਉਹ ਅਪਨੇ ਤੇ ਬੱਚਿਆਂ ਤੇ ਆਪਣੇ ਆਪ ਤੇ ਇਨਵੈਸਟ ਕਰਨਾ ਜ਼ਰੂਰੀ ਹੈ। ਜੇਕਰ ਅਸੀ ਬਿਜਲੀ ਦਾ ਬਿੱਲ, ਮਾਰਗੇਟਜ ਤੇ ਹੋਰ ਬਿੱਲ ਦਿੰਦੇ ਹਾਂ। ਹਰ ਕੋਈ ਆਪਣੇ ਆਪ ਤੇ ਇਨਵੈਸਟ ਕਰਨ ਤੋ ਝਿਜਕਦਾ ਹੈ। ਬੱਚਿਆਂ ਦੇ ਵਿਆਹ, ਪੜਾਈ ਤੇ ਰਿਟਾਇਰਮੈਂਟ ਤੇ ਨਾ ਮੁਰਾਦ ਬਿਮਾਰੀ ਬਾਰੇ ਕੋਈ ਨਹੀ ਸੋਚਦਾ ਹੈ। ਪਰ ਇਹ ਗਰੁਪ ਆਮ ਪ੍ਰੀਵਾਰਾ ਨੂੰ ਸਿੱਖਿਅਤ ਕਰਕੇ ਸੁਹਨਾ ਦੇ ਭਵਿੱਖ ਨੂੰ ਉਜਵਲ ਕਰਦਾ ਹੈ। ਲੋੜ ਹੈ ਹਰੇਕ ਨੂੰ ਇਸ ਦਾ ਲਾਭ ਲੈਣ ਲਈ ਅੱਗੇ ਆਉਣ ਦੀ ਜਿਸ ਲਈ ਦਿਤੇ ਨੰਬਰ ਤੇ ਕਾਲ ਕਰਕੇ ਸਿਖਿਅਤ ਹੋਵੋ। ਕੋਈ ਬੰਦਸ਼ ਨਹੀ ਹੈ। ਇਸ ਮੌਕੇ ਗਰੁਪ ਦੇ ਲਾਈਸੈਸ ਹੋਲਡਰ ਤੇ ਇਨਰੋਲ ਕਰਨ ਵਾਲਿਆਂ ਦਾ ਸਨਮਾਨ ਕੀਤਾ ਗਿਆ ਹੈ। ਜਿਸ ਵਿੱਚ ਬਲਵਿੰਦਰ ਸਿੰਘ,ਸੁਖਜਿੰਦਰ ਕੋਰ,ਰਾਜਿੰਦਰ ਕੋਰ,ਰਮਿੰਦਰਜੀਤ ਕੋਰ,ਰਾਜਦੀਪ ਸਿੰਘ ,ਸੁਰਿੰਦਰ ਸਿੰਘ ਗਿੱਲ,ਜਸਵੰਤ ਸਿੰਘ,ਰਚਨਦੀਪ ਸਿੰਘ,ਦਵਿੰਦਰ ਕੋਰ,ਰੂਬਲ ਤੇ ਬਬਲੂ ਤੇ ਪਿਆਰਾ ਸਿੰਘ ਨੂੰ ਸਨਮਾਨਿਤ ਕੀਤਾ। ਜਸਵੰਤ ਸਿੰਘ ਤੇ ਰਾਜਦੀਪ ਨੂੰ ਵਿਸ਼ੇਸ਼ ਚਿੰਨ ਦਿੱਤੇ ਗਏ। ਜਿੰਨਾ ਨੇ ਮਿਥੇ ਸਮੇਂ ਵਿਚ ਆਪਣਾ ਟਾਰਗਟ ਮੁਕੰਮਲ ਕੀਤਾ ਹੈ। ਇਹ ਸਨਮਾਨ ਮੈਰੀਲੈਡ ਦੇ ਐਸ ਐਮ ਡੀ ਰਣਜੀਤ ਕੌਰ ਨੇ ਕੀਤਾ। ਡਾਕਟਰ ਸੁਰਿੰਦਰ ਸਿੰਘ ਗਿੱਲ ਨੇ ਸਾਰਿਆਂ ਦਾ ਧੰਨਵਾਦ ਕੀਤਾ।


aap
AAM AADMI PARTY
VOTE & SUPPORT
ਆਪ
ਆਮ ਆਦਮੀ ਪਾਰਟੀ
ਆਮ ਆਦਮੀ ਪਾਰਟੀ
ਫਿਰੋਜ਼ਪੁਰ
ਜਗਦੀਪ ਸਿੰਘ ਕਾਕਾ ਬਰਾੜ
ਗੁਰਦਾਸਪੁਰ
ਅਮਨ ਸ਼ੇਰ ਕਲਸੀ (ਸ਼ੈਰੀ ਕਲਸੀ)
ਜਲੰਧਰ SC
ਪਵਨ ਕੁਮਾਰ ਟੀਨੂੰ
ਲੁਧਿਆਣਾ
ਅਸ਼ੋਕ ਪਰਾਸ਼ਰ ਪੱਪੀ
ਆਨੰਦਪੁਰ ਸਾਹਿਬ
ਮਾਲਵਿੰਦਰ ਸਿੰਘ ਕੰਗ
ਹੁਸ਼ਿਆਰਪੁਰ
ਡਾ.ਰਾਜਕੁਮਾਰ ਚੱਬੇਵਾਲ
ਅੰਮ੍ਰਿਤਸਰ
ਕੁਲਦੀਪ ਧਾਲੀਵਾਲ
ਖਡੂਰ ਸਾਹਿਬ
ਲਾਲਜੀਤ ਭੁੱਲਰ
ਫਤਿਹਗੜ੍ਹ ਸਾਹਿਬ
ਗੁਰਪ੍ਰੀਤ ਸਿੰਘ ਜੀ.ਪੀ.
ਫਰੀਦਕੋਟ
ਕਰਮਜੀਤ ਅਨਮੋਲ
ਬਠਿੰਡਾ
ਗੁਰਮੀਤ ਸਿੰਘ ਖੁੱਡੀਆਂ
ਸੰਗਰੂਰ
ਗੁਰਮੀਤ ਸਿੰਘ ਮੀਤ ਹੇਅਰ
ਪਟਿਆਲਾ
ਡਾ. ਬਲਬੀਰ ਸਿੰਘ
ਜਾਰੀ ਕਰਤਾ
GURDEEP GILL

# ਮੁੱਖ ਮੰਤਰੀ ਭਗਵੰਤ ਮਾਨ ਨੇ ਉੱਘੇ ਪੰਜਾਬੀ ਕਵੀ ਸੁਰਜੀਤ ਪਾਤਰ ਦੇ ਦੇਹਾਂਤ 'ਤੇ ਦੁੱਖ ਪ੍ਰਗਟਾਇਆ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਉੱਘੇ ਪੰਜਾਬੀ ਕਵੀ ਸੁਰਜੀਤ ਪਾਤਰ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਆਪਣੇ ਐਕਸ ਅਕਾਊਂਟ 'ਤੇ ਲਿਖਿਆ, "ਪੰਜਾਬੀ ਬੋਲੀ ਦੇ ਮਾਣਮੱਤੇ ਪੁੱਤ ਸੁਰਜੀਤ ਪਾਤਰ ਸਾਹਿਬ ਦੇ ਅਚਾਨਕ ਚਲੇ ਜਾਣ ‘ਤੇ ਬਹੁਤ ਦੁੱਖ ਹੋਇਆ..ਪੰਜਾਬੀ ਮਾਂ ਬੋਲੀ ਦਾ ਵਿਹੜਾ ਅੱਜ ਸੁੰਨਾਂ ਹੋ ਗਿਆ। ਮੁੱਖ ਮੰਤਰੀ ਭਗਵੰਤ ਮਾਨ ਅਕਸਰ ਆਪਣੇ ਭਾਸ਼ਣ ਵਿਚ ਡਾ. ਸੁਰਜੀਤ ਪਾਤਰ ਦੀਆਂ ਲਿਖੀਆਂ ਕਵਿਤਾਵਾਂ ਅਤੇ ਲਾਈਨਾਂ ਦਾ ਜ਼ਿਕਰ ਕਰਦੇ ਹਨ।

ਪੰਜਾਬੀ ਦੇ ਉੱਘੇ ਕਵੀ ਅਤੇ ਲੇਖਕ ਡਾ. ਸੁਰਜੀਤ ਪਾਤਰ ਦਾ ਸ਼ਨੀਵਾਰ ਨੂੰ 79 ਸਾਲ ਦੀ ਉਮਰ ਵਿੱਚ ਲੁਧਿਆਣਾ 'ਚ ਦਿਹਾਂਤ ਹੋ ਗਿਆ। 14 ਜਨਵਰੀ 1945 ਨੂੰ ਜਨਮੇ ਪਾਤਰ ਜਲੰਧਰ ਜ਼ਿਲ੍ਹੇ ਦੇ ਪਿੰਡ ਪੱਤੜ ਕਲਾਂ ਨਾਲ ਸਬੰਧਿਤ ਸਨ, ਜਿੱਥੋਂ ਉਨ੍ਹਾਂ ਨੇ ਆਪਣਾ ਨਾਮ ਸੁਰਜੀਤ ਪਾਤਰ ਲਿਆ।

ਡਾ. ਸੁਰਜੀਤ ਪਾਤਰ ਨੇ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਵਿਖੇ ਪੰਜਾਬੀ ਦੇ ਪ੍ਰੋਫੈਸਰ ਵਜੋਂ ਸੇਵਾ ਨਿਭਾਈ, ਜਿੱਥੇ ਉਨ੍ਹਾਂ ਨੇ ਪੰਜਾਬੀ ਸਾਹਿਤ ਵਿੱਚ ਆਪਣਾ ਸਫ਼ਰ ਸ਼ੁਰੂ ਕੀਤਾ। ਡਾ. ਸੁਰਜੀਤ ਪਾਤਰ ਨੂੰ 2012 ਵਿੱਚ ਪਦਮਸ਼੍ਰੀ ਨਾਲ ਸਨਮਾਨਿਤ ਕੀਤਾ ਗਿਆ ਸੀ।

**ਡਾ. ਸੁਰਜੀਤ ਪਾਤਰ ਜੀ ਨੇ ਪੰਜਾਬੀ ਸਾਹਿਤ ਨੂੰ ਬਹੁਤ ਹੀ ਅਮੀਰੀ ਬਖ਼ਸ਼ੀ– ਹਰਪਾਲ ਚੀਮਾ**



ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਆਪਣੇ ਸੋਸ਼ਲ ਅਕਾਊਂਟ ‘ਤੇ ਲਿਖਿਆ– ਕੁੱਝ ਕਿਹਾ ਤਾਂ ਹਨੇਰਾ ਜਰੇਗਾ ਕਿਵੇਂ, ਚੁੱਪ ਰਿਹਾ ਤਾਂ ਸ਼ਮਾਦਾਨ ਕੀ ਕਹਿਣਗੇ। ਪੰਜਾਬੀ ਦੇ ਪ੍ਰਸਿੱਧ ਸ਼ਾਇਰ ਸੁਰਜੀਤ ਪਾਤਰ ਜੀ ਦਾ ਅਕਾਲ ਚਲਾਣਾ ਬਹੁਤ ਹੀ ਦੁਖਦਾਈ ਹੈ। ਉਨ੍ਹਾਂ ਨੇ ਪੰਜਾਬੀ ਸਾਹਿਤ ਨੂੰ ਬਹੁਤ ਹੀ ਅਮੀਰੀ ਬਖ਼ਸ਼ੀ। ਉਨ੍ਹਾਂ ਦਾ ਸਦੀਵੀ ਵਿਛੋੜਾ ਉਨ੍ਹਾਂ ਦੇ ਪਰਿਵਾਰ ਲਈ ਹੀ ਨਹੀਂ ਬਲਕਿ ਸਮੁੱਚੇ ਪੰਜਾਬੀ ਜਗਤ ਲਈ ਨਾ ਪੂਰਾ ਹੋਣ ਵਾਲਾ ਘਾਟਾ ਹੈ। ਪਰਮਾਤਮਾ ਉਨ੍ਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ੇ ਅਤੇ ਉਨ੍ਹਾਂ ਦੇ ਪਰਿਵਾਰ ਤੇ ਉਨ੍ਹਾਂ ਨੂੰ ਚਾਹੁਣ ਵਾਲਿਆਂ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ੇ।

**ਇਹ ਮੇਰੇ ਲਈ ਨਿੱਜੀ ਘਾਟਾ ਹੈ– ਸਿੱਖਿਆ ਮੰਤਰੀ ਹਰਜੋਤ ਬੈਂਸ**

ਮੰਤਰੀ ਹਰਜੋਤ ਸਿੰਘ ਬੈਂਸ ਨੇ ਆਪਣੇ ਸੋਸ਼ਲ ਅਕਾਊਂਟ ‘ਤੇ ਲਿਖਿਆ, ਅਖੀਰੀ ਵਕਤ ਇਹ ਮੰਜ਼ਰ ਹੈ ਕੈਸਾ, ਕਿ ਤੂੰ ਪਰਵਾਜ਼ ਭਰਨੀ ਅੰਬਰਾਂ ਦੀ, ਤੇ ਮੈਂ ਏਥੇ ਹੀ ਟੁੱਟ ਕੇ ਡਿੱਗਣਾ ਹੈ। ਸੁਰਜੀਤ ਪਾਤਰ ਜੀ ਦਾ ਇਸ ਤਰਾਂ ਦੁਨੀਆ ਦੀ ਮਹਿਫ਼ਲ ਚੋਂ ਚਲੇ ਜਾਣਾ ਪੰਜਾਬ ਲਈ ਬਹੁਤ ਵੱਡਾ ਘਾਟਾ ਹੈ। ਮੇਰੇ ਲਈ ਇਹ ਨੁਕਸਾਨ ਨਿੱਜੀ ਵੀ ਹੈ।

**ਪੰਜਾਬੀ ਅਦਬ ਦੀ ਵੱਡੀ ਸਖਸ਼ੀਅਤ ਡਾ. ਸੁਰਜੀਤ ਪਾਤਰ ਜੀ ਦੇ ਅਕਾਲ ਚਲਾਣੇ ਦੀ ਖ਼ਬਰ ਸੁਣ ਕੇ ਬਹੁਤ ਦੁੱਖ ਹੋਇਆ– ਮੀਤ ਹੇਅਰ**

ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਆਪਣੇ ਸੋਸ਼ਲ ਅਕਾਊਂਟ ‘ਤੇ ਲਿਖਿਆ, ਪੰਜਾਬੀ ਅਦਬ ਦੀ ਵੱਡੀ ਸਖਸ਼ੀਅਤ ਅਤੇ ਸਾਡੇ ਯੁੱਗ ਦੇ ਮਹਾਨ ਸ਼ਾਇਰ ਡਾ. ਸੁਰਜੀਤ ਪਾਤਰ ਜੀ ਦੇ ਅਕਾਲ ਚਲਾਣੇ ਦੀ ਖ਼ਬਰ ਸੁਣ ਕੇ ਬਹੁਤ ਦੁੱਖ ਹੋਇਆ। ਵਾਹਿਗੁਰੂ ਉਨ੍ਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ੇ ਅਤੇ ਪਿੱਛੇ ਪਰਿਵਾਰ ਤੇ ਸਾਹਿਤ ਪ੍ਰੇਮੀਆਂ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ੇ।

**ਡਾ. ਸੁਰਜੀਤ ਪਾਤਰ ਜੀ ਰਹਿੰਦੀ ਦੁਨੀਆ ਤੱਕ ਚਾਹੁੰਣ ਵਾਲਿਆਂ ਦੇ ਦਿਲਾਂ 'ਚ ਹਮੇਸ਼ਾ ਸੁਰਜੀਤ ਰਹਿਣਗੇ– ਡਾ. ਬਲਬੀਰ ਸਿੰਘ**

ਡਾ. ਬਲਬੀਰ ਸਿੰਘ ਨੇ ਆਪਣੇ ਸੋਸ਼ਲ ਅਕਾਊਂਟ ‘ਤੇ ਲਿਖਿਆ, ਪੰਜਾਬੀ ਸਹਿਤ ਦੇ ਮਹਾਨ ਸ਼ਾਇਰ, ਪਦਮਸ਼੍ਰੀ ਸੁਰਜੀਤ ਪਾਤਰ ਜੀ ਦੇ ਵਿਛੋੜੇ ਦੀ ਖ਼ਬਰ ਬੇਹੱਦ ਦੁਖਦਾਈ ਹੈ। ਉਨ੍ਹਾਂ ਦੀ ਪੰਜਾਬ ਤੇ ਪੰਜਾਬੀਅਤ ਨੂੰ ਬਹੁਤ ਵੱਡੀ ਦੇਣ ਹੈ। ਜਿਸਨੂੰ ਸ਼ਬਦਾਂ ‘ਚ ਬਿਆਨਿਆਂ ਨਹੀਂ ਜਾ ਸਕਦਾ, ਸੁਰਜੀਤ ਪਾਤਰ ਜੀ ਰਹਿੰਦੀ ਦੁਨੀਆ ਤੱਕ ਚਾਹੁੰਣ ਵਾਲਿਆਂ ਦੇ ਦਿਲਾਂ 'ਚ ਹਮੇਸ਼ਾ ਸੁਰਜੀਤ ਰਹਿਣਗੇ।

# ਪਦਮਸ੍ਰੀ ਸੁਰਜੀਤ ਪਾਤਰ ਦੇ ਤੁਰ ਜਾਣ 'ਤੇ ਲੇਖਕ ਭਾਈਚਾਰੇ ਵਿੱਚ ਸੋਗ ਦੀ ਲਹਿਰ

## ਪਾਤਰ ਦੇ ਜਾਣ ਨਾਲ ਇਕ ਯੁੱਗ ਦਾ ਅੰਤ –ਲੇਖਕ ਭਾਈਚਾਰਾ



ਜੰਡਿਆਲਾ ਗੁਰੂ
ਸ਼ੁਕਰਗੁਜ਼ਾਰ ਸਿੰਘ

ਪੰਜਾਬੀ ਸ਼ਾਇਰੀ ਅਤੇ ਪੰਜਾਬੀ ਭਾਸ਼ਾ ਦੇ ਲਾਡਲੇ ਸ਼ਾਇਰ ਪਦਮਸ੍ਰੀ ਸੁਰਜੀਤ ਪਾਤਰ ਦੇ ਬੇਵਕਤੀ ਤੁਰ ਜਾਣ 'ਤੇ ਸਥਾਨਕ ਲੇਖਕ ਭਾਈਚਾਰੇ ਵਲੋਂ ਗਹਿਰੇ ਦੁੱਖ ਦਾ ਇਜਹਾਰ ਕੀਤਾ ਹੈ। ਸਥਾਨਕ ਕੰਪਨੀ ਬਾਗ ਵਿਚ ਹੋਈ ਸਾਹਿਤਕਾਰਾਂ ਦੀ ਸੋਗ ਇਕੱਤਰਤਾ ਵਿਚ ਬੋਲਦਿਆਂ ਕੇਂਦਰੀ ਸਭਾ ਦੇ ਸਕੱਤਰ ਕਥਾਕਾਰ ਦੀਪ ਦੇਵਿੰਦਰ ਸਿੰਘ ਨੇ ਕਿਹਾ ਕਿ ਪਾਤਰ ਸਾਹਿਬ ਦੀ ਬੇ-ਵਕਤੀ ਮੌਤ ਨਾਲ ਪੰਜਾਬੀ ਸਾਹਿਤ ਅਤੇ ਪੰਜਾਬੀ ਸ਼ਾਇਰੀ ਦੇ ਇਕ ਯੁੱਗ ਦਾ ਅੰਤ ਹੋ ਗਿਆ ਹੈ। ਡਾ. ਪਰਮਿੰਦਰ ਅਤੇ ਹਰਜੀਤ ਸਿੰਘ ਸੰਧੂ ਨੇ ਕਿਹਾ ਕਿ ਪੰਜਾਬੀ ਜ਼ੁਬਾਨ ਦੇ ਇਸ ਨਾਮਵਰ ਸ਼ਾਇਰ ਨੇ 60ਵਿਆਂ ਦੇ ਅੱਧ ਤੋਂ ਲੈ ਕੇ ਆਪਣੇ ਵਿਲੱਖਣ ਅਲਫਾਜ਼, ਅਵਾਜ਼ ਅਤੇ ਅੰਦਾਜ਼ ਨਾਲ ਲੋਕ ਮਨਾਂ ਵਿੱਚ ਆਪਣੀ ਨਿਵੇਕਲੀ ਜਗਾਹ ਬਣਾਈ। ਅਜਿਹੀ ਸ਼ਖ਼ਸੀਅਤ ਦਾ ਬੇਵਕਤੀ ਤੁਰ ਜਾਣਾ ਸਭ ਸਾਹਿਤਕਾਰਾਂ ਦੇ ਦਿਲ ਵਲੂੰਧਰ ਗਿਆ ਹੈ। ਪ੍ਰਿੰ ਕੁਲਵੰਤ ਸਿੰਘ ਅਣਖੀ, ਐਸ ਪਰਸ਼ੋਤਮ, ਡਾ ਵਜ਼ੀਰ ਸਿੰਘ ਰੰਧਾਵਾ ਨੇ ਕਿਹਾ ਕਿ ਪਾਤਰ ਸਾਹਬ ਦੀਆਂ ਬਹੁ ਮੁੱਲੀਆਂ ਲਿਖਤਾਂ ਨੂੰ ਦੇਸ਼ ਵਿਦੇਸ਼ ਤੋਂ ਕਈ ਇਨਾਮ ਸਨਮਾਨ ਪ੍ਰਾਪਤ ਹੋਏ ਜਿੰਨ੍ਹਾਂ ਵਿਚ ਪਦਮ ਸ਼੍ਰੀ ਅਤੇ ਭਾਰਤੀ ਸਾਹਿਤ ਅਕਾਦਮੀ ਪੁਰਸਕਾਰ ਵਿਸ਼ੇਸ਼ ਜਿਕਰਯੋਗ ਹਨ। ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਡਾ. ਮੋਹਨ, ਜਸਵੰਤ ਧਾਪ, ਡਾ. ਭੁਪਿੰਦਰ ਸਿੰਘ ਫੇਰੂਮਾਨ, ਦਿਲਰਾਜ ਸਿੰਘ ਦਰਦੀ, ਕਿਰਪਾਲ ਸਿੰਘ ਵੇਰਕਾ, ਮੁਖਤਾਰ ਗਿੱਲ, ਸਰਬਜੀਤ ਸਿੰਘ ਸੰਧੂ, ਡਾ. ਰਜਿੰਦਰ ਰਿਖੀ, ਡਾ ਕਸ਼ਮੀਰ ਸਿੰਘ, ਸੁਮੀਤ ਸਿੰਘ, ਜਗਤਾਰ ਗਿੱਲ, ਸ਼ੁਕਰਗੁਜ਼ਾਰ ਸਿੰਘ, ਜਸਬੀਰ ਝਬਾਲ, ਪ੍ਰਿੰ. ਅਮ੍ਰਿਤ ਲਾਲ ਮੰਨਣ, ਡਾ ਗਗਨਦੀਪ, ਸੁਰਜੀਤ ਸਿੰਘ ਅਸ਼ਕ, ਸਕੱਤਰ ਸਿੰਘ ਪੁਰੇਵਾਲ ਨੇ ਦਸਿਆ ਕਿ ‘ਹਨੇਰੇ ਵਿਚ ਸੁਲਘਦੀ ਵਰਣਮਾਲਾ, ਲਫ਼ਜ਼ਾਂ ਦੀ ਦਰਗਾਹ, ਹਵਾ ਵਿਚ ਲਿਖੇ ਹਰਫ਼, ਸੁਰਜ਼ਮੀਨ ਅਤੇ ਬਿਰਖ਼ ਅਰਜ਼ ਕਰੇ’ ਆਦਿ ਉਹਨਾਂ ਦੀਆਂ ਕਾਵਿ ਪੁਸਤਕਾਂ ਨੂੰ ਹਰ ਵਰਗ ਦੇ ਪਾਠਕਾਂ ਨੇ ਪੜਿਆ ਅਤੇ ਸਰਾਹਿਆ ਹੈ।




E-MAIL:SALES@ezeldsolutions.com
EZ ELD SOLUTIONS
LOGBOOKS MADE EASY
TRACK YOUR TRUCK WITH
EZ TRUCK SOLUTION
ਆਪਣੇ ਟਰੱਕ ਵਿਚ ELD DEVICE ਲਗਾਉਣ ਲਈ ਸਾਨੂੰ ਕਾਲ ਕਰੋ
ਅਸੀਂ ਤੁਹਾਡੇ ਨਾਲ ਪੰਜਾਬੀ ਵਿਚ ਗੱਲ-ਬਾਤ ਕਰ ਸਕਦੇ ਹਾਂ
FMCSA Complaint & Affordable
The Power of telematics in the palm of your hand
Compliance | Asset Tracking | Management
$100 HARDWARE
ONE-TIME FEE
$20 MONTHLY
SUBSCRIPTION
CRITICAL ENGINE DATA
Maintanence Entry
Tracking
Tire Pressure
Diagnostics
Refer temp
24/7 TECHNICAL SUPPORT IN
ENGLISH,SPANISH AND PUNJABI.
CALL NOW +1 (800) 556-7105
Official Address : 2301 W Belmont ave, Fresno, CA 93727

# ਕੌਂਸਲੇਟ ਜਨਰਲ ਆਫ਼ ਇੰਡੀਆ ਵੱਲੋਂ ਕੌਂਸਲੇਟ ਵੀਜ਼ਾ ਕੈਂਪ ਲਗਾਇਆ ਗਿਆ


























ਕੈਲੀਫੋਰਨੀਆ
ਸਾਂਝੀ ਸੋਚ ਬਿਊਰੋ

ਕੌਂਸਲੇਟ ਜਨਰਲ ਆਫ਼ ਇੰਡੀਆ ਸਨ ਫਰਾਂਸਿਸਕੋ ਨੇ ਕੈਲੀਫੋਰਨੀਆ ਦੇ ਸੈਲਮਾ ਸ਼ਹਿਰ ਦੇ ਵਿਚ ਕੌਂਸਲੇਟ ਵੀਜ਼ਾ ਕੈਂਪ ਲਗਾਇਆ। ਇਸ ਕੈਂਪ ਵਿਚ ਸੌ ਤੋਂ ਵੱਧ ਲੋਕਾਂ ਨੇ ਸ਼ਮੂਲੀਅਤ ਕੀਤੀ ਅਤੇ ਪਾਸਪੋਰਟ, ਵੀਜਾ, ਓਸੀਆਈ ਅਤੇ ਹੋਰ ਸੇਵਾਵਾਂ ਦੀਆਂ ਅਰਜੀਆਂ ਦਿੱਤੀਆਂ ਅਤੇ ਆਪਣੇ ਕੰਮ ਕਰਵਾਏ।

ਇਹ ਕੌਂਸਲੇਟ ਕੈਂਪ ਸਵੇਰੇ ਨੌਂ ਵਜੇ ਤੋਂ ਲੈ ਕੇ ਸ਼ਾਮ ਦੇ ਪੰਜ ਵਜੇ ਤੱਕ ਚੱਲਿਆ। ਕੌਂਸਲੇਟ ਦਫ਼ਤਰ ਵਿਚੋਂ ਕੌਂਸਲ ਜਨਰਲ ਡਾ.ਸ਼੍ਰੀਕਰ ਰੈਡੀ ਅਤੇ ਉਹਨਾਂ ਦਾ ਸਟਾਫ਼ ਅਤੇ ਵੀਐੱਫਐਸ ਦੇ ਸਟਾਫ ਮੈਂਬਰ ਵੀ ਆਏ।

ਜਿਨਾਂ ਨੇ ਸਾਰਾ ਦਿਨ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਆਪਣੇ ਵੱਲੋਂ ਪੂਰੀ ਤਨਦੇਹੀ ਨਾਲ ਕੰਮ ਕਰਦਿਆਂ ਲੋਕਾਂ ਦੀਆਂ ਸਮੱਸਿਆਵਾਂ ਦੂਰ ਵੀ ਕੀਤੀਆਂ। ਕੌਂਸਲ ਜਨਰਲ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਜਦੋਂ ਤੱਕ ਉਹ ਇਸ ਅਹੁਦੇ ਉਪਰ ਹਨ, ਕਿਸੇ ਵੀ ਵਿਅਕਤੀ ਨੂੰ ਵੀਜਾ, ਪਾਸਪੋਰਟ ਜਾਂ ਓਸੀਆਈ ਦੀ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ। ਉਹਨਾਂ ਕਿਹਾ ਕਿ ਅਸੀਂ ਇਹ ਸਾਰੀਆਂ ਸੇਵਾਵਾਂ ਤੁਹਾਡੇ ਸਭ ਲਈ ਬਹੁਤ ਆਸਾਨ ਬਣਾਵਾਂਗੇ।

ਉਹਨਾਂ ਕਿਹਾ ਕਿ ਕੈਲੀਫੋਰਨੀਆ ਦੇ ਹੋਰਨਾਂ ਸ਼ਹਿਰਾਂ ਵਿਚ ਵੀ ਅਜਿਹੇ ਕੈਂਪ ਲਗਾਏ ਜਾਣਗੇ। ਇਹ ਕੈਂਪ ਸੈਲਮਾ ਗੁਰਦੁਆਰਾ ਸਾਹਿਬ ਦੀ ਕਮੇਟੀ ਦੇ ਸਮੂਹ ਮੈਂਬਰ ਸਾਹਿਬਾਨ ਅਤੇ ਪਾਲ ਸਹੋਤਾ, ਗੁਰਮੀਤ ਸਿੰਘ ਗਾਜੀਆਣਾ, ਰਾਣਾ ਗਿੱਲ, ਚਰਨ ਗੁਰਮ ਅਤੇ ਇੰਡੋ ਅਮਰੀਕਨ ਹੈਰੀਟੇਜ ਐਸੋਸੀਏਸ਼ਨ ਦੀ ਮਦਦ ਨਾਲ ਨੇਪਰੇ ਚੜਿਆ।

ਇਸ ਕੈਂਪ ਦੀ ਮੀਡੀਆ ਕਵਰੇਜ ਸਾਂਝੀ ਸੋਚ ਟੀਵੀ ਅਤੇ ਰੋਜ਼ਾਨਾ ਅਖ਼ਬਾਰ ਦੇ ਸੀਈਓ ਬੂਟਾ ਸਿੰਘ ਬਾਸੀ ਅਤੇ ਪੀਟੀਸੀ ਦੇ ਸੰਜੀਵ ਕੁਮਾਰ ਨੇ ਕੀਤੀ।

ਜਿਨਾਂ ਲੋਕਾਂ ਨੇ ਸਿਆਸੀ ਸ਼ਰਣ ਲਈ ਹੋਈ ਹੈ ਜਾਂ ਜਿਨਾਂ ਕੋਲ ਪਾਸਪੋਰਟ ਨਹੀਂ ਹਨ ਜਾਂ ਉਹਨਾਂ ਦੀਆਂ ਅਰਜੀਆਂ ਪੈਂਡਿੰਗ ਹਨ, ਉਹਨਾਂ ਵਿਚੋਂ ਬਹੁਤ ਸਾਰੇ ਲੋਕਾਂ ਨੇ ਇਸ ਮੌਕੇ ਇਹਨਾਂ ਸੇਵਾਵਾਂ ਦਾ ਲਾਭ ਲਿਆ, ਜਿਨਾਂ ਨੂੰ ਬਹੁਤ ਜਲਦੀ ਪਾਸਪੋਰਟ ਮਿਲ ਜਾਣਗੇ।


VOTE & SUPPORT
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
BHUPINDER SINGH JADLA

web -www.globaltruckpermits.com email -info@globaltruckpermits.com

# ਸਾਰੀਆਂ ਸੇਵਾਵਾਂ ਇੱਕੋ ਥਾਂ

# GLOBAL TRUCK PERMITS

## ਕੈਲੇਫੋਰਨੀਆ ਅੰਦਰ

ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ

New Company Permits
IRP Plates
Trailer Plates
Truck ELD
DOT Drug Testing



"ਸਾਡਾ ਇਸ ਕੰਮ ਵਿਚ 18 ਸਾਲ ਦਾ ਤਜਰਬਾ ਹੈ"

ਰਾਜਿੰਦਰ ਟਾਂਡਾ

Cell : (510) 557-6988 | Ph : 209-636-0880

Address: 159 Darcy Pkwy Lathrop CA 95330

# ਹਰਨੇਕ ਸਿੰਘ ਮਹਿਮਾ ਨੂੰ ਤੁਰੰਤ ਰਿਹਾਅ ਕੀਤਾ ਜਾਵੇ: ਸੰਯੁਕਤ ਕਿਸਾਨ ਮੋਰਚਾ

ਬਰਨਾਲਾ
ਸਾਂਝੀ ਸੋਚ ਬਿਊਰੋ

ਅੱਜ ਹਰਿੰਦਰ ਸਿੰਘ ਲੱਖੋਵਾਲ, ਫੁਰਮਾਨ ਸਿੰਘ ਸੰਧੂ ਅਤੇ ਮਨਜੀਤ ਸਿੰਘ ਧਨੇਰ ਤੇ ਅਧਾਰਿਤ ਸੰਯੁਕਤ ਕਿਸਾਨ ਮੋਰਚਾ ਦੇ ਪ੍ਰਧਾਨਗੀ ਮੰਡਲ ਦੀ ਮੀਟਿੰਗ ਜਗਰਾਉਂ ਵਿਖੇ ਹੋਈ। ਇਸ ਮੀਟਿੰਗ ਵਿੱਚ 10 ਮਈ ਨੂੰ ਫਿਰੋਜ਼ਪੁਰ ਵਿਖੇ ਭਾਜਪਾ ਉਮੀਦਵਾਰ ਗੁਰਮੀਤ ਸਿੰਘ ਰਾਣਾ ਸੋਢੀ ਨੂੰ ਕਾਲੇ ਝੰਡੇ ਵਿਖਾਉਣ ਜਾਂਦੇ ਸਮੇਂ ਭਾਰਤੀ ਕਿਸਾਨ ਯੂਨੀਅਨ ਏਕਤਾ-ਡਕੌਂਦਾ ਦੇ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਅਤੇ ਹੋਰ ਆਗੂਆਂ ਨੂੰ ਗ੍ਰਿਫ਼ਤਾਰ ਕਰਨ ਦੀ ਸਖ਼ਤ ਨਿਖੇਧੀ ਕੀਤੀ ਗਈ।

ਇਸ ਸਬੰਧੀ ਸੰਯੁਕਤ ਕਿਸਾਨ ਮੋਰਚੇ ਵੱਲੋਂ ਪ੍ਰੈਸ ਬਿਆਨ ਜਾਰੀ ਕਰਦਿਆਂ ਹਰਿੰਦਰ ਸਿੰਘ ਲੱਖੋਵਾਲ, ਮਨਜੀਤ ਸਿੰਘ ਧਨੇਰ ਅਤੇ ਫੁਰਮਾਨ ਸਿੰਘ ਸੰਧੂ ਨੇ ਦੱਸਿਆ ਕਿ ਪੰਜਾਬ ਪੁਲਿਸ ਨੇ ਭਾਜਪਾ ਉਮੀਦਵਾਰ ਨੂੰ ਕਾਲੇ ਝੰਡੇ ਦਿਖਾਉਣ ਜਾਂਦਿਆਂ ਹਰਨੇਕ ਸਿੰਘ ਮਹਿਮਾ ਨੂੰ ਹਿਰਾਸਤ ਵਿੱਚ ਲੈ ਕੇ ਕਿਸੇ ਪੁਰਾਣੇ ਕੇਸ ਵਿੱਚ ਗਿਰਫ਼ਤਾਰੀ ਦਿਖਾਈ ਹੈ। ਗਿਰਫ਼ਤਾਰੀ ਤੋਂ ਬਾਅਦ ਉਸ ਨੂੰ ਵੱਖ-ਵੱਖ ਥਾਣਿਆਂ ਵਿੱਚ ਘੁਮਾਇਆ ਗਿਆ ਅਤੇ ਉਸ ਦੀਆਂ ਜੀਵਨ ਬਚਾਓ ਦਵਾਈਆਂ ਵੀ ਨਹੀਂ ਦੇਣ ਦਿੱਤੀਆਂ ਗਈਆਂ। ਇਸ ਗਿਰਫ਼ਤਾਰੀ ਨੇ ਦੱਸ ਦਿੱਤਾ ਹੈ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਅਤੇ ਭਾਰਤੀ ਜਨਤਾ ਪਾਰਟੀ ਆਪਸ ਵਿੱਚ ਘਿਉ ਖਿਚੜੀ ਹੋ ਕੇ ਚੱਲ ਰਹੀਆਂ ਹਨ।

ਸੰਯੁਕਤ ਕਿਸਾਨ ਮੋਰਚਾ ਪੰਜਾਬ ਨੇ ਇਸ ਗ੍ਰਿਫ਼ਤਾਰੀ ਦਾ ਸਖਤ ਨੋਟਿਸ ਲਿਆ ਹੈ ਅਤੇ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੱਤੀ ਹੈ ਕਿ ਹਰਨੇਕ ਸਿੰਘ ਮਹਿਮਾ ਨੂੰ ਤੁਰੰਤ ਰਿਹਾਅ ਕੀਤਾ ਜਾਵੇ ਨਹੀਂ ਤਾਂ ਸੰਯੁਕਤ ਕਿਸਾਨ ਮੋਰਚੇ ਵੱਲੋਂ ਸਮੁੱਚੇ ਪੰਜਾਬ ਵਿੱਚ ਆਮ ਆਦਮੀ ਪਾਰਟੀ ਅਤੇ ਪੰਜਾਬ ਸਰਕਾਰ ਖ਼ਿਲਾਫ਼ ਘੋਲ ਵਿੱਢ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਇੱਕ ਸਾਜਿਸ਼ ਤਹਿਤ ਹਰਨੇਕ ਮਹਿਮਾ ਨੂੰ ਪੁਰਾਣੇ ਕੇਸ ਵਿੱਚ ਉਲਝਾਇਆ ਹੈ ਤਾਂ ਕਿ ਵੋਟਾਂ ਪੈਣ ਵਾਲੇ ਦਿਨ ਤੱਕ ਉਸ ਨੂੰ ਜੇਲ੍ਹ ਵਿੱਚ ਰੱਖ ਕੇ ਭਾਜਪਾ ਦਾ ਵਿਰੋਧ ਕਰਨ ਤੋਂ ਰੋਕਿਆ ਜਾ ਸਕੇ।

ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਨੇ ਕਿਹਾ ਕਿ ਇੱਕ ਪਾਸੇ ਆਮ ਆਦਮੀ ਪਾਰਟੀ ਚੀਕ ਚਿਹਾੜਾ ਪਾ ਰਹੀ ਹੈ ਕਿ ਅਰਵਿੰਦ ਕੇਜਰੀਵਾਲ ਨੂੰ ਚੋਣਾਂ ਕਾਰਨ ਝੂਠੇ ਕੇਸਾਂ ਵਿੱਚ ਫਸਾ ਕੇ ਜੇਲ੍ਹ ਵਿੱਚ ਰੱਖਿਆ ਗਿਆ ਹੈ। ਇਸਦੇ ਨਾਲ ਹੀ ਦੂਜੇ ਪਾਸੇ ਕਿਸਾਨ ਆਗੂਆਂ ਨੂੰ ਉਸੇ ਤਰ੍ਹਾਂ ਬਹਾਨਿਆ ਨਾਲ ਜੇਲ੍ਹਾਂ ਵਿੱਚ ਰੱਖਣ ਦੇ ਮਨਸੂਬੇ ਬਣਾਏ ਜਾ ਰਹੇ ਹਨ। ਇਸ ਤੋਂ ਲੋਕਾਂ ਦੀ ਉਹ ਗੱਲ ਸੱਚੀ ਸਾਬਤ ਹੋ ਗਈ ਹੈ ਕਿ ਆਮ ਆਦਮੀ ਪਾਰਟੀ, ਭਾਜਪਾ ਦੀ ਬੀ ਟੀਮ ਹੈ। ਇਸ ਮੀਟਿੰਗ ਵਿੱਚ 21 ਮਈ ਨੂੰ ਜਗਰਾਉਂ ਦੀ ਅਨਾਜ ਮੰਡੀ ਵਿੱਚ ਸੰਯੁਕਤ ਕਿਸਾਨ ਮੋਰਚਾ ਪੰਜਾਬ ਵੱਲੋਂ ਕੀਤੀ ਜਾਂ ਰਹੀ ਮਹਾਂਰੈਲੀ ਦੀ ਤਿਆਰੀ ਲਈ ਪ੍ਰਬੰਧਾਂ ਦੀ ਸਮੀਖਿਆ ਕੀਤੀ ਗਈ। ਇਸ ਮਹਾਂ ਰੈਲੀ ਵਿੱਚ ਕਿਸਾਨਾਂ ਤੋਂ ਇਲਾਵਾ ਮਜ਼ਦੂਰਾਂ ਅਤੇ ਮੁਲਾਜ਼ਮਾਂ ਸਮੇਤ ਲੱਖਾਂ ਲੋਕ ਇਕੱਠੇ ਹੋਣਗੇ ਅਤੇ ਭਾਜਪਾ ਦੀਆਂ ਲੋਕ ਵਿਰੋਧੀ, ਫੈਡਰਲਿਜ਼ਮ ਵਿਰੋਧੀ ਅਤੇ ਕਾਰਪੋਰੇਟ ਪੱਖੀ ਨੀਤੀਆਂ ਦੇ ਵਿਰੋਧ ਵਿੱਚ ਭਾਜਪਾ ਦਾ ਪਰਦਾਫਾਸ਼ ਕਰਨ, ਵਿਰੋਧ ਕਰਨ ਅਤੇ ਸਜ਼ਾ ਦੇਣ ਦਾ ਐਲਾਨ ਕਰਨਗੇ।

ਸੰਯੁਕਤ ਕਿਸਾਨ ਮੋਰਚੇ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਤੇ ਕੀਤਾ ਗਿਆ ਜ਼ਬਰ, ਭਾਰਤੀ ਜਨਤਾ ਪਾਰਟੀ ਨੂੰ ਲੋਕਾਂ ਦੇ ਗੁੱਸੇ ਤੋਂ ਬਚਾ ਨਹੀਂ ਸਕੇਗਾ ਸਗੋਂ ਕਿਸਾਨਾਂ ਮਜ਼ਦੂਰਾਂ ਅਤੇ ਹੋਰ ਲੋਕਾਂ ਦਾ ਭਾਜਪਾ ਅਤੇ ਆਮ ਆਦਮੀ ਪਾਰਟੀ ਖ਼ਿਲਾਫ਼ ਰੋਹ ਹੋਰ ਪ੍ਰਚੰਡ ਹੋਵੇਗਾ।



# ਡੀ.ਏ.ਵੀ.ਕਾਲਜ ਜਲੰਧਰ ਪੰਜਾਬੀ ਸਾਹਿਤ ਸਭਾ ਵੱਲੋਂ ਪ੍ਰਸਿੱਧ ਪੰਜਾਬੀ ਕਵੀ ਸੁਰਜੀਤ ਪਾਤਰ ਜੀ ਦੇ ਅਕਾਲ ਚਲਾਣੇ 'ਤੇ ਦੁੱਖ ਦਾ ਪ੍ਰਗਟਾਵਾ

ਜਲੰਧਰ
ਸਾਂਝੀ ਸੋਚ ਬਿਊਰੋ

ਡੀ.ਏ.ਵੀ.ਕਾਲਜ ਜਲੰਧਰ, ਪੰਜਾਬੀ ਸਾਹਿਤ ਸਭਾ ਵੱਲੋਂ ਪੰਜਾਬੀ ਦੇ ਸਿਰਮੌਰ ਕਵੀ ਡਾ. ਸੁਰਜੀਤ ਪਾਤਰ ਜੀ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਡਾ.ਰਾਜ਼ੇਸ ਕੁਮਾਰ ਜੀ ਨੇ ਡਾ. ਸੁਰਜੀਤ ਪਾਤਰ ਦੇ ਅਚਨਚੇਤ ਅਕਾਲ ਚਲਾਣੇ ਨੂੰ ਬੇਹੱਦ ਦੁਖਦਾਈ ਦੱਸਦਿਆਂ ਕਿਹਾ ਕਿ ਅਜਿਹੇ ਯੁੱਗ ਕਵੀ ਵਿਰਲੇ ਹੀ ਪੈਦਾ ਹੁੰਦੇ ਹਨ। ਉਹਨਾਂ ਦੀ ਪੰਜਾਬੀ ਭਾਸ਼ਾ ਅਤੇ ਸਭਿਆਚਾਰ ਨੂੰ ਵੱਡੀ ਦੇਣ ਹੈ। ਪੰਜਾਬੀ ਵਿਭਾਗ ਦੇ ਮੁਖੀ ਡਾ.ਅਸ਼ੋਕ ਕੁਮਾਰ ਖੁਰਾਣਾ ਨੇ ਡਾ. ਸੁਰਜੀਤ ਪਾਤਰ ਜੀ ਦੇ ਅਕਾਲ ਚਲਾਣੇ ਨੂੰ ਪੰਜਾਬੀ ਸਾਹਿਤ ਜਗਤ ਲਈ ਕਦੇ ਨਾ ਪੂਰਾ ਹੋਣ ਵਾਲ਼ਾ ਘਾਟਾ ਦੱਸਿਆ। ਉਹਨਾਂ ਕਿਹਾ ਕਿ ਸਾਡੇ ਸਮਿਆਂ ਦੇ ਇਸ ਮਹਾਨ ਕਵੀ ਦੇ ਅਚਾਨਕ ਅਕਾਲ ਚਲਾਣੇ ਕਰਕੇ ਪੂਰਾ ਸਾਹਿਤਿਕ ਜਗਤ ਸਦਮੇ ਵਿੱਚ ਹੈ। ਉਪ ਮੁਖੀ ਪ੍ਰੋ. ਸੁਖਦੇਵ ਰੰਧਾਵਾ ਨੇ ਡਾ. ਪਾਤਰ ਦੇ ਸਾਹਿਤਿਕ ਯੋਗਦਾਨ ਨੂੰ ਵੱਡਮੁੱਲਾ ਯੋਗਦਾਨ ਦੱਸਿਆ। ਇਸ



ਦੌਰਾਨ ਪੰਜਾਬੀ ਵਿਭਾਗ ਦੇ ਹਾਜ਼ਰ ਅਧਿਆਪਕਾਂ ਨੇ ਡਾ. ਸੁਰਜੀਤ ਪਾਤਰ ਜੀ ਦੀ ਸ਼ਖ਼ਸੀਅਤ ਅਤੇ ਉਹਨਾਂ ਦੁਆਰਾ ਪੰਜਾਬੀ ਸਾਹਿਤ ਜਗਤ ਦੀ ਝੋਲੀ ਪਾਏ ਯੋਗਦਾਨ ਬਾਰੇ ਆਪੋ-ਆਪਣੇ ਅਨੁਭਵ ਸਾਂਝੇ ਕੀਤੇ। ਡਾ. ਸੁਰਜੀਤ ਪਾਤਰ ਹੁਰਾਂ 1960ਵਿਆਂ ਵਿੱਚ ਆਪਣੀਆਂ ਕਵਿਤਾਵਾਂ ਪ੍ਰਕਾਸ਼ਿਤ ਕਰਨੀਆਂ ਸ਼ੁਰੂ ਕੀਤੀਆਂ ਸਨ ਅਤੇ ਨਿਰੰਤਰ ਕਾਵਿ-ਸਿਰਜਣਾ ਵਿੱਚ ਕਰਮਸ਼ੀਲ ਰਹੇ। ਉਹਨਾਂ ਦੀ ਸ਼ਖ਼ਸੀਅਤ 'ਕਵਿਤਾ ਦੀ ਵਿਆਪਕ ਸਮਾਜਿਕ ਅਪੀਲ ਤੇ ਗੰਭੀਰਤਾ' ਦਾ ਸੁੰਦਰ ਸੁਮੇਲ ਹੈ। ਸਮਾਜ ਵਿੱਚ ਰਾਜਨੀਤਕ ਚੇਤਨਾ ਅਤੇ ਤਤਕਾਲੀ ਜ਼ਬਰ ਦੇ ਵਿਰੋਧ ਦੇ ਰੂਪ ਵਿੱਚ ਉਹਨਾਂ ਦੀ ਕਵਿਤਾ ਸਾਹਮਣੇ ਆਉਂਦੀ ਹੈ। ਉਹਨਾਂ ਨੇ ਮਹਾਨ ਰਚਨਾਵਾਂ- ਹਵਾ ਵਿੱਚ ਲਿਖੇ ਹਰਫ਼ -1979, ਬਿਰਖ ਅਰਜ਼ ਕਰੇ- 1992 ਹਨੇਰੇ ਵਿੱਚ ਸੁਲਗਦੀ ਵਰਨਮਾਲਾ-1992, ਲਫ਼ਜ਼ਾਂ ਦੀ ਦਰਗਾਹ- 2003, ਪਤਝੜ ਦੀ ਪਾਜ਼ੇਬ
ਸੁਰ-ਜ਼ਮੀਨ- 2007, ਚੰਨ ਸੂਰਜ ਦੀ ਵਹਿੰਗੀ ਆਦਿ ਤੋਂ ਇਲਾਵਾ ਅਨੁਵਾਦਤ ਅਤੇ ਵਾਰਤਕ ਪੁਸਤਕਾਂ ਵੀ ਪੰਜਾਬੀ ਸਾਹਿਤ ਜਗਤ ਦੀ ਝੋਲੀ ਪਾਈਆਂ। ਡਾ. ਸੁਰਜੀਤ ਪਾਤਰ ਦੀਆਂ ਸਾਹਿਤਿਕ ਪ੍ਰਾਪਤੀਆਂ ਕਰਕੇ ਉਹਨਾਂ ਨੂੰ ਪਦਮ ਸ੍ਰੀ, ਸਾਹਿਤ ਅਕਾਦਮੀ ਅਤੇ ਸਰਸਵਤੀ ਵਰਗੇ ਵੱਡੇ ਸਨਮਾਨ ਪ੍ਰਾਪਤ ਕਰਨ ਦਾ ਮਾਣ ਹਾਸਲ ਹੈ। ਡਾ. ਸੁਰਜੀਤ ਪਾਤਰ ਨੂੰ ਸਮਰਪਿਤ ਇਸ ਸੋਗ ਸਮਾਰੋਹ ਦੌਰਾਨ ਪ੍ਰੋ. ਬਲਵਿੰਦਰ ਨੰਦੜਾ, ਡਾ. ਦਵਿੰਦਰ ਮੰਡ, ਡਾ. ਰਾਜਨ ਸ਼ਰਮਾ, ਡਾ. ਕੰਵਲਜੀਤ ਸਿੰਘ, ਪ੍ਰੋ. ਮਨਜੀਤ ਸਿੰਘ, ਡਾ. ਕਿਰਨਦੀਪ ਕੌਰ, ਸਾਹਿਤ ਸਭਾ ਸੰਚਾਲਕ ਡਾ. ਸਾਹਿਬ ਸਿੰਘ, ਡਾ. ਗੁਰਜੀਤ ਕੌਰ, ਪ੍ਰੋ. ਸਾਹਿਲ ਆਦਿ ਹਾਜ਼ਰ ਸਨ।

**Space available for Ad**
Contact # +1 (209) 303-1260




WE HAVE THE CHEAPEST FARES TO INDIA
LEGEND TRAVEL
arc accredited agency
CST # 207524-40
Special Fares To India From West-coast (us) On Air India Direct Flights
AIR INDIA
JATINDER SINGH
LOWEST AIRFARES FROM USA TO INDIA
★Travel Insurance ★ Great last Minute Deals★ Offices in India
ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।
CALL US
(510) 797-9010
USA OFFICE: 2450 PERALTA BLVD., STE 106-108,
FREMONT CA 94536 PH.: 510-797-9010
Website: www.legendamerica.net
Emirates
CATHAY PACIFIC
ASIANA AIRLINES
JET AIRWAYS
CHINA AIRLINES
BRITISH AIRWAYS
SINGAPORE AIRLINES
Lufthansa
ANA


ਸੰਤ ਜਰਨੈਲ ਸਿੰਘ ਭਿੰਡਰਾਂਵਾਲੇ
ਜਨਰਲ ਸੁਬੇਗ ਸਿੰਘ
ਭਾਈ ਅਮਰੀਕ ਸਿੰਘ
ਸ਼ਹੀਦ ਭਾਈ ਦੀਪ ਸਿੱਧੂ
VOTE
&
SUPPORT
ਹਲਕਾ
ਸੰਗਰੂਰ
ਹਲਕਾ
ਖਡੂਰ ਸਾਹਿਬ
ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ
ਸਿਮਰਨਜੀਤ ਸਿੰਘ ਮਾਨ
ਭਾਈ ਅੰਮ੍ਰਿਤਪਾਲ ਸਿੰਘ
ਜਾਰੀ ਕਰਤਾ
SUMPREET SINGH
JK TYRE
2955 N WILSON WAY STOCKTON, CA 95205
+1 (510) 766-9382


One Auto Repair
a1aurtorepair4@yahoo.com
ਏ ਵਨ ਆਟੋ ਰਿਪੇਅਰ ਸ਼ਾਪ
Tune up
Oil change
Transmission
Brakes
Engine
ਬ੍ਰੈਕ ਰਿਪੇਅਰ
ਆਇਲ ਬਦਲਣਾ
ਕਾਰਾਂ ਦੀ ਡਾਇਗਨੋਸਿਸ
ਟਿਊਨਅਪ
ਟ੍ਰਾਂਸਮਿਸਨਾਂ ਦਾ ਕੰਮ ਤੱਸਲੀਬਖਸ਼
24 ਘੰਟੇ ਉਪਲੱਬਧ
ਹਰ ਤਰ੍ਹਾਂ ਦੀ ਆਟੋ ਰਿਪੇਅਰ ਦਾ ਕੰਮ ਤੱਸਲੀਬਖਸ਼
ਫੋਰਗਨ ਅਤੇ ਡੋਮੇਸਟਿਕ ਕਾਰਾਂ ਦੀ ਰਿਪੇਅਰ
ਆਪਣੀਆਂ ਕਾਰਾਂ ਦੇ ਤੱਸਲੀਬਖਸ਼ ਰਿਪੇਅਰ ਲਈ ਪ੍ਰਦੀਪ ਸਿੰਘ ਨਾਲ
ਕਿਸੇ ਵੇਲੇ ਵੀ ਸੰਪਰਕ ਕਰ ਸਦਕੇ ਹੋਂ।
2213 Rockefeller Dr. Ste.D Ceres CA 95307
PH : (209) 537-5081, CELL : (209) 604-0354





RE/MAX®
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

# "ਆਪ" ਦੇ ਝੂਠੇ ਵਾਦਿਆਂ ਦੇ ਝਾਂਸੇ 'ਚ ਨਹੀਂ ਆਉਣਗੀਆਂ ਮਹਿਲਾਵਾਂ: ਸ਼ਰੂਤੀ ਵਿਜ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਆਮ ਆਦਮੀ ਪਾਰਟੀ ਦੇ ਝੂਠੇ ਵਾਅਦਿਆਂ ਦੇ ਝਾਂਸੇ ਵਿੱਚ ਹੁਣ ਮਹਿਲਾਵਾਂ ਨਹੀਂ ਆਉਣਗੀਆਂ। ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਮਹਿਲਾਵਾਂ ਨੂੰ 1 ਹਜਾਰ ਰੁਪਏ ਦਾ ਲਾਰਾ ਲਾ ਕੇ ਉਹਨਾਂ ਨੂੰ ਝੂਠੇ ਵਾਅਦੇ ਵਿੱਚ ਫਸਾ ਕੇ ਉਨਾਂ ਦਾ ਵੋਟ ਆਮ ਆਦਮੀ ਪਾਰਟੀ ਨੇ ਜਰੂਰ ਲੈ ਲਿਆ ਲੇਕਿਨ ਦੋ ਸਾਲ ਬੀਤ ਜਾਣ ਦੇ ਬਾਵਜੂਦ ਇਸ ਵਾਦੇ ਨੂੰ ਪੂਰਾ ਨਹੀਂ ਕਰ ਸਕੇ। ਹੁਣ ਫਿਰ ਤੋਂ ਲੋਕ ਸਭਾ ਚੋਣਾਂ ਦੇ ਪ੍ਰਚਾਰ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਫਿਰ ਤੋਂ ਉਹੀ ਝੂਠਾ ਵਾਦਾ ਦੁਹਰਾਇਆ ਜਾ ਰਿਹਾ ਹੈ। ਇਹ ਗੱਲ ਇੱਥੇ ਜਾਰੀ ਪ੍ਰੈਸ ਨੋਟ ਵਿੱਚ ਅੰਮ੍ਰਿਤਸਰ ਮਹਿਲਾ ਮੋਰਚਾ ਭਾਜਪਾ ਦੀ ਪ੍ਰਧਾਨ ਸ਼ਰੂਤੀ ਵਿਜ ਨੇ ਕਹੀ। ਉਹਨਾਂ ਕਿਹਾ ਕਿ ਇਸ ਵਾਰ ਮਹਿਲਾਵਾਂ ਭਗਵੰਤ ਮਾਨ ਦੇ ਝਾਂਸੇ ਵਿੱਚ ਨਹੀਂ ਆਉਣਗੀਆਂ ਅਤੇ ਲੋਕ ਸਭਾ ਚੋਣਾਂ ਵਿੱਚ ਦੇਸ਼ ਦੇ ਜਸ਼ਸਵੀ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਦੇ ਵੱਲੋਂ ਭੇਜੇ ਗਏ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਦੇ ਹੱਕ ਵਿੱਚ ਵੋਟ ਪਾਕੇ ਪੰਜਾਬ ਵਿੱਚ ਭਾਜਪਾ ਦਾ ਝੰਡਾ ਲਹਿਰਾਉਣਗੀਆਂ। ਉਹਨਾਂ ਕਿਹਾ ਕਿ ਪੰਜਾਬ ਦੇ ਲੋਕ ਮਿਹਨਤੀ ਹਨ ਅਤੇ ਉਨਾਂ ਨੂੰ ਹੱਥ ਫੈਲਾਉਣ ਦੀ ਆਦਤ ਨਹੀਂ। ਆਮ ਆਦਮੀ ਪਾਰਟੀ ਦੀ ਸਰਕਾਰ ਪ੍ਰਦੇਸ਼ ਦੀ ਜਨਤਾ ਨੂੰ ਫਰੀ ਦਾ ਲਾਲਚ ਨਾ ਦੇ ਕੇ ਰੁਜ਼ਗਾਰ ਦੇ ਅਫਸਰ ਪੈਦਾ ਕਰੇ, ਜਿਸ ਵਿੱਚ ਹੁਣ ਤੱਕ ਆਮ ਆਦਮੀ ਪਾਰਟੀ ਦੀ ਸਰਕਾਰ ਪੂਰੀ ਤਰਹਾਂ ਤੋਂ ਫੇਲ ਸਾਬਤ ਹੋਈ ਹੈ।

ਉਨਾ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਮਹਿਲਾਵਾਂ ਦੇ ਸਨਮਾਨ ਤੇ ਸੁਵਿਧਾਵਾਂ ਦੋਨਾਂ ਹੀ ਦਿੱਤੀਆਂ ਗਈਆਂ ਹਨ। ਮੋਦੀ ਸਰਕਾਰ ਵੱਲੋਂ ਖੁੱਲੇ ਵਿੱਚ ਸ਼ੌਚ ਮੁਕਤ ਤੋਂ ਲੈ ਕੇ ਉੱਜਵਾਲਾ ਯੋਜਨਾ, ਪੱਕੇ ਘਰ, ਨਲ ਤੋਂ ਜਲ ਆਦੀ ਸੁਵਿਧਾ ਦਿੱਤੀਆਂ ਹਨ। ਉਥੇ ਮਹਿਲਾਵਾਂ ਦੇ ਵਿਕਾਸ ਲਈ ਸਟਾਰਟ ਉਪਸ, ਮੁਦਰਾ ਲੋਨ ਆਦਿ ਦੇ ਜਰੀਏ ਸਨਮਾਨ ਵੀ ਦਿੱਤਾ ਹੈ। ਮੋਦੀ ਜੀ ਨੇ ਮਹਿਲਾਵਾਂ ਨੂੰ ਸਮਾਜ ਵਿੱਚ ਸਿਰ ਚੁੱਕ ਕੇ ਜੀਣਾ ਸਿਖਾਇਆ ਹੈ। ਮਹਿਲਾਵਾਂ ਨੂੰ ਹਰ ਖੇਤਰ ਵਿੱਚ ਪ੍ਰਤੀਨਿਧੀਤਾ ਦਿੱਤਾ ਜਾ ਰਿਹਾ ਹੈ ਅਤੇ ਇਹੀ ਕਾਰਨ ਹੈ ਕਿ ਅੱਜ ਮੋਦੀ ਜੀ ਦੀ ਕੈਬਨਟ ਵਿੱਚ ਪ੍ਰਮੁੱਖ ਪਦਾਂ ਤੇ ਮਹਿਲਾਵਾਂ ਕੰਮ ਕਰ ਰਹੀਆਂ ਹਨ। ਉਹਨਾਂ ਕਿਹਾ ਕਿ ਭਾਜਪਾ ਹੀ ਇੱਕ ਮਾਤਰ ਦੇਸ਼ ਦੀ ਅਜਿਹੀ ਪਾਰਟੀ ਹੈ ਜੋ ਬਿਨਾਂ ਕਿਸੀ ਪੱਖਪਾਤ ਦੇ ਸਾਰਿਆਂ ਦਾ ਧਿਆਨ ਰੱਖਦੀ ਹੈ। ਇਸ ਲਈ ਮਹਿਲਾਵਾਂ ਇਸ ਵਾਰ ਕਿਸੇ ਹੋਰ ਪਾਰਟੀ ਨੂੰ ਵੋਟ ਨਾ ਦੇ ਕੇ ਭਾਜਪਾ ਨੂੰ ਵੋਟ ਦੇਣ ਲਈ ਤਿਆਰ ਬਰ ਤਿਆਰ ਬੈਠੀਆਂ ਹਨ।

ਸ਼ਰੂਤੀ ਵਿਜ ਨੇ ਕਿਹਾ ਕਿ ਭਾਜਪਾ ਵੱਲੋਂ ਅੰਮ੍ਰਿਤਸਰ ਵਿੱਚ ਭੇਜੇ ਗਏ ਲੋਕ ਸਭਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਮਹਿਲਾਵਾਂ ਨੂੰ ਵਿਭਿੰਨ ਪ੍ਰੋਜੈਕਟਾਂ ਦੇ ਮਾਧਿਅਮ ਦੇ ਨਾਲ ਸਵਾਵਲੰਬੀ ਬਣਾਉਣਾ ਚਾਹੁੰਦੇ ਹਨ। ਉਹਨਾਂ ਦਾ ਵਿਜ਼ਨ ਵਿਕਾਸਸ਼ੀਲ ਹੈ ਅਤੇ ਉਹ ਹਰ ਸੰਭਵ ਕੋਸ਼ਿਸ਼ ਦੇ ਨਾਲ ਅੰਮ੍ਰਿਤਸਰ ਨੂੰ ਵਿਕਸਿਤ ਅੰਮ੍ਰਿਤਸਰ ਬਣਾਉਣਾ ਚਾਹੁੰਦੇ ਹਨ। ਜਿਸ ਦੇ ਲਈ ਉਨਾਂ ਵੱਲੋਂ ਰੋਡ ਮੈਪ ਵੀ ਤਿਆਰ ਕਰਨ ਲਿਆ ਗਿਆ ਹੈ। ਉਹਨਾਂ ਨੇ ਕਿਹਾ ਕਿ ਪਿਛਲੇ ਸੱਤ ਸਾਲਾਂ ਤੋਂ ਸ਼ਹਿਰ ਦੇ ਐਮ.ਪੀ ਨੇ ਸ਼ਹਿਦ ਵਿਕਾਸ ਦੇ ਨਾਮ ਤੇ ਵੋਟ ਇਕੱਠੇ ਕੀਤੇ ਪਰੰਤੂ ਲੋਕਾਂ ਨੂੰ ਕਿਸੇ ਪ੍ਰਕਾਰ ਦੀ ਸੁਵਿਧਾ ਦੇਣ ਤੋਂ ਅਸਫਲ ਰਹੇ। ਉਹਨਾਂ ਲੋਕਾਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਪਿਛਲੀਆਂ ਗਲਤੀਆਂ ਨੂੰ ਨਾ ਦੁਹਰਾਉਂਦੇ ਹੋਏ ਇਸ ਵਾਰ ਖੁੱਲ ਕੇ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਦੇ ਹੱਕ ਵਿੱਚ ਵੋਟ ਪਾਉਣ। ਮਹਿਲਾਵਾਂ ਦੀ ਭੂਮਿਕਾ ਵੋਟਾਂ ਵਿੱਚ ਅਹਿਮ ਰਹਿਣ ਵਾਲੀ ਹੈ ਅਤੇ ਉਹਨਾਂ ਨੂੰ ਵਿਸ਼ਵਾਸ ਹੈ ਕਿ ਮਹਿਲਾਵਾਂ ਜਿਆਦਾ ਤੋਂ ਜਿਆਦਾ ਭਾਜਪਾ ਦੇ



ਪੱਖ ਵਿੱਚ ਵੋਟ ਪੈਣਗੀਆਂ। ਅਸੀਂ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੂੰ ਅੰਮ੍ਰਿਤਸਰ ਦੀ ਆਵਾਜ਼ ਬਣਾ ਕੇ ਲੋਕ ਸਭਾ ਵਿੱਚ ਭੇਜਣਗੇ।

# ਪੰਜਾਬ ਪੁਲਿਸ ਨੇ ਹਿਮਾਚਲ ਪ੍ਰਦੇਸ਼ ਦੀ ਫਾਰਮਾ ਫੈਕਟਰੀ ਤੋਂ ਚੱਲ ਰਹੇ ਅੰਤਰ-ਰਾਜੀ ਗੈਰ-ਕਾਨੂੰਨੀ ਫਾਰਮਾ ਸਪਲਾਈ ਅਤੇ ਨਿਰਮਾਣ ਨੈਟਵਰਕ ਦਾ ਕੀਤਾ ਪਰਦਾਫਾਸ਼

ਬੱਦੀ (ਹਿਮਾਚਲ ਪ੍ਰਦੇਸ਼)
ਸਾਂਝੀ ਸੋਚ ਬਿਊਰੋ

ਫਾਰਮਾ ਓਪੀਓਡਜ਼ ਵਿਰੁੱਧ ਵੱਡੀ ਖੁਫੀਆ ਕਾਰਵਾਈ ਕਰਦਿਆਂ, ਪੰਜਾਬ ਪੁਲਿਸ ਦੀ ਸਪੈਸ਼ਲ ਟਾਸਕ ਫੋਰਸ (ਐਸਟੀਐਫ) ਨੇ ਹਿਮਾਚਲ ਪ੍ਰਦੇਸ਼ ਦੇ ਬੱਦੀ ਸਥਿਤ ਫਾਰਮਾ ਫੈਕਟਰੀ ਤੋਂ ਚੱਲ ਰਹੇ ਸਾਈਕੋਟ੍ਰੋਪਿਕ ਪਦਾਰਥਾਂ ਦੇ ਨਿਰਮਾਣ ਅਤੇ ਸਪਲਾਈ ਯੂਨਿਟਾਂ ਦੇ ਅੰਤਰਰਾਜੀ ਗੈਰ-ਕਾਨੂੰਨੀ ਨੈਟਵਰਕ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦਿੱਤੀ। ਇਹ ਕਾਰਵਾਈ ਸਪੈਸ਼ਲ ਟਾਸਕ ਫੋਰਸ, ਬਾਰਡਰ ਰੇਂਜ, ਅੰਮ੍ਰਿਤਸਰ ਵੱਲੋਂ ਗ੍ਰਿਫ਼ਤਾਰ ਕੀਤੇ ਤਰਨਤਾਰਨ ਦੇ ਪਿੰਡ ਕੋਟ ਮੁਹੰਮਦ ਖਾਂ ਦੇ ਸੁਖਵਿੰਦਰ ਸਿੰਘ ਉਰਫ ਧਾਮੀ ਅਤੇ ਅੰਮ੍ਰਿਤਸਰ ਦੇ ਗੋਵਿੰਦ ਨਗਰ ਦੇ ਜਸਪ੍ਰੀਤ ਸਿੰਘ ਉਰਫ ਜੱਸ ਨਾਮੀ ਦੋ ਨਸ਼ਾ ਤਸਕਰਾਂ ਦੇ ਅਗਲੇ-ਪਿਛਲੇ ਸਬੰਧਾਂ ਦੀ ਤਿੰਨ ਮਹੀਨਿਆਂ ਤੱਕ ਕੀਤੀ ਬਾਰੀਕੀ ਨਾਲ ਜਾਂਚ ਉਪਰੰਤ ਕੀਤੀ ਗਈ ਹੈ। ਦੱਸਣਯੋਗ ਹੈ ਕਿ ਇਹਨਾਂ ਤਸਕਰਾਂ ਨੂੰ ਇਸ ਸਾਲ ਫਰਵਰੀ ਮਹੀਨੇ ਬਿਆਸ ਤੋਂ 4.24 ਲੱਖ ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 1 ਲੱਖ ਰੁਪਏ ਦੀ ਡਰੱਗ ਮਨੀ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਸੀ।



ਪੰਜ ਸੂਬਿਆਂ ਵਿੱਚ ਚਲਾਏ ਇਸ ਪੂਰੇ ਆਪ੍ਰੇਸ਼ਨ ਦੌਰਾਨ, ਪੁਲਿਸ ਵੱਲੋਂ ਕੁੱਲ 7 ਨਸ਼ਾ ਤਸਕਰਾਂ/ਸਪਲਾਈਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਅਤੇ 70.42 ਲੱਖ ਨਸ਼ੀਲੀਆਂ ਗੋਲੀਆਂ/ਕੈਪਸੂਲ, 2.37 ਲੱਖ ਰੁਪਏ ਦੀ ਡਰੱਗ ਮਨੀ ਅਤੇ 725.5 ਕਿਲੋ ਨਸ਼ੀਲਾ ਟਰਾਮਾਡੋਲ ਪਾਊਡਰ ਦੀ ਪ੍ਰਭਾਵੀ ਬਰਾਮਦਗੀ ਹੋਈ ਹੈ। ਇਹਨਾਂ ਪੰਜ ਸੂਬਿਆਂ ਵਿੱਚ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਉੱਤਰ ਪ੍ਰਦੇਸ਼ ਅਤੇ ਮਹਾਰਾਸ਼ਟਰ ਸ਼ਾਮਲ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਇਨ੍ਹਾਂ ਦੋ ਨਸ਼ਾ ਤਸਕਰਾਂ ਦੀ ਗ੍ਰਿਫ਼ਤਾਰੀ ਤੋਂ ਬਾਅਦ ਐਸਪੀ ਐਸਟੀਐਫ ਵਿਸ਼ਾਲਜੀਤ ਸਿੰਘ ਅਤੇ ਡੀਐਸਪੀ ਐਸਟੀਐਫ ਵਵਿੰਦਰ ਕੁਮਾਰ ਦੀ ਅਗਵਾਈ ਹੇਠ ਪੁਲੀਸ ਟੀਮਾਂ ਨੇ ਇਸ ਰੈਕੇਟ ਦੇ ਮੁੱਖ ਸਰਗਨਾ ਐਲੇਕਸ ਪਾਲੀਵਾਲ ਨੂੰ ਉੱਤਰ ਪ੍ਰਦੇਸ਼ ਦੇ ਸਹਾਰਨਪੁਰ ਵਿੱਚ ਟਰੇਸ ਕਰਕੇ ਗ੍ਰਿਫ਼ਤਾਰ ਕਰਨ ਵਿੱਚ ਕਾਮਯਾਬੀ ਹਾਸਲ ਕੀਤੀ ਹੈ ਅਤੇ ਉਸ ਦੇ ਕਬਜ਼ੇ 'ਚੋਂ 9.04 ਲੱਖ ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 1.37 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ। ਉਨ੍ਹਾਂ ਦੱਸਿਆ ਕਿ ਦੋਸ਼ੀ ਐਲੇਕਸ ਪਾਲੀਵਾਲ ਦੇ ਖੁਲਾਸੇ ਉਪਰੰਤ, ਹਿਮਾਚਲ ਪ੍ਰਦੇਸ਼ ਵਿੱਚ ਕਾਰਵਾਈ ਕਰਦਿਆਂ ਡਰੱਗ ਕੰਟਰੋਲ ਅਫਸਰ ਸੁਖਦੀਪ ਸਿੰਘ ਅਤੇ ਰਮਨੀਕ ਸਿੰਘ ਦੀ ਮੌਜੂਦਗੀ ਵਿੱਚ ਪੁਲਿਸ ਟੀਮਾਂ ਨੇ ਬਾਇਓਜੈਨੇਟਿਕ ਡਰੱਗ ਪ੍ਰਾਈਵੇਟ ਲਿਮਟਿਡ ਦੀ ਜਾਂਚ ਕੀਤੀ ਅਤੇ ਰਿਕਾਰਡ ਜ਼ਬਤ ਕੀਤੇ। ਇਹਨਾਂ ਰਿਕਾਰਡਾਂ ਤੋਂ ਪਤਾ ਲੱਗਾ ਕਿ ਕੰਪਨੀ ਨੇ ਸਿਰਫ਼ ਅੱਠ ਮਹੀਨਿਆਂ ਵਿੱਚ 20 ਕਰੋੜ ਤੋਂ ਵੱਧ ਅਲਪਰਾਜ਼ੋਲਮ ਗੋਲੀਆਂ ਦਾ ਨਿਰਮਾਣ ਕੀਤਾ। ਰਿਕਾਰਡਾਂ ਤੋਂ ਮਹਾਰਾਸ਼ਟਰ ਦੀ ਮੈਸਰਜ਼ ਐਸਟਰ ਫਾਰਮਾ ਨੂੰ ਕੀਤੀ ਜਾਂਦੀ ਸਪਲਾਈ ਦਾ ਵੀ ਪਤਾ ਲੱਗਾ। ਇਸ ਸਬੰਧੀ ਹੋਰ ਜਾਂਚ ਨਾਲ ਬੱਦੀ ਸਥਿਤ ਬਾਇਓਜੈਨੇਟਿਕ ਡਰੱਗ ਪ੍ਰਾਈਵੇਟ ਲਿਮਟਿਡ ਦੀ ਦੂਜੀ ਫਾਰਮਾ ਨਿਰਮਾਣ ਕੰਪਨੀ ਸਮਾਈਲੈਕਸ ਫਾਰਮਾ ਕੈਮ ਡਰੱਗ ਇੰਡਸਟਰੀਜ਼ ਦਾ ਪਰਦਾਫਾਸ਼ ਹੋਇਆ। ਡੀਜੀਪੀ ਨੇ ਕਿਹਾ ਕਿ ਸਮਾਈਲੈਕਸ ਫਾਰਮਾ ਕੈਮ ਡਰੱਗ ਇੰਡਸਟਰੀਜ਼ ਵਿਰੁੱਧ ਕੀਤੀ ਗਈ ਕਾਰਵਾਈ ਦੌਰਾਨ 47.32 ਨਸ਼ੀਲੇ ਕੈਪਸੂਲ ਅਤੇ 725.5 ਕਿਲੋ ਨਸ਼ੀਲੇ ਟਰਾਮਾਡੋਲ ਪਾਊਡਰ — ਜੋ ਕਿ 1.5 ਕਰੋੜ ਕੈਪਸੂਲ ਬਣਾਉਣ ਲਈ ਕਾਫੀ ਸੀ, ਬਰਾਮਦ ਹੋਇਆ। ਰਿਕਾਰਡ ਤੋਂ ਪਤਾ ਲੱਗਾ ਹੈ ਕਿ ਸਮਾਈਲੈਕਸ ਫਾਰਮਾ ਕੈਮ ਡਰੱਗ ਇੰਡਸਟਰੀਜ਼ ਨੇ ਇਕ ਸਾਲ ਦੇ ਅੰਦਰ 6500 ਕਿਲੋਗ੍ਰਾਮ ਨਸ਼ੀਲਾ ਟਰਾਮਾਡੋਲ ਪਾਊਡਰ ਖਰੀਦਿਆ ਸੀ। ਉਨ੍ਹਾਂ ਕਿਹਾ ਕਿ ਇਸੇ ਦੌਰਾਨ ਹੀ ਨਸ਼ੀਲੇ ਪਦਾਰਥਾਂ ਦੀ ਟਰਾਂਸਪੋਰਟੇਸ਼ਨ ਅਤੇ ਵੰਡ ਸਬੰਧੀ ਜਾਂਚ ਕਰਦਿਆਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਅੰਤਰਰਾਜੀ ਨੈਟਵਰਕ ਦੀ ਜਾਂਚ ਕਰਦਿਆਂ 4 ਹੋਰ ਸਪਲਾਇਰ ਜਿਹਨਾਂ ਦੀ ਪਛਾਣ ਇੰਤਜ਼ਾਰ ਸਲਮਾਨੀ, ਪ੍ਰਿੰਸ ਸਲਮਾਨੀ, ਬਲਜਿੰਦਰ ਸਿੰਘ ਅਤੇ ਸੂਬਾ ਸਿੰਘ ਵਜੋਂ ਹੋਈ ਹੈ, ਨੂੰ ਗ੍ਰਿਫ਼ਤਾਰ ਕੀਤਾ ਗਿਆ। ਪੁਲਿਸ ਟੀਮਾਂ ਨੇ ਚੰਡੀਗੜ੍ਹ ਰੇਲਵੇ ਸਟੇਸ਼ਨ ਨੇੜੇ ਟਰਾਂਸਪੋਰਟੇਸ਼ਨ ਵਾਹਨ ਵਿੱਚੋਂ 9.80 ਲੱਖ ਨਸ਼ੀਲੀਆਂ ਗੋਲੀਆਂ/ਕੈਪਸੂਲ ਦੀ ਖੇਪ ਬਰਾਮਦ ਕੀਤੀ। ਉਨ੍ਹਾਂ ਅੱਗੇ ਕਿਹਾ ਕਿ ਇਸ ਸਬੰਧੀ ਹੋਰ ਪੁੱਛਗਿੱਛ ਜਾਰੀ ਹੈ ਅਤੇ ਹੋਰ ਗ੍ਰਿਫਤਾਰੀਆਂ ਹੋਣ ਦੀ ਉਮੀਦ ਹੈ। ਇਸ ਸਬੰਧੀ ਐਫਆਈਆਰ ਨੰਬਰ 31 ਮਿਤੀ 20.2.24 ਨੂੰ ਥਾਣਾ ਐਸਟੀਐਫ, ਮੁਹਾਲੀ ਵਿਖੇ ਐਨਡੀਪੀਐਸ ਐਕਟ ਦੀਆਂ ਧਾਰਾਵਾਂ 22-ਸੀ, 25, 27-ਏ ਅਤੇ 29 ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।

# ਸ਼ਾਇਰ ਸੁਰਜੀਤ ਪਾਤਰ ਦੀ ਮੌਤ 'ਤੇ ਸੋਗ ਮੀਟਿੰਗ ਕਰਕੇ ਦੁੱਖ ਪ੍ਰਗਟਾਇਆ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਪੰਜਾਬੀ ਜ਼ੁਬਾਨ ਦੇ ਨਾਮਵਰ ਸ਼ਾਇਰ, ਪਦਮ ਸ੍ਰੀ ਸੁਰਜੀਤ ਪਾਤਰ ਦਾ ਅੱਜ ਦਿਲ ਦਾ ਦੌਰਾ ਪੈਣ ਕਾਰਣ ਦਿਹਾਂਤ ਹੋ ਗਿਆ । ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਜਰਨਲ ਸਕੱਤਰ ਸੁਸ਼ੀਲ ਦੁਸਾਂਝ, ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਸਕੱਤਰ ਦੀਪਦਵਿੰਦਰ ਸਿੰਘ, ਪ੍ਰੋ: ਗੋਪਾਲ ਬੁੱਟਰ, ਮੈਡਮ ਕੁਲਵਿੰਦਰ ਬੁੱਟਰ ਨੇ ਉਨ੍ਹਾਂ ਦੀ ਮੌਤ ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਇਸਨੂੰ ਪੰਜਾਬੀ ਮਾਂ ਬੋਲੀ ਲਈ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ ਹੈ । ਇਸ ਸਬੰਧੀ ਅੱਜ ਇੱਥੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੀ ਇਕ ਸੋਗ ਮੀਟਿੰਗ ਮਰਹੂਮ ਪ੍ਰਿਥੀਪਾਲ ਸਿੰਘ ਅਠੌਲਾ ਯਾਦਗਾਰੀ ਲਾਇਬਰੇਰੀ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਵਿੱਚ ਸ਼ਾਇਰ ਸੁਰਜੀਤ ਪਾਤਰ ਦੀ ਬੇਵਕਤੀ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਦੋ ਮਿੰਟ ਦਾ ਮੋਨ ਧਾਰਕੇ ਉਨ੍ਹਾਂ ਨੂੰ ਸ਼ਰਧਾਂਜ਼ਲੀ ਭੇਟ ਕੀਤੀ ਗਈ । ਇਸ ਮੌਕੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਕਾਰਜਕਾਰਨੀ ਮੈਂਬਰ ਮਾ: ਮਨਜੀਤ ਸਿੰਘ ਵੱਸੀ, ਸੁਖਦੇਵ ਸਿੰਘ ਭੁੱਲਰ ਸਾ: ਮੈਨੇਜਰ ਪੰਜਾਬ ਸਕੂਲ ਸਿੱਖਿਆ ਬੋਰਡ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ (ਮਹਿਲਾ ਵਿੰਗ) ਦੇ ਪ੍ਰਧਾਨ ਸੁਖਵੰਤ ਕੌਰ ਵੱਸੀ, ਗੁਰਮੀਤ ਕੌਰ ਬੱਲ, ਅਨੀਤਾ ਸ਼ਰਮਾ, ਨਵਦੀਪ ਸਿੰਘ ਬਦੇਸ਼ਾ, ਸਰਬਜੀਤ ਸਿੰਘ ਪੱਡਾ, ਡਾ: ਕੁਲਵੰਤ ਸਿੰਘ ਬਾਠ, ਅਮਰਜੀਤ ਸਿੰਘ ਘੁਕ, ਬਲਵਿੰਦਰ ਸਿੰਘ ਅਠੌਲਾ, ਕੁਲਜੀਤ ਸਿੰਘ ਬੁੱਢਾ ਥੇਹ, ਸਾਹਿਬ ਸਿੰਘ ਛੱਜਲਵੱਡੀ ਵਰਿੰਦਰ ਸਿੰਘ ਸ਼ੇਰਾ, ਸੁਖਰਾਜ ਸਿੰਘ ਬੱਲ, ਕਿਰਨਦੀਪ ਸਿੰਘ ਆਦਿ ਹਾਜ਼ਰ ਸਨ ।




VOTE
&
SUPPORT
ਸ਼੍ਰੋਮਣੀ ਅਕਾਲੀ ਦਲ
ਸ਼੍ਰੋਮਣੀ ਅਕਾਲੀ ਦਲ
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
SHER SINGH CHUHAN


Star India
SWEETS AND CATERING
VEG AND NON-VEG
Entrees
DESSERTS
APPETIZERS
BEVERAGES
SIDES ETC.
RENOWNED CHEFS
HIGH QUALITY INGREDIENTS
ਵਿਆਹ - ਸ਼ਾਦੀਆਂ ਜਾਂ ਪਾਰਟੀਆਂ ਲਈ 2000 ਬੰਦਿਆਂ ਦੀ ਕੇਟਰਿੰਗ ਦਾ ਵੀ ਖਾਸ ਪ੍ਰਬੰਧ
ਦੇਸੀ ਘੀ ਦੀਆਂ ਸਵਾਦਿਸ਼ਟ ਤੇ ਤਾਜ਼ੀਆਂ ਮਠਿਆਈਆਂ ਖ਼ਾਸ ਮੌਕਿਆਂ ਲਈ
ORDERS ਤੇ ਕਰਵਾਓ ਤਿਆਰ
DINE IN AND TO GO ORDERS ALSO AVAILABLE
ਹਫ਼ਤੇ ਦੇ 7 ਤੇ ਦਿਨ ਖੁੱਲਾ : 10am-9pm
PHONE NUMBER:
(209) 629-8511, (209)858-1380
CELL ( ASHOK VERMA) (209) 681-5171
Address :- 209 E Louise Ave, Lathrop, CA , 95330


SINCE 1990
BAGGA
PALACE
ਇੱਕੋ ਥਾਂ 'ਤੇ ਪਿਛਲੇ 1990 ਤੋਂ
ਤੁਹਾਡੀ ਸੇਵਾ ਕਰ ਰਹੇ ਹਨ
ਖਰੀਦੋ ਮਨਪਸੰਦ ਸੋਨੇ ਦੇ ਗਹਿਣੇ
ਨਵੇਂ ਤੋਂ ਨਵੇਂ ਡਿਜ਼ਾਈਨ
ਸ਼ੁੱਧਤਾ ਦੀ 100% ਗਾਰੰਟੀ
22 ਕੈਰੇਟ ਸੋਨੇ ਦੇ ਗਹਿਣੇ
We buy Gold
ਸੋਨੇ ਦੇ ਗਹਿਣੇ ਖਰੀਦਣ, ਵੇਚਣ ਅਤੇ ਪੁਰਾਣੇ ਸੋਨੇ ਬਦਲੇ
ਨਵਾਂ ਸੋਨਾ ਲੈਣ ਲਈ ਸੰਪਰਕ ਕਰੋ
Ph.: (916) 393-1872, (916) 678-9312
Monday to Sunday (open) | Tuesday ( closed )
(closed)
ADDRESS : 6620 FLORIN ROAD, SACRAMENTO , CA 95828


VOTE & SUPPORT
ਸ਼੍ਰੋਮਣੀ ਅਕਾਲੀ ਦਲ
ਸ਼੍ਰੋਮਣੀ ਅਕਾਲੀ ਦਲ
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ਼੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ਼੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ਼੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
PARWINDER PAL SINGH RATHAUR

# ਕੌਮੀ ਲੋਕ ਅਦਾਲਤ ਵਿੱਚ 2981 ਕੇਸਾਂ ਦਾ ਨਿਪਟਾਰਾ 9,66,62,554 ਰੁਪਏ ਦੇ ਅਵਾਰਡ ਕੀਤੇ ਪਾਸ

ਮਾਨਸਾ
ਸਾਂਝੀ ਸੋਚ ਬਿਊਰੋ



ਕੌਮੀ ਲੋਕ ਅਦਾਲਤ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਹਰੀ ਸਿੰਘ ਗਰੇਵਾਲ ਅਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਕੱਤਰ ਅਮਿਤ ਕੁਮਾਰ ਗਰਗ ਦੀ ਅਗਵਾਈ ਵਿੱਚ ਜ਼ਿਲ੍ਹਾ ਕੋਰਟ ਕੰਪਲੈਕਸ, ਮਾਨਸਾ, ਸਬ-ਡਵੀਜ਼ਨਲ ਕੋਰਟ ਕੰਪਲੈਕਸ, ਸਰਦੂਲਗੜ੍ਹ ਅਤੇ ਬੁਢਲਾਡਾ ਵਿਖੇ ਲਗਾਈ ਗਈ। ਇਸ ਦੇ ਲਈ ਜ਼ਿਲ੍ਹਾ ਕੋਰਟ ਕੰਪਲੈਕਸ ਮਾਨਸਾ ਵਿਖੇ ਪੰਜ, ਬੁਢਲਾਡਾ ਵਿਚ ਇਕ ਅਤੇ ਸਰਦੂਲਗੜ੍ਹ ਵਿਖੇ ਇਕ ਬੈਂਚ ਦਾ ਗਠਨ ਕੀਤਾ ਗਿਆ।ਮਾਨਸਾ ਵਿਖੇ ਐਡੀਸ਼ਨਲ ਸੈਸ਼ਨਜ਼ ਜੱਜ ਕਮਲ ਵਰਿੰਦਰ, ਚੀਫ ਜੁਡੀਸ਼ੀਅਲ ਮੈਜਿਸਟਰੇਟ ਗੁਰਜੀਤ ਕੌਰ ਢਿੱਲੋਂ, ਜੁਡੀਸ਼ੀਅਲ ਮੈਜਿਸਟਰੇਟ ਫਸਟ ਕਲਾਸ ਰਵਨੀਤ ਸਿੰਘ, ਜੁਡੀਸ਼ੀਅਲ ਮੈਜਿਸਟਰੇਟ ਫਸਟ ਕਲਾਸ ਕਰਨ ਅਗਰਵਾਲ, ਚੇਅਰਮੈਨ ਪਰਮਾਨੈਂਟ ਲੋਕ ਅਦਾਲਤ ਰਾਜ ਪਾਲ ਸਿੰਘ ਤੇਜੀ, ਬੁਢਲਾਡਾ ਵਿਖੇ ਐਡੀਸ਼ਨਲ ਸਿਵਲ ਜੱਜ (ਸੀਨੀਅਰ ਡਵੀਜ਼ਨ) ਮਨੂੰ ਮਿੱਤੂ, ਅਤੇ ਸਰਦੂਲਗੜ੍ਹ ਵਿਖੇ ਐਡੀਸ਼ਨਲ ਸਿਵਲ ਜੱਜ (ਸੀਨੀਅਰ ਡਵੀਜ਼ਨ) ਹਰਪ੍ਰੀਤ ਕੌਰ ਨਾਫਰਾ ਤੇ ਆਧਾਰਿਤ ਬੈਂਚਾਂ ਵੱਲੋਂ 2981 ਕੇਸਾਂ ਦਾ ਨਿਪਟਾਰਾ ਕੀਤਾ ਗਿਆ।ਇਨ੍ਹਾਂ ਬੈਂਚਾਂ ਵਿੱਚ ਐਡਵੋਕੇਟ ਬਲਵੰਤ ਭਾਟੀਆ, ਹਰਪ੍ਰੀਤ ਸਿੰਘ ਮਾਨ, ਬੀਰਦਵਿੰਦਰ ਸਿੰਘ ਸਿੱਧੂ, ਅਤਿੰਦਰ ਸਿੰਘ, ਸੁੱਚਾ ਸਿੰਘ ਵਿਰਕ, ਗੁਰਵਿੰਦਰ ਸਿੰਘ ਖੱਤਰੀਵਾਲਾ ਅਤੇ ਮੈਂਬਰ ਸਸ਼ੀ ਬਾਲਾ, ਡਾ. ਨੇਹਾ, ਡਾ. ਜਨਕ ਰਾਜ, ਤਰਸੇਮ ਸੇਮੀ, ਗਗਨਦੀਪ ਸਿੰਘ, ਸੱਤਪਾਲ ਬਾਂਸਲ, ਅਜੈ ਕੁਮਾਰ ਅਤੇ ਮਨਿੰਦਰ ਸਿੰਘ ਸਿੱਧੂ ਸ਼ਾਮਿਲ ਸਨ। ਇਸ ਲੋਕ ਅਦਾਲਤ ਵਿੱਚ ਦਿਵਾਨੀ ਮਾਮਲੇ, ਕਰਿਮੀਨਲ ਕੰਪਾਊਂਡੇਬਲ, ਚੈਕਾਂ ਦੇ ਕੇਸ, ਬੈਂਕ ਰਿਕਵਰੀ ਕੇਸ, ਐਮ.ਏ.ਸੀ.ਟੀ ਕੇਸ, ਉਜਰਤ ਸਬੰਧੀ ਝਗੜੇ, ਬਿਜਲੀ, ਪਾਣੀ, ਟੈਲੀਫੋਨ ਅਤੇ ਵਿਆਹ ਨਾਲ ਸਬੰਧਿਤ ਮਾਮਲਿਆਂ ਦਾ ਨਿਪਟਾਰਾ ਆਪਸੀ ਸਮਝੌਤੇ ਰਾਹੀਂ ਕੀਤਾ ਗਿਆ। ਨਿਪਟਾਰਾ ਕੀਤੇ ਗਏ ਕੁੱਲ 2981 ਕੇਸਾਂ ਵਿੱਚ 9,66,62,554/- ਰੁਪਏ ਦੇ ਅਵਾਰਡ ਪਾਸ ਕੀਤੇ ਗਏ।ਚੀਫ ਜੁਡੀਸ਼ੀਅਲ ਮੈਜਿਸਟਰੇਟ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਅਮਿਤ ਕੁਮਾਰ ਗਰਗ ਨੇ ਦੱਸਿਆ ਕਿ ਲਾਭਪਾਤਰੀਆਂ ਨੇ ਇਸ ਕੌਮੀ ਲੋਕ ਅਦਾਲਤ ਵਿੱਚ ਚੰਗੀ ਦਿਲਚਸਪੀ ਦਿਖਾਈ ਹੈ। ਅੱਜ ਦੀ ਕੌਮੀ ਲੋਕ ਅਦਾਲਤ ਤੋਂ ਪਹਿਲਾਂ ਇਸ ਦੀ ਸਫਲਤਾ ਲਈ ਅਨੇਕਾਂ ਸੈਮੀਨਾਰਾਂ ਅਤੇ ਮੀਟਿੰਗਾਂ ਰਾਹੀਂ ਜਾਗਰੂਕਤਾ ਫੈਲਾਈ ਗਈ ਸੀ ਜਿਸ ਦੇ ਸਾਰਥਿਕ ਸਿੱਟੇ ਸਾਹਮਣੇ ਆਏ ਹਨ।

# ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਉੱਘੇ ਪੰਜਾਬੀ ਕਵੀ ਸੁਰਜੀਤ ਪਾਤਰ ਦੇ ਦੇਹਾਂਤ 'ਤੇ ਦੁੱਖ ਪ੍ਰਗਟਾਇਆ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਪੰਜਾਬੀ ਕਵੀ ਅਤੇ ਉੱਘੇ ਲੇਖਕ ਪਦਮ ਸ਼੍ਰੀ ਸ. ਸੁਰਜੀਤ ਸਿੰਘ ਪਾਤਰ ਦੇ ਮੰਦਭਾਗੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ, ਜਿਨ੍ਹਾਂ ਦਾ 11 ਮਈ ਨੂੰ ਸਵੇਰੇ ਲੁਧਿਆਣਾ ਦੇ ਆਸ਼ਾਪੁਰੀ ਇਲਾਕੇ 'ਚ ਉਨ੍ਹਾਂ ਦੇ ਗ੍ਰਹਿ ਵਿਖੇ ਦੇਹਾਂਤ ਹੋ ਗਿਆ ਹੈ।

ਇੱਥੋਂ ਜਾਰੀ ਪ੍ਰੈਸ ਬਿਆਨ ਵਿੱਚ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਸ.ਪਾਤਰ ਨੇ ਪੰਜਾਬੀ ਭਾਸ਼ਾ ਦੇ ਪ੍ਰਚਾਰ ਨੂੰ ਵਿਸ਼ਵ ਭਰ ਵਿੱਚ ਫੈਲਾਉਣ ਵਿੱਚ ਅਹਿਮ ਯੋਗਦਾਨ ਪਾਇਆ ਹੈ। ਉਨ੍ਹਾਂ ਦੀਆਂ ਮਹੱਤਵਪੂਰਨ ਪ੍ਰਾਪਤੀਆਂ ਵਿੱਚ ਪੰਜਾਬੀ ਭਾਸ਼ਾ ਵਿੱਚ ਲਿਖਣ ਦੇ ਕੰਮ ਲਈ ਪਦਮ ਸ਼੍ਰੀ ਅਤੇ ਸਾਹਿਤ ਅਕਾਦਮੀ ਐਵਾਰਡ ਵਰਗੇ ਚੋਟੀ ਦੇ ਸਨਮਾਨ ਪ੍ਰਾਪਤ ਕਰਨਾ ਸ਼ਾਮਲ ਹੈ।

ਉਨ੍ਹਾਂ ਕਿਹਾ ਕਿ ਸ.ਪਾਤਰ ਜਲੰਧਰ ਦੇ ਪਿੰਡ ਪਾਤੜ ਕਲਾਂ ਦੇ ਰਹਿਣ ਵਾਲੇ ਸਨ ਅਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਤੋਂ ਪੰਜਾਬੀ ਦੇ ਪ੍ਰੋਫੈਸਰ ਵਜੋਂ ਸੇਵਾਮੁਕਤ ਹੋਏ ਸਨ। ਉਨ੍ਹਾਂ ਨੇ 2012 ਵਿੱਚ ਪਦਮ ਸ਼੍ਰੀ ਪ੍ਰਾਪਤ ਕੀਤਾ ਅਤੇ ਪੰਜਾਬ ਕਲਾ ਪ੍ਰੀਸ਼ਦ ਦੇ ਪ੍ਰਧਾਨ ਵਜੋਂ ਸੇਵਾ ਕੀਤੀ।

ਸੰਧਵਾਂ ਨੇ ਕਿਹਾ ਕਿ ਸ.ਪਾਤਰ ਦਾ ਵਿਛੋੜਾ ਪੰਜਾਬੀ ਭਾਈਚਾਰੇ ਲਈ ਬਹੁਤ ਵੱਡਾ ਘਾਟਾ ਹੈ। ਉਨ੍ਹਾਂ ਕਿਹਾ ਕਿ ਸ. ਪਾਤਰ ਨੂੰ ਮਾਂ ਬੋਲੀ ਪ੍ਰਤੀ ਪਾਏ ਵਡਮੁੱਲੇ ਯੋਗਦਾਨ ਲਈ ਹਮੇਸ਼ਾ ਸਤਿਕਾਰ ਨਾਲ ਯਾਦ ਕੀਤਾ ਜਾਵੇਗਾ।

ਸਪੀਕਰ ਨੇ ਯਾਦ ਕੀਤਾ ਕਿ ਸ. ਪਾਤਰ ਨੇ ਗੂਗਲ ਦੇ ਜੇਮਿਨੀ ਆਈਐਪ (ਆਰਟੀਫੀਸ਼ੀਅਲ ਇੰਟੈਲੀਜੈਂਸ) ਪਲੇਟਫਾਰਮ 'ਤੇ ਪੰਜਾਬੀ ਭਾਸ਼ਾ ਨੂੰ ਸ਼ਾਮਲ ਨਾ ਕੀਤੇ ਜਾਣ ਦੇ ਮੁੱਦੇ ਨੂੰ ਉਠਾਉਣ ਵਿਚ ਅਹਿਮ ਭੂਮਿਕਾ ਨਿਭਾਈ, ਭਾਵੇਂ ਕਿ ਇਸ ਪਲੇਟਫਾਰਮ ਵਿਚ ਗੁਜਰਾਤੀ ਸਮੇਤ ਕਈ ਹੋਰ ਖੇਤਰੀ ਭਾਸ਼ਾਵਾਂ ਸ਼ਾਮਲ ਸਨ।

ਉਨ੍ਹਾਂ ਕਿਹਾ ਕਿ ਹਾਲ ਹੀ ਵਿੱਚ ਸ. ਪਾਤਰ ਅਤੇ ਹੋਰਨਾਂ ਨਾਲ ਮਿਲ ਕੇ ਪੰਜਾਬੀ ਦਾ ਡਾਟਾ ਤੇਜੀ ਨਾਲ ਤਿਆਰ ਕਰਕੇ ਗੂਗਲ ਦੇ ਜੈਮਿਨੀ ਆਈਐਪ 'ਤੇ ਆਨਲਾਈਨ ਅਪਲੋਡ ਕਰਨ ਦਾ ਬੀੜਾ ਚੁੱਕਿਆ ਹੈ। ਉਨ੍ਹਾਂ ਕਿਹਾ ਕਿ ਸ.ਪਾਤਰ ਨੂੰ ਅਸਲ ਸ਼ਰਧਾਂਜਲੀ ਉਸ ਮਿਸ਼ਨ ਨੂੰ ਪੂਰਾ ਕਰਨਾ ਹੀ ਹੋਵੇਗੀ।









# GINNY BEDI LAW PC



**Ginny Bedi Attorney**

- ★ Immigration
- ★ Divorce
- ★ Custody and Support issues
- ★ Business Disputes
- ★ Living Trusts
- ★ Criminal Matters
- ★ Misdemeanors
- ★ DUI

ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।

**255 N Market St Ste 150 San Jose CA 95110**

Tel: (408) 800-0242 Fax: (408) 800-0240, Mobile: (408) 802-2501

Email: ginny@ginnybedilaw.com Web: www.ginnybedilaw.com

# PAL FILMS & PHOTO BOOKS

*All Your Photo/Videography & Post Production needs Under One Roof*




Music Video | Pre Shoots | Weddings | Birthdays | Graduations
Stage Shows Or Any Kind Of Events | Customize Photobooks (upto 6 feet)
Video Editing VFX/DI/CC & Much More....

*Full Photo & Videography studio with Green Screen Blue Screen*

**PH: 925 489 3400, 341 356 1517**

Email: palfilms@yahoo.com, palfilms925@gmail.com, www.palfilms.com

**4007 Railroad Ave
Pittsburgh, CA 94565**


ਸ਼੍ਰੋਮਣੀ ਅਕਾਲੀ ਦਲ
VOTE & SUPPORT
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ਼੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ਼੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ਼੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
RAVINDER SINGH BOYAL




# ਕੈਲੀਫੋਰਨੀਆ ਦੀ ਕਿਸੇ ਵੀ ਲੋਕੇਸ਼ਨ ਤੇ ਜਾਓ

## ਟਰੱਕ ਅਤੇ ਟ੍ਰੇਲਰ ਚਮਕਾਓ ਸਸਤੇ ਅਤੇ ਵਾਜਬ ਰੇਟਾਂ ਉੱਤੇ

Our Locations :-

**Delhi | Merced | Madera | Santa Nella**
**Tracy | San Fransisco | Corning**

Old Truck Stop Gemco Ripon Next to Flying J, Santos Ave ਦੇ ਉੱਤੇ



Find nearest Location & Hours

**Call at 1800-405-9274** or visit our website for
credit application to open credit account with our company

ਸਾਡੀਆਂ ਰਿਪਨ ਵਾਲੀਆਂ ਲੋਕੇਸ਼ਨਾਂ ਤੇ ਅਸੀਂ ਟੈਂਕਰ ਜੋ ਕੇ food Grade ਹਨ
ਉਹਨਾਂ ਨੂੰ ਅੰਦਰੋਂ ਧੋਂਦੇ ਹਾਂ ਅਤੇ Certified ਕਰਦੇ ਅਤੇ ਕੋਸ਼ਰ ਵਾਸ਼ ਵੀ ਕਰਦੇ ਹਾਂ

Tire Shop, Repair Shop, Oil & Lube Shop available on our locations

**Website:- www.aaatruckwash.com**

ਸੱਦਾ ਪੱਤਰ

# ਪੰਜਾਬੀ ਸਾਹਿਤ ਸਭਾ ਕੈਲੀਫੋਰਨੀਆ (ਰਜਿ.)

ਸੈਕਰਾਮੈਂਟੋ/ਯੂਬਾ ਸਿਟੀ

ਵੱਲੋਂ 20ਵੀਂ

## ਅੰਤਰਰਾਸ਼ਟਰੀ ਪੰਜਾਬੀ ਕਾਨਫਰੰਸ

**ਮਈ 19, ਐਤਵਾਰ, 2024, ਸਵੇਰੇ 9 ਵਜੇ ਤੋਂ 6 ਵਜੇ ਤੱਕ**

**ਸਥਾਨ: Pooja Restaurant, 1223 Merkely Ave. West Sacramento, 95691**

**ਪ੍ਰੋਗਰਾਮ**

- ਉਦਘਾਟਨ: 9.00 ਵਜੇ ਸਵੇਰੇ
- ਕਵੀ ਸੰਮੇਲਨ: 11.00 ਵਜੇ
- ਦੁਪਹਿਰ ਦਾ ਖਾਣਾ: 1.30 ਵਜੇ
- ਪੰਜਾਬੀ ਸਾਹਿਤ ਵਿਚਾਰ ਵਟਾਂਦਰਾ: 2.00 ਵਜੇ
- ਗੀਤ ਸੰਗੀਤ: 5.00 ਵਜੇ ਸ਼ਾਮ

ਆਪ ਜੀ ਨੂੰ ਬੇਨਤੀ ਹੈ ਕਿ ਪੰਜਾਬੀ ਸਾਹਿਤ ਸਭਾ ਕੈਲੀਫੋਰਨੀਆ ਦੀ 20ਵੀਂ ਅੰਤਰਰਾਸ਼ਟਰੀ ਪੰਜਾਬੀ ਕਾਨਫਰੰਸ ਮਿਤੀ 19 ਮਈ, 2024 ਨੂੰ ਹੋ ਰਹੀ ਹੈ। ਇਸ ਮੌਕੇ ਪੰਜਾਬੀ ਸਾਹਿਤ ਬਾਰੇ ਪਰਚੇ ਪੜ੍ਹੇ ਜਾਣਗੇ। ਕਵੀ ਸੰਮੇਲਨ ਹੋਵੇਗਾ। ਪੰਜਾਬੀ ਮਾਂ ਬੋਲੀ ਬਾਰੇ ਵਿਚਾਰ ਚਰਚਾ ਹੋਵੇਗੀ। ਇਸ ਤੋਂ ਇਲਾਵਾ ਗੀਤ-ਸੰਗੀਤ ਹੋਵੇਗਾ। ਆਪ ਜੀ ਨੂੰ ਬੇਨਤੀ ਹੈ ਕਿ ਆਪ ਇਸ ਮੌਕੇ ਪਹੁੰਚ ਕੇ ਕਾਨਫਰੰਸ ਦੀ ਰੌਣਕ ਨੂੰ ਵਧਾਉ।

| ਦਲਵੀਰ 'ਦਿਲ' ਨਿੱਜਰ<br>ਪ੍ਰਧਾਨ<br>916-628-2210 | ਉਡੀਕਵਾਨ:<br>ਸਮੁੱਚੀ ਪੰਜਾਬੀ ਸਾਹਿਤ ਸਭਾ, ਕੈਲੀਫੋਰਨੀਆ | ਗੁਰਜਤਿੰਦਰ ਸਿੰਘ ਰੰਧਾਵਾ<br>ਜਨਰਲ ਸਕੱਤਰ<br>916-320-9444 |
|---|---|---|

*Invitation by*

# Punjabi Sahit Sabha, California

*Sacramento/Yuba City*

*20th*

## *International Punjabi Conference*

***Place: Pooja Restaurant, 1223 Merkely Ave. West Sacramento, 95691***

***Programme***

- Opening Ceremony: 9am
- Poetry (Kavi Sammelan): 11am
- Lunch: 1:30pm
- Discussions on Punjabi Language: 2pm
- Cultural Program: 5pm onwards.

You are cordially Invited to the International 20th Punjabi Conference of Punjabi Sahit Sabha, California to be held on May 19, 2024. Scholars of Punjabi Language and Literature will present their papers. There will be a poetry session, discussions and a Musical night. We hope you will grace the occasion with your presence.

| Dalvir 'Dil' Nijjar<br>President<br>916-628-2210 | *With Best Complements from*<br>*All Members*<br>*Punjabi Sahit Sabha, California* | Gurjatinder Singh Randhawa<br>General Secretary<br>916-320-9444 |
|---|---|---|

ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ

HOPE IMMIGRATION

Where Hope Meets

IMMIGRATION OPPORTUNITIES

USA SERVICES :

- CITIZENSHIP
- GREEN CARD & PETITION
- AFFIDAVIT OF SUPPORT
- WORK PERMIT RENEW
- STUDENT VISA & TRANSFER
- TOURIST VISAS

INDIAN SERVICES :

- Passport
- VISA
- OCI CARD
- RENUNCIATION
- POWER OF ATTORNEY
- LEGAL DOCUMENTS ATTESTATIONS
- NOTARY SERVICES

WE CAN HELP YOU WORK AND SETTLE IN COUNTRIES WORLDWIDE ALSO

ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ

ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।



ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630

WEBSITE : www.hopeimmigration.net | Email : help@hopeimmigration.net

ਅਸੀਂ California State ਦੇ Bonded Immigration Consultant ਹਾਂ

ADDRESS : 2953 W CAPITOL AVE WEST SACRAMENTO, CA 95691

ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ

# ਮਾਂ ਆ ਠੰਡੀ ਛਾਂ



ਮਾਂ ਆ ਠੰਡੀ ਛਾਂ, ਛਾਂਵੇਂ ਨੀ ਕਿਉਂ ਬਹਿੰਦੇ,
ਲੱਗ ਕੇ ਮਾਂ ਦੇ ਚਰਨੀਂ ਅਸੀਸ ਕਿਉਂ ਨਈ ਲੈਂਦੇ,
ਜੇ ਮਾਂ ਨਾ ਹੁੰਦੀ ਕਿਦਾਂ ਦੁਨੀਆ ਤੇ ਆਉਂਦੇ,
ਮਾਂ ਬਿਨਾਂ ਨਾ ਜੀਵਨ ਆਪਣਾ ਪਾ ਪਾਉਂਦੇ,
ਮਾਂ ਆ ਜੱਗ ਦੀ ਜਨਨੀ ਤਾਈਓਂ ਆ ਕਹਿੰਦੇ,
ਲੱਗਕੇ ਮਾਂ......

ਮਾਂ ਦੇ ਕਦਮਾਂ ਵਿਚ ਜਹਾਨ ਆ ਵੱਸਦਾ,
ਮਾਂ ਬਿਨਾਂ ਨੀ ਧੀ ਪੁੱਤ ਕਦੇ ਵੀ ਰੱਸਦਾ,
ਮਾਂ ਮਮਤਾ ਦੀ ਮੂਰਤ ਸਾਰੇ ਆ ਕਹਿੰਦੇ,
ਲੱਗਕੇ ਮਾਂ......

ਰੱਬ ਤੋਂ ਮੰਗੋ ਮਾਂ ਦੀ ਲੰਮੀ ਉਮਰ ਹੋਵੇ,
ਪੁੱਤੋ ਬਣੋ ਕਪੁੱਤ ਨਾ ਮਾਂ ਦੀ ਅੱਖ ਰੋਵੇ,
ਮਾਪੇ ਕਦੇ ਦੁੱਖ ਨਈ ਬੱਚਿਆਂ ਦੇ ਸਹਿੰਦੇ,
ਲੱਗਕੇ ਮਾਂ ......

ਸ਼ੇਰ ਪੁੱਤ ਮਾਂ ਦਾ ਜਦੋਂ ਮਾਂ ਕਹਿੰਦੀ,
ਘੁੱਟ ਕੇ ਜੱਫੀ ਪਾ ਹਿੱਕ ਨਾਲ ਲਾਅ ਲੈਂਦੀ,
ਨਜਰ ਨਾ ਲੱਗੇ ਪੁੱਤ ਨੂੰ ਮੇਰੀ ਆ ਕਹਿੰਦੇ,
ਲੱਗਕੇ ਮਾਂ......

ਜਿੰਨਾ ਵੀ ਹੋ ਸਕਦਾ ਮਾਂ ਤੋਂ ਪਿਆਰ ਲਵੋ,
ਮਾਂ ਜੇ ਕੱਢਦੀ ਗਾਲਾਂ ਹੱਸ ਕੇ ਜਰ ਲਵੋ,
ਚੇਤੇ ਆਊਂਦੇ ਮਾਪੇ ਜਦੋਂ ਨਈ ਰਹਿੰਦੇ,
ਲੱਗਕੇ ਮਾਂ......

ਦਹੀਂ ਦੇ ਟੁੱਕ ਵਾਲੀ ਮੁੜ ਨਈ ਮਾਂ ਲੱਭਣੀ,
ਉਦੇ ਬਿਨਾਂ ਜਿੰਦਗੀ ਹੋ ਜਾਣੀ ਸੱਖਣੀ,
ਮਾਂ ਮਰੀ ਤੇ ਧੀ ਦੇ ਪੇਕੇ ਨਈ ਰਹਿੰਦੇ,
ਲੱਗਕੇ ਮਾਂ......

ਮਾਂ ਬਿਨਾਂ ਨਾ ਕਦੇ ਕੋਈ ਸਿਰ ਪਲੋਸੂਗਾ,
ਗਲਤੀ ਕਰਨੋ ਮਾਂ ਬਿਨਾਂ ਨਾ ਕੋਈ ਰੋਕੂਗਾ,
ਚੇਤੇ ਆਉਣਗੇ ਮਾਂ ਤੋਂ ਝਿੜਕੇ ਸੀ ਪੈਨਦੇ,
ਲੱਗਕੇ ਮਾਂ......

ਬੰਡਾਲੀਆ ਕਰੇ ਦੁਵਾਵਾਂ ਸਦਾ ਜਿਉਣ ਮਾਵਾਂ,
ਕਿੰਦਰ ਬਾਸੀ ਦੀਆਂ ਤੱਕਦੀਆਂ ਰਹਿਣ ਰਾਹਵਾਂ,
ਮਾਂ ਦੇ ਮਿੱਠੇ ਬੋਲ ਕੰਨੀਂ ਰਹਿਣ ਪੈਂਦੇ,
ਲੱਗਕੇ ਮਾਂ......



SANJHI SOCH

**ਕਿੰਦਰ ਬਾਸੀ**

Chevron
TRUCK STOP
OPEN PARKING, DELI, SHOWER, LAUNDRY
• ਸਸਤਾ ਡੀਜ਼ਲ • ਕਾਰਾਂ ਦੀ ਸਸਤੀ ਗੈਸ
We accept all major fleet cards, credit cards including, Visa, MC, AE, Discover, Voyag and Writer Express.

(Or $9 off Chevron In-Store Purchase)
ਇਥੇ ਪੰਜਾਬੀ ਰੈਸਟੋਰੈਂਟ ਵੀ ਹੈ ਅਤੇ ਹਰ ਵੇਲੇ ਪੰਜਾਬੀ ਖਾਣਾ ਮਿਲਦਾ ਹੈ।
Contact :
BALRAJ SINGH PANNU
541-942-0105
Chevron
1250, Gateway Blvd. Cottage, OR 97424,
Ph : 541-942-4142 Fax : 541-942-9668

PIONEER VILLA

Chevron
TRUCK PLAZA
MOTEL • RESTAURANT
LOUNGE • MINI-MART
GIFT SHOP • OPEN 24 HR
FLEET • MULTI SERVICE
WE ACCEPT-TCH T-CHECK
COM CHECK - EFS -
ALL MAJOR CREDIT CARDS
PREETI PANNU
(541) 369-2801
FAX (541) 369-3810
33180 HWY 228 HALSEY, OR 97348


VOTE & SUPPORT
ਸ਼੍ਰੋਮਣੀ ਅਕਾਲੀ ਦਲ
ਗੁਰਦਾਸਪੁਰ
ਡਾਕਟਰ ਦਲਜੀਤ ਸਿੰਘ ਚੀਮਾ
ਸ੍ਰੀ ਅਨੰਦਪੁਰ ਸਾਹਿਬ
ਪ੍ਰੋਫੈਸਰ ਪ੍ਰੇਮ ਸਿੰਘ ਚੰਦੂ ਮਾਜਰਾ
ਪਟਿਆਲਾ
ਐਨ ਕੇ ਸ਼ਰਮਾ
ਸ੍ਰੀ ਅੰਮ੍ਰਿਤਸਰ ਸਾਹਿਬ
ਅਨਿਲ ਜੋਸ਼ੀ
ਸ੍ਰੀ ਫਤਿਹਗੜ੍ਹ ਸਾਹਿਬ
ਬਿਕਰਮਜੀਤ ਸਿੰਘ ਖਾਲਸਾ
ਫਰੀਦਕੋਟ
ਰਾਜਵਿੰਦਰ ਸਿੰਘ
ਸੰਗਰੂਰ
ਇਕਬਾਲ ਸਿੰਘ ਝੂੰਦਾਂ
ਬਠਿੰਡਾ
ਹਰਸਿਮਰਤ ਕੌਰ ਬਾਦਲ
ਖਡੂਰ ਸਾਹਿਬ
ਵਿਰਸਾ ਸਿੰਘ ਵਲਟੋਹਾ
ਲੁਧਿਆਣਾ
ਰਣਜੀਤ ਸਿੰਘ ਢਿੱਲੋਂ
ਜਲੰਧਰ
ਮਹਿੰਦਰ ਸਿੰਘ ਕੇ ਪੀ
ਫਿਰੋਜ਼ਪੁਰ
ਨਰਦੇਵ ਸਿੰਘ ਬੌਬੀ ਮਾਨ
ਹੁਸ਼ਿਆਰਪੁਰ
ਸੋਹਣ ਸਿੰਘ ਠੰਡਲ
ਜਾਰੀ ਕਰਤਾ
SATBIR SINGH HEER


CIS
CALIFORNIA
IMMIGRATION SERVICES
YOUR REGISTERED & BONDED “IMMIGRATION-CONSULTANTS”
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com

ਬਾਲ ਕਹਾਣੀ

# ਚਿੜੀ ਅਤੇ ਪਰੀ



ਇੱਕ ਵਾਰ ਦੀ ਗੱਲ ਹੈ। ਇੱਕ ਜੰਗਲ ਵਿੱਚ ਇੱਕ ਸ਼ਰੀਫ ਚਿੜੀ ਰਹਿੰਦੀ ਸੀ। ਉਹ ਬਹੁਤ ਗਰੀਬ ਸੀ। ਇੱਕ ਦਿਨ ਇੱਕ ਲਾਲਚੀ ਕਾਂ ਉੱਥੇ ਆ ਗਿਆ। ਉਸ ਦਿਨ ਬਹੁਤ ਬਾਰਿਸ਼ ਲੱਗੀ ਹੋਈ ਸੀ। ਕਾਂ ਨੇ ਆਪਣਾ ਘਰ ਛੇਤੀ - ਛੇਤੀ ਬਣਾ ਲਿਆ। ਚਿੜੀ ਦਾ ਘਰ ਕੱਚਾ ਸੀ। ਉਹ ਟੁੱਟ ਗਿਆ। ਚਿੜੀ ਨੇ ਕਾਂ ਨੂੰ ਕਿਹਾ ਕਿ ਤੂੰ ਮੈਨੂੰ ਆਪਣੇ ਘਰ ਵਿੱਚ ਰੱਖ ਲੈ , ਮੈਂ ਬਾਰਿਸ਼ ਵਿੱਚ ਭਿੱਜ ਰਹੀ ਹਾਂ। ਕਾਂ ਨੇ ਕਿਹਾ ਕਿ ਤੂੰ ਬਾਰਿਸ਼ ਨਾਲ ਭਿੱਜ ਗਈ ਹੈ। ਮੈਂ ਤੈਨੂੰ ਅੰਦਰ ਨਹੀਂ ਆਉਣ ਦੇ ਸਕਦਾ। ਤੇਰੇ ਆਉਣ ਨਾਲ ਮੇਰਾ ਘਰ ਗਿੱਲਾ ਹੋ ਜਾਣਾ ਹੈ। ਫਿਰ ਉੱਧਰੋਂ ਇੱਕ ਪਰੀ ਆਈ। ਉਸਨੇ ਚਿੜੀ ਨੂੰ ਨਿਰਾਸ਼ ਦੇਖਿਆ। ਉਹ ਚਿੜੀ ਦੇ ਕੋਲ ਗਈ ਅਤੇ ਉਸਨੂੰ ਉਸ ਕੋਲੋਂ ਸਾਰੀ ਗੱਲ ਪੁੱਛੀ। ਚਿੜੀ ਨੇ ਸਾਰੀਆਂ ਗੱਲਾਂ ਉਸ ਪਰੀ ਨੂੰ ਦੱਸ ਦਿੱਤੀਆਂ। ਪਰੀ ਨੇ ਆਪਣੀ ਛੜੀ ਘੁਮਾਈ ਅਤੇ ਉਸ ਵਿੱਚੋਂ ਇੱਕ ਸੋਹਣਾ ਘਰ ਨਿਕਲਿਆ। ਚਿੜੀ ਹੈਰਾਨ ਹੋ ਗਈ ਅਤੇ ਖੁਸ਼ ਹੋ ਗਈ।



**ਰੁਪਿੰਦਰ ਸਿੰਘ , ਜਮਾਤ ਪੰਜਵੀਂ**
**ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ, ਗੰਭੀਰਪੁਰ ਲੋਅਰ, ਜ਼ਿਲ੍ਹਾ ਰੂਪਨਗਰ,**
**ਗਾਈਡ ਅਧਿਆਪਕ**
**ਮਾਸਟਰ ਸੰਜੀਵ ਧਰਮਾਣੀ**
**9478561356**

# ਹਕੀਕਤ

*-ਮੁਗਲ ਰਾਜ ਨੂੰ ਜੜੋਂ ਉਖੇੜ ਕੇ, ਨਾਦਰ ਸ਼ਾਹ ਤੇ ਅਹਿਮਦ ਸ਼ਾਹ ਅਬਦਾਲੀ ਨੂੰ ਹਰਾਕੇ ਤੇ ਕਾਬਲ ਤੋਂ ਜਮਨਾ ਤਕ ਰਾਜ ਕਾਇਮ ਕਰਕੇ ਇਹ ਗੱਲ ਸਿੱਖ ਕੌਮ ਸਾਬਤ ਕਰ ਚੁੱਕੀ ਹੈ ਕਿ ਅਸੀਂ ਮੁੜ ਜਾਰ ਸਥਾਪਤ ਕਰਾਂਗੇ।

*-ਪੰਜਾਬ ਅਤੇ ਸਿੱਖ ਕੌਮ ਨਾਲ ਪੈਰ ਪੈਰ ਤੇ ਧੱਕੇ ਤੇ ਬੇਇਨਸਾਫੀਆਂ ਕੀਤੀਆਂ ਗਈਆਂ ਹਨ, ਸਾਡੀਆਂ ਕੌਮੀ ਭਾਵਨਾਵਾਂ ਨੂੰ ਮਸਲਿਆ ਗਿਆ ਹੈ, ਸਾਡੇ ਕੌਮੀ ਵਕਾਰ ਨੂੰ ਰੋਲਿਆ ਗਿਆ ਹੈ, ਹੁਣ ਗੁਲਾਮੀ ਦੀ ਛੱਟ ਲਾਹੇ ਬਿਨਾਂ ਪੰਜਾਬ ਚ ਅਮਨ ਚੈਨ ਆ ਹੀ ਨਹੀਂ ਸਕਦਾ। ਹੁਣ ਬ੍ਰਾਹਮਣਵਾਦ ਭਾਵੇਂ ਜਿੰਨੇ ਮਰਜੀ ਡਾ: ਸੋਹਣ ਸਿੰਘ ਵਰਗੇ ਝੋਲੀਚੁੱਕ ਪੈਦਾ ਕਰ ਲਵੇ ਖਾਲਸਤਾਨ ਦੇ ਸੰਘਰਸ਼ ਨੂੰ ਖਤਮ ਨਹੀਂ ਕੀਤਾ ਜਾ ਸਕਦਾ।

*-ਪੰਜਾਬ, ਹਿੰਦੂ ਸਿੱਖ ਇਸਾਈ ਮੁਸਲਮਾਨ ਸਭ ਦਾ ਸਾਂਝਾ ਹੈ, ਇਹ ਹਰ ਪੰਜਾਬੀ ਦੇ ਦਿਲ ਦੀ ਧੜਕਨ ਹੈ, ਇਸਦੀ ਮਿਠੀ ਬੋਲੀ, ਸ਼ਾਨਦਾਰ ਇਤਿਹਾਸ ਅਤੇ ਸਭਿਆਚਾਰ ਸਭ ਦੇ ਸਾਂਝੇ ਹਨ ਪਰ ਸਿੱਖਾਂ ਤੋਂ ਬਿਨਾਂ ਪੰਜਾਬ ਨਾਲ ਸਾਰੇ ਗਦਾਰੀਆਂ ਹੀ ਕਰਦੇ ਰਹੇ ਹਨ।

*-ਪੰਜਾਬ ਉਤੇ ਜ਼ੁਲਮ ਦੀਆਂ ਹਨੇਰੀਆਂ ਦੇ ਝੱਖੜ ਝੁਲਦੇ ਰਹੇ ਹਨ ਤੇ ਇਹ ਮੁੜ ਮੁੜ ਉਜੜਦਾ ਤੇ ਵਸਦਾ ਰਿਹਾ ਹੈ। ਹਰ ਹਨੇਰੀ, ਹਰ ਤੂਫਾਨ, ਹਰ ਕੁਰਬਾਨੀ ਦੀ ਭੱਠੀ ਵਿਚੋਂ ਇਸਦੇ ਬਹਾਦਰ ਸਿੱਖ ਸੂਰਬੀਰ ਯੋਧੇ ਸਟੀਲ ਬਣਕੇ ਨਿਕਲਦੇ ਰਹੇ ਹਨ।

*-ਜੇ ਸਿੱਖ ਕੌਮ ਨੇ ਆਪਣੀ ਅਜ਼ਾਦ ਹਸਤੀ ਨੂੰ ਕਾਇਮ ਰੱਖਣਾ ਹੈ ਤਾਂ ਗਲ ਹੁਣ ਵੱਧ ਅਧਿਕਾਰ ਲੈਣ ਦੀ ਨਹੀਂ ਸਗੋਂ ਹੱਕ ਲੈਣ ਦੀ ਹੈ, ਹੱਕ ਵੀ ਕੌਮੀ ਅਜ਼ਾਦੀ ਦੀ ਪ੍ਰਾਪਤੀ ਦਾ।

*-ਪਿਆਰੇ ਪਾਠਕੋ, ਗੱਲ ਹੁਣ ਸੋਨੇ ਦੇ ਪਿੰਜਰੇ ਵਿਚ ਪੈਕੇ ਚੂਰੀ ਖਾਣ ਦੀ ਨਹੀਂ ਹੈ, ਸਗੋਂ ਆਕਾਸ਼ ਵਿਚ ਅਜ਼ਾਦ ਉਣਾਰੀਆਂ ਮਾਰਨ ਦੀ ਹੈ।

*-ਅਜੀਬ ਗੱਲ ਹੈ ਆਪਾਂ ਖੁਸ਼ ਰਹਿਣ ਦੇ ਲਈ ਪ੍ਰੇਸ਼ਾਨ ਰਹਿੰਦੇ ਹਾਂ।



**Paramjit Singh Sekhon (Dakha)**
President, Dal Khalsa Alliance
1700 Shattuck Ave, # 303 Berkeley CA 94709. (510)774 5909.
*A Nonprofit Organization Dedicated to Public Awareness*


LARRY T. NIERMEYER



Attorney at Law

OFFERING SERVICES IN THE FOLLOWING AREAS

1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation





PHONE: (209) 574-9447

1420 F STREET ST_ 2ND FLOOR MODESTO, CA 95354

Email : ltniermeyer@aol.com

# JK TYRE INC

JK TYRE
TOTAL CONTROL

**KTD10-LEAO**
Radial Truck Tire (Long Haul)



295/75R22.5
$2600

With Installation
Singh: 510-766-9382

**JK JETSTEEL JDH**

SPECIAL OFFER !!



DRIVE TIRE
11R22.5-

With Installation
Singh: 510-766-9382

**Firestone FS591**

SPECIAL OFFER !!

STEER TIRE
295/75R22.5

With Installation
Singh: 510-766-9382



11R22.5

With Installation
Singh: 510-766-9382

**Sizes available in drive & trailer**

295/75/22.5
11r/22.5
11r/24.5
255/70/22.5
315/80/22.5
425/65/22.5

**JETWAY JTH 1**

SPECIAL OFFER !!



TRAILER TIRE
11R22.5-
11R24.5-

With Installation
Singh: 510-766-9382

**JETWAY JTH SD**

SPECIAL OFFER !!



TRAILER TIRE
295/75R22.5-

With Installation
Singh: 510-766-9382

**JK JETSTEEL JDL2**

SPECIAL OFFER !!



DRIVE TIRE
11R22.5-
11R24.5-
295/75R22.5-

With Installation
Singh: 510-766-9382



FALKEN TIRES | GOODYEAR | KELLY TIRES | BARKLEY Feel the difference | PIRELLI
MICHELIN A better way forward | BRIDGESTONE | Firestone | YOKOHAMA
PEARLY | NAMA | TOYO TIRES driven to perform | Continental | DUNLOP TIRES

## S. Singh Cell: (510) 766-9382

2955 N. Wilson Way Stockton , CA 95205


ਸੰਤ ਜਰਨੈਲ ਸਿੰਘ ਭਿੰਡਰਾਂਵਾਲੇ
ਜਨਰਲ ਸੁਬੇਗ ਸਿੰਘ
ਭਾਈ ਅਮਰੀਕ ਸਿੰਘ
ਸ਼ਹੀਦ ਭਾਈ ਦੀਪ ਸਿੱਧੂ
VOTE
&
SUPPORT
ਹਲਕਾ
ਸੰਗਰੂਰ
ਹਲਕਾ
ਖਡੂਰ ਸਾਹਿਬ
ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ
ਸਿਮਰਨਜੀਤ ਸਿੰਘ ਮਾਨ
ਭਾਈ ਅੰਮ੍ਰਿਤਪਾਲ ਸਿੰਘ
ਜਾਰੀ ਕਰਤਾ
JB TYRES INC
24/7 MOBILE REPAIR
TRUCK AND TRAILER
• NEW / USED TYRES • BRAKES • HUBS SEAL • OIL CHANGE
TEL: 337- 513- 3544 1651 FAIRVIEW DR. CERES. CA 95307
MAHABIR SINGH
JOBANPREET SINGH


GLOBAL DEFENCE SCHOOL PATIALA
A Unique Boarding School Of Patiala
with Largest Campus
GLOBAL DEFENCE SCHOOL
AIM FOR EXCELLENCE
Choose to shine LIKE THE RISING SUN.
ADMISSIONS
SESSION 2024-25 OPEN
Nursery to 7th
CBSE PATTERN
" THE BEST CHOICE FOR YOUR KIDS"
Enroll Now
Day Cum Residential School
+91 9872601534, +91 9023433311
admission@globaldefenceschool.com
Nabha-Patiala Road, Rakhra Pincode 147201



SANJHI SOCH
ਵਿਜੈ ਗਰਗ
ਰਿਟਾਇਰਡ ਪ੍ਰਿੰਸੀਪਲ
ਮਲੋਟ

# ਅੰਕ ਨਹੀਂ, ਜੀਵਨ

ਇਸ ਸਾਲ ਇੱਕ ਵਾਰ ਫਿਰ ਬੋਰਡ ਪ੍ਰੀਖਿਆਵਾਂ ਦੇ ਨਤੀਜੇ ਸੁਰਖੀਆਂ ਵਿੱਚ ਰਹੇ। ਅੱਜ ਦੀ ਪੀੜ੍ਹੀ, ਜੋ ਅੰਕਾਂ ਅਤੇ 'ਰੈਂਕ' ਨੂੰ ਜ਼ਿੰਦਗੀ ਵਿਚ ਸਭ ਕੁਝ ਸਮਝਦੀ ਹੈ, ਉਸ ਦੇ ਨਾਲ-ਨਾਲ ਜੋ ਚੀਜ਼ਾਂ ਚੰਗੀਆਂ ਅਤੇ ਸੁਹਾਵਣੀਆਂ ਲੱਗਦੀਆਂ ਹਨ, ਉਸ ਵਿਚ ਇਮਤਿਹਾਨਾਂ ਵਿਚ ਫੇਲ੍ਹ ਹੋਣ ਦਾ ਡਰ, ਘੱਟ ਗ੍ਰੇਡ ਜਾਂ ਰੈਂਕ ਅਤੇ ਮਾਪਿਆਂ ਅਤੇ ਅਧਿਆਪਕਾਂ ਤੋਂ ਉਮੀਦਾਂ ਵੀ ਸਨ ਆਪਣੀ ਯੋਗਤਾ ਨੂੰ ਸਾਬਤ ਕਰਨ ਵਿੱਚ ਅਸਫਲ ਰਹਿਣ ਤੋਂ ਬਾਅਦ ਖੁਦਕੁਸ਼ੀ ਕਰਨ ਵਾਲੇ ਲੋਕਾਂ ਦੀਆਂ ਰਿਪੋਰਟਾਂ. ਇਹ ਯਕੀਨੀ ਤੌਰ 'ਤੇ ਬਹੁਤ ਚਿੰਤਾ ਦਾ ਵਿਸ਼ਾ ਹੈ। ਹਰ ਸਾਲ ਪ੍ਰੀਖਿਆਵਾਂ ਦੇ ਨਤੀਜੇ ਐਲਾਨੇ ਜਾਣ ਤੋਂ ਬਾਅਦ ਬੱਚਿਆਂ ਵਿੱਚ ਖੁਦਕੁਸ਼ੀ ਦੀਆਂ ਘਟਨਾਵਾਂ ਆਮ ਤੌਰ 'ਤੇ ਦੇਖਣ ਨੂੰ ਮਿਲਦੀਆਂ ਹਨ।

ਪਰ ਮਾਪੇ, ਅਧਿਆਪਕ ਅਤੇ ਪ੍ਰਸ਼ਾਸਨ ਇਸ ਦਾ ਕੋਈ ਹੱਲ ਨਹੀਂ ਕੱਢ ਰਿਹਾ ਅਤੇ ਨਾ ਹੀ ਅਜਿਹੀ ਸਥਿਤੀ ਪੈਦਾ ਕੀਤੀ ਗਈ ਹੈ ਕਿ ਅੱਜ ਦੇ ਬੱਚੇ ਇਹ ਸਮਝਦੇ ਹਨ ਕਿ ਜੇਕਰ ਸਫਲਤਾ ਚੰਗੀ ਹੈ ਤਾਂ ਘੱਟ ਅੰਕ ਜਾਂ ਅਸਫਲਤਾ ਆਪਣੇ ਆਪ ਨੂੰ ਸੁਧਾਰਨ ਅਤੇ ਅਗਲੀ ਸਫਲਤਾ ਪ੍ਰਾਪਤ ਕਰਨ ਦਾ ਰਾਹ ਹੈ . ਬੱਚਿਆਂ ਨੂੰ ਇਹ ਕਿਉਂ ਨਹੀਂ ਸਮਝਾਇਆ ਜਾ ਸਕਦਾ ਕਿ ਜ਼ਿੰਦਗੀ ਦਾ ਟੀਚਾ ਸਿਰਫ਼ ਇਮਤਿਹਾਨ ਪਾਸ ਕਰਨਾ ਹੈ? ਅੰਕ ਘੱਟ ਹੋਣ ਜਾਂ ਨਤੀਜੇ ਮਾੜੇ ਹੋਣ 'ਤੇ ਜ਼ਿੰਦਗੀ ਖਤਮ ਨਹੀਂ ਹੁੰਦੀ। ਹੁੰਦਾ ਹੈ। ਜ਼ਿੰਦਗੀ ਦੇ ਟੀਚੇ ਕੁਝ ਹੋਰ ਕਰਨ ਨਾਲ ਵੀ ਪ੍ਰਾਪਤ ਕੀਤੇ ਜਾ ਸਕਦੇ ਹਨ। ਪਰ ਭਵਿੱਖ ਸਕੂਲੀ ਇਮਤਿਹਾਨਾਂ ਵਿੱਚ ਸਭ ਤੋਂ ਵੱਧ ਜਾਪਦਾ ਹੈ। ਇਸ ਨੂੰ ਸੰਖਿਆਵਾਂ ਦੇ ਦਾਇਰੇ ਵਿੱਚ ਲਿਆ ਜਾਂਦਾ ਹੈ ਅਤੇ ਮਾਪਿਆਂ ਤੋਂ ਲੈ ਕੇ ਵਿਦਿਆਰਥੀਆਂ ਤੱਕ ਹਰ ਕੋਈ ਇਸ ਚੱਕਰ ਵਿੱਚ ਆਪਣੀ ਸੋਚ ਅਤੇ ਸਮਝ ਨੂੰ ਕੇਂਦਰਿਤ ਕਰਦਾ ਹੈ। ਇਸ ਦੇ ਮਨੋਵਿਗਿਆਨਕ ਪ੍ਰਭਾਵ ਸਾਹਮਣੇ ਆਉਣੇ ਲਾਜ਼ਮੀ ਹਨ। ਜੇਕਰ ਅੱਜ ਦੀ ਸਕੂਲੀ ਸਿੱਖਿਆ ਦੇ ਸਮੁੱਚੇ ਢਾਂਚੇ 'ਤੇ ਨਜ਼ਰ ਮਾਰੀਏ ਤਾਂ ਪੜ੍ਹਾਈ ਤੋਂ ਲੈ ਕੇ ਇਮਤਿਹਾਨਾਂ ਅਤੇ ਨਤੀਜਿਆਂ ਤੱਕ ਦਿਖਾਵੇ ਦੇ ਸੱਭਿਆਚਾਰ ਵਿੱਚ ਬੱਚਿਆਂ ਦੇ ਮਾਪੇ ਹੀ ਜ਼ਿਆਦਾ ਜ਼ਿੰਮੇਵਾਰ ਨਜ਼ਰ ਆਉਂਦੇ ਹਨ, ਜੋ ਆਪਣੀਆਂ ਅਧੂਰੀਆਂ ਖਾਹਿਸ਼ਾਂ ਦੀ ਭੁੱਖ ਕਾਰਨ ਬੱਚਿਆਂ 'ਤੇ ਦਬਾਅ ਪਾਓ ਕਿ ਉਹ 100 ਪ੍ਰਤੀਸ਼ਤ ਅੰਕ ਪ੍ਰਾਪਤ ਕਰਨ ਜਾਂ ਨਾ ਪ੍ਰਾਪਤ ਕਰਨ।

ਪਹਿਲਾਂ ਆਓ। ਇਸ ਦੇ ਨਾਲ ਹੀ ਸਕੂਲਾਂ ਵਿੱਚ ਬੱਚਿਆਂ ਨੂੰ ਵੀਦਬਾਅ ਬਣਾਇਆ ਜਾਂਦਾ ਹੈ। ਅਜਿਹੀ ਸਥਿਤੀ ਵਿੱਚ ਸਕੂਲੀ ਜਮਾਤਾਂ ਤੋਂ ਇਲਾਵਾ ਟਿਊਸ਼ਨ, ਕੋਚਿੰਗ, ਇਮਤਿਹਾਨਾਂ ਦੇ ਤਣਾਅ ਅਤੇ ਬੋਝ ਦੇ ਨਾਲ-ਨਾਲ ਇੰਟਰਨੈੱਟ ਅਤੇ ਟੀ.ਵੀ. ਦੇ ਚੱਕਰ ਵਿੱਚ ਫਸੇ ਬੱਚੇ ਉਲਝਣ ਵਿੱਚ ਪੈ ਜਾਂਦੇ ਹਨ। ਜਦੋਂ ਕਿ ਪੜ੍ਹਾਈ ਤੋਂ ਬਾਅਦ ਵਧੀਆ ਭਵਿੱਖ ਬਣਾਉਣ ਦੇ ਨਜ਼ਰੀਏ ਤੋਂ ਇਸ ਵਿੱਚ ਅੰਕਾਂ ਦਾ ਕੋਈ ਮੁਲਾਂਕਣ ਨਹੀਂ ਹੁੰਦਾ। ਵਧਦੀ ਲਾਲਸਾ ਕਾਰਨ ਬੱਚੇ ਪੂਰੇ ਸਾਲ ਦੀ ਪੜ੍ਹਾਈ ਅਤੇ ਤਿੰਨ ਘੰਟੇ ਦੀ ਪ੍ਰੀਖਿਆ ਵਿੱਚ ਆਪਣੀ ਕਾਬਲੀਅਤ ਦਾ ਸਹੀ ਪ੍ਰਦਰਸ਼ਨ ਨਹੀਂ ਕਰ ਪਾਉਂਦੇ। ਇਸ ਸਥਿਤੀ ਦੀ ਗੁੰਝਲਦਾਰਤਾ ਦਾ ਅੰਦਾਜ਼ਾ ਇਸ ਤੋਂ ਲਗਾਇਆ ਜਾ ਸਕਦਾ ਹੈ ਕਿ ਇੱਕ ਸੰਪੂਰਨ ਸ਼ਖ਼ਸੀਅਤ ਕਿੱਥੋਂ ਬਣ ਗਈ ਹੈ।. ਬੱਚੇ ਆਪਣੀ ਜੀਵਨ ਯਾਤਰਾ ਸ਼ੁਰੂ ਕਰਦੇ ਹਨ ਅਤੇ ਵੱਧ ਤੋਂ ਵੱਧ ਅੰਕ ਪ੍ਰਾਪਤ ਕਰਨ ਅਤੇ ਪਹਿਲੇ ਆਉਣ ਲਈ ਮੁਕਾਬਲੇ ਵਿੱਚ ਫਸ ਜਾਂਦੇ ਹਨ। ਇਸ ਮੁਕਾਬਲੇ ਦਾ ਨਤੀਜਾ ਇਹ ਹੈ ਕਿ ਜਿਨ੍ਹਾਂ ਬੱਚਿਆਂ ਨੂੰ ਪੜ੍ਹਾਈ, ਖੇਡਣ, ਛਾਲ ਮਾਰਨ ਅਤੇ ਮੌਜ-ਮਸਤੀ ਕਰਨੀ ਸੀ, ਉਨ੍ਹਾਂ ਵਿੱਚੋਂ ਬਹੁਤ ਸਾਰੇ ਬੱਚੇ ਪੜ੍ਹਾਈ ਤੋਂ ਪੈਦਾ ਹੋਏ ਤਣਾਅ ਅਤੇ ਨਿਰਾਸ਼ਾ ਕਾਰਨ ਖੁਦਕੁਸ਼ੀ ਕਰਨ ਤੋਂ ਪਿੱਛੇ ਨਹੀਂ ਹਟ ਰਹੇ। ਦਿਖਾਵੇ ਦੇ ਨਿਸ਼ਾਨਾਂ ਦਾ ਭਰਮ ਬੱਚੇ ਦੇ ਮਨ ਨੂੰ ਲਗਾਤਾਰ ਖਿੱਚਦਾ ਜਾ ਰਿਹਾ ਹੈ। ਬੱਚਿਆਂ ਨੇ ਬੋਰਡ ਪ੍ਰੀਖਿਆਵਾਂ ਦੇ ਨਤੀਜਿਆਂ ਨੂੰ ਆਪਣੀ ਜ਼ਿੰਦਗੀ ਦਾ ਨੀਂਹ ਪੱਥਰ, ਅੰਤਮ ਸੱਚ, ਆਪਣੇ ਕੈਰੀਅਰ ਬਾਰੇ ਸਭ ਕੁਝ ਮੰਨਿਆ ਹੈ। ਜਦਕਿ ਇਹ ਅੰਤਿਮ ਸੱਚ ਨਹੀਂ ਹੈ।

ਸੱਚ ਤਾਂ ਇਹ ਹੈ ਕਿ ਜ਼ਿੰਦਗੀ ਵਿਚ ਨੰਬਰਾਂ ਦਾ ਕੋਈ ਮੁੱਲ ਨਹੀਂ ਹੁੰਦਾ।ਨਹੀਂ, ਕਿਉਂਕਿ ਅੰਕਾਂ ਜਾਂ ਡਿਗਰੀਆਂ ਰਾਹੀਂ ਕਿਸੇ ਦੀ ਯੋਗਤਾ ਦਾ ਸਹੀ ਮੁਲਾਂਕਣ ਨਹੀਂ ਕੀਤਾ ਜਾ ਸਕਦਾ। ਬਹੁਤ ਸਾਰੇ ਆਈ.ਏ.ਐਸ., ਕੁਲੈਕਟਰ, ਖਿਡਾਰੀ, ਅਦਾਕਾਰ, ਗਾਇਕ, ਵਪਾਰੀ, ਕਲਾਕਾਰ, ਲੇਖਕ, ਸਾਹਿਤਕਾਰ, ਵਿਗਿਆਨੀ ਆਦਿ ਹਨ ਜੋ ਬਹੁਤ ਹੀ ਸਾਧਾਰਨ ਵਿਦਿਆਰਥੀ ਸਨ। ਉਨ੍ਹਾਂ ਨੇ ਪੜ੍ਹਾਈ ਵਿੱਚ ਵੀ ਟਾਪ ਨਹੀਂ ਕੀਤਾ, ਫੇਲ ਵੀ ਨਹੀਂ ਕੀਤਾ, ਗ੍ਰੈਜੂਏਸ਼ਨ ਜਾਂ ਪੋਸਟ-ਗ੍ਰੈਜੂਏਸ਼ਨ ਦੀ ਡਿਗਰੀ ਵੀ ਨਹੀਂ ਲਈ, ਫਿਰ ਵੀ ਉਹ ਆਪਣੇ-ਆਪਣੇ ਖੇਤਰ ਵਿੱਚ ਨਵਾਂ ਮੁਕਾਮ ਹਾਸਲ ਕਰਕੇ ਦੇਸ਼ ਦਾ ਨਾਂ ਰੌਸ਼ਨ ਕਰ ਰਹੇ ਹਨ। ਜੇਕਰ ਅੱਜ ਦੀ ਪੀੜ੍ਹੀ ਇਨ੍ਹਾਂ ਤੋਂ ਸਬਕ ਲੈ ਲਵੇ ਤਾਂ ਉਹ ਵੀ ਗਿਣਤੀ ਪੱਖੋਂ ਜ਼ਿੰਦਗੀ ਦੀ ਜਿੱਤ-ਹਾਰ ਭੁੱਲ ਜਾਵੇਗੀ। ਵਿਅਕਤੀ ਆਪਣੀ ਪ੍ਰਤਿਭਾ, ਯੋਗਤਾ ਅਤੇ ਰੁਚੀ ਅਨੁਸਾਰ ਪੜ੍ਹਾਈ ਤੋਂ ਇਲਾਵਾ ਖੇਡਾਂ, ਸੰਗੀਤ, ਪੇਂਟਿੰਗ, ਕਾਰੋਬਾਰ, ਅਦਾਕਾਰੀ ਜਾਂ ਕਿਸੇ ਹੋਰ ਖੇਤਰ ਵਿੱਚ ਸਫਲਤਾ ਹਾਸਲ ਕਰ ਸਕਦਾ ਹੈ। ਬੱਚਿਆਂ ਨੂੰ ਅਸਫਲਤਾਵਾਂ ਤੋਂ ਵੀ ਸਿੱਖਣਾ ਚਾਹੀਦਾ ਹੈ। ਇੱਕ ਬਿਹਤਰ ਅਤੇ ਵਧੀਆ ਵਿਅਕਤੀ ਬਣਨ ਦੀ ਕੋਸ਼ਿਸ਼ ਕਰੋ। ਇਹ ਧਿਆਨ ਵਿੱਚ ਰੱਖਣ ਦੀ ਲੋੜ ਹੈ ਕਿ ਲਗਾਤਾਰ ਮਿਹਨਤ, ਸਬਰ, ਆਤਮ ਵਿਸ਼ਵਾਸ ਅਤੇ ਦ੍ਰਿੜ ਇਰਾਦੇ ਨਾਲ ਸਫਲਤਾ ਪ੍ਰਾਪਤ ਕੀਤੀ ਜਾ ਸਕਦੀ ਹੈ। ਸਫਲਤਾ ਨਾ ਮਿਲਣ 'ਤੇ ਵੀ ਹਿੰਮਤ ਨਹੀਂ ਹਾਰਨੀ ਚਾਹੀਦੀ। ਦੁਬਾਰਾ ਕੋਸ਼ਿਸ਼ ਕਰਨੀ ਚਾਹੀਦੀ ਹੈ। ਜੇਕਰ ਬੱਚੇ ਹੱਸਣ, ਹੱਸਣ ਅਤੇ ਅਰਜੁਨ ਵਾਂਗ ਟੀਚੇ ਵੱਲ ਕੇਂਦਰਿਤ ਰਹਿਣਸਫਲਤਾ ਯਕੀਨੀ ਤੌਰ 'ਤੇ ਜਲਦੀ ਜਾਂ ਬਾਅਦ ਵਿੱਚ ਆਵੇਗੀ. ਅਜਿਹੇ ਸਾਰੇ ਅੰਕੜੇ ਦੱਸਦੇ ਹਨ ਕਿ ਅੱਜ ਦੇ ਬੱਚੇ ਕਿਸ ਤਰ੍ਹਾਂ ਦੀ ਲਾਲਸਾ ਦਾ ਸ਼ਿਕਾਰ ਹੋ ਚੁੱਕੇ ਹਨ। ਉਸ ਦੇ ਸੁਪਨੇ ਵੱਡੇ ਹਨ ਅਤੇ ਜੇਕਰ ਉਹ ਪੂਰੇ ਨਹੀਂ ਹੁੰਦੇ ਤਾਂ ਉਹ ਮੌਤ ਨੂੰ ਗਲੇ ਲਗਾਉਣ ਤੋਂ ਨਹੀਂ ਝਿਜਕਦਾ। ਸਵਾਲ ਇਹ ਹੈ ਕਿ ਉਹ ਸਮਾਜ ਜਾਂ ਸਕੂਲ ਪੱਧਰ 'ਤੇ ਇਸ ਤਰ੍ਹਾਂ ਦੀ ਸੋਚ ਨੂੰ ਗ੍ਰਹਿਣ ਕਰਨਾ 'ਸਿੱਖ' ਕਿੱਥੋਂ ਲੈਂਦੇ ਹਨ?

ਜੇਕਰ ਉਨ੍ਹਾਂ ਨੂੰ ਸਮੇਂ ਸਿਰ ਕਾਊਂਸਲਿੰਗ, ਸਲਾਹ, ਅਧਿਆਪਕ ਅਤੇ ਪਰਿਵਾਰਕ ਮੈਂਬਰ ਉਨ੍ਹਾਂ ਨੂੰ ਕੁਝ ਸਮਝਾਉਣ ਤਾਂ ਸ਼ਾਇਦ ਬੱਚੇ ਖੁਦਕੁਸ਼ੀ ਕਰਨ ਦੇ ਫੈਸਲੇ ਤੱਕ ਨਾ ਪਹੁੰਚ ਸਕਣ। ਜਦੋਂ ਕਿ ਸੰਯੁਕਤ ਪਰਿਵਾਰਾਂ ਦਾ ਉਜਾੜਾ, ਕੰਮਕਾਜੀ ਮਾਪਿਆਂ ਦਾ ਰੁਝੇਵਾਂਜੀਵਨ ਦੇ ਰੁਟੀਨ ਕਾਰਨ ਬੱਚੇ ਇਕੱਲੇ ਅਤੇ ਅਣਗੌਲੇ ਹੁੰਦੇ ਜਾ ਰਹੇ ਹਨ। ਮੁਕਾਬਲੇ ਦੇ ਯੁੱਗ ਵਿੱਚ ਅੱਗੇ ਵਧਣ ਦੀ ਲਾਲਸਾ ਵਿੱਚ ਅੱਜ ਨੰਬਰਾਂ ਅਤੇ ਦਰਜਿਆਂ ਦੀ ਖੇਡ ਜ਼ਿੰਦਗੀ ਦੀ ਖੇਡ ਬਣ ਗਈ ਹੈ। ਇਨ੍ਹਾਂ ਖੁਦਕੁਸ਼ੀਆਂ ਦੇ ਵਧਦੇ ਗ੍ਰਾਫ ਲਈ ਆਖਿਰ ਕੌਣ ਜ਼ਿੰਮੇਵਾਰ ਹੈ? ਅੱਜ ਦੀ ਸਿੱਖਿਆ ਪ੍ਰਣਾਲੀ, ਪ੍ਰਸ਼ਾਸਨ, ਮਾਪੇ, ਸਮਾਜਿਕ ਮਾਹੌਲ ਜਾਂ ਆਧੁਨਿਕ ਸੱਭਿਆਚਾਰ। ਸਾਨੂੰ ਇਸ ਬਾਰੇ ਜ਼ਰੂਰ ਗੰਭੀਰਤਾ ਨਾਲ ਸੋਚਣਾ ਹੋਵੇਗਾ।



ARES LENDING
Residential | Commercial | Investment



# ਆਪਣਾ ਘਰ Re-Finance ਜਾਂ ਖ਼ਰੀਦਣਾ

**Business ਲੈਣਾ ਜਾਂ Re-Finance ਕਰਨਾ, Working Capital ਲੈਣਾ ਹੈ ਤਾਂ ARES LANDING Assist ਕਰ ਸਕਦੀ ਹੈ :**



SBA LOAN



FHA LOAN



CONVENTIONAL LOAN


Commercial Loan



PRIVATE LOAN



VA LOAN

## ਜੇਕਰ ਤੁਸੀਂ Veteran ਹੋ America ਦੇ ਤਾਂ

## ਤੁਹਾਨੂੰ 100% Financing Veteran ਦਾ ਆਪਾ ਦਵਾ ਸਕਦੇ ਹਾਂ

**Contact (TONY SINGH ) For More INFO at : (916) 519-7009**

DRE#: 01901843 | NMLS: 823070 | DRE# 02188764 | NMLS# 2402240

# TRS LDA SERVICES COMPANY

DRE# 02188764 | LDA# 2022-001

**Loan ਲੈਣ ਵਿੱਚ ਆਉਂਦੀ ਹੋਵੇ ਮੁਸ਼ਕਿਲ ਤਾਂ TRS LDA SERVICES COMPANY ਕੋਲ ਹੈ Credit Repair ਦਾ ਹਰ ਹੱਲ**

Credit ਠੀਕ ਕਰਵਾਉਣਾ ਹੋਵੇ | Credit ਤੇ Negative Items ਹੋਣ | ਜ਼ਿਆਦਾ Enquiries ਹੋਣ

**ਤੁਹਾਡਾ LOAN ਪਾਸ ਨਾ ਹੁੰਦਾ ਹੋਵੇ, ਤਾਂ ਅਸੀਂ ਤੁਹਾਡਾ Credit FIX ਕਰਨ ਵਿੱਚ ਮਦਦ ਕਰਦੇ ਹਾਂ**
**ਤੁਹਾਡਾ Score ਘੱਟ ਹੈ ਤਾਂ ਸਾਡੀ Company Credit Repair ਵੀ ਕਰਦੀ ਹੈ**

**ਜਾਣਕਾਰੀ ਲਈ ਕਾਲ ਕਰੋ : Credit Analyst : Fatima Fierros : (916) 829-4200**


Now Open New Banquet Hall in Sacramento
For more info: Contact Paul : (916)334-6000
Seating upto 1200 guests.
Flamingo
Palace
GUARANTEED BEST PRICE & SERVICE IN TOWN
Celebrate!
WEDDING, RECEPTION, QUINCEANERA
HOLIDAY PARTIES, BIRTHDAY PARTIES
CORPORATE FUNCTIONS
flamingobanquets.com


SONNY
DHALIWAL
for SUPERVISOR
EXPERIENCED LEADERSHIP YOU CAN TRUST
Paid for by Sonny Dhaliwal for County Supervisor 2024 FPPC#1459023


SAI JEWELERS
Making Every
Occassion Beautiful
30 ਸਾਲ ਤੋਂ ਵੱਧ ਦਾ ਤਜ਼ਰਬਾ | 3 ਪੀੜੀਆਂ ਤੋਂ ਕਰ ਰਹੇ ਗਹਿਣਿਆਂ ਦਾ ਕੰਮ
ਹਰ ਤਰ੍ਹਾਂ ਦੇ ਸੋਨੇ ਤੇ ਚਾਂਦੀ ਦੇ ਮਨਪਸੰਦ ਗਹਿਣੇ ਖ਼ਰੀਦੋ
ਗਹਿਣੇ ਪਾਲਿਸ਼ ਜਾਂ Repair ਕਰਵਾਓ
Exchange & Trade of
Jewellery Available
ਸਾਡੇ ਕੋਲ Gold ਤੇ Silver ਦੇ ਸਿੱਕੇ ਵੀ ਮਿਲਦੇ ਹਨ
Diamond Jewellery ਵਿਚ ਵੀ ਕਰਦੇ ਹਾਂ DEAL
ਤੁਸੀਂ ਸਾਡੇ ਕੋਲੋਂ ਗਹਿਣੇ Exchange ਵੀ ਕਰਵਾ ਸਕਦੇ ਹੋ
(ਅਸੀਂ ਪੁਰਾਣੇ ਗਹਿਣੇ ਲੈਕੇ ਨਵੇਂ ਗਹਿਣੇ ਦਿੰਦੇ ਹਾਂ )
Open : Tuesday -Sunday |11:00 AM- 6:00 PM
Monday Available -By Call -ON APPPOINTMENTS
Visit our Store to Explore New Designs
ਵਧੇਰੇ ਜਾਣਕਾਰੀ ਲਈ ਕਾਲ ਕਰੋ :
ਧਰਮ ਚੌਹਾਨ -(209) 678-6600 | ਸਟੋਰ ਨੰਬਰ -(209) 408-8553
ADDRESS : 2900, Standiford Ave Ste, 16 B Modesto CA 95350


ARCPOINT LABS
OF MANTECA
Accurate, Reliable, Confidential Testing.
ਸਾਡੀਆਂ ਸੇਵਾਵਾਂ :
DOT ਦੇ Drug ਤੇ Alcohal Testing
Pre- Employment Testing | Physicals
Hair & Nail Testing |Immigration DNA
Paternity & Relationship DNA
Health Checkups ਜਿਵੇਂ :
Cholestrol Test
Heart Health
Thyroid Test
Diabetes Test
Food Allergy
Vitamin & Nutrient Test
ਆਪਣੇ ਹੋਣ ਵਾਲੇ Baby ਦਾ Gender ਜਾਣੋ 6 Weeks ਵਿੱਚ
BOY? or GIRL?
ਵਧੇਰੇ ਜਾਣਕਾਰੀ ਲਈ ਕਾਲ ਕਰੋ :
(209) 629-8282 |(209) 505-6384
Address : 119. Maple AVe, Suite A Manteca, CA 95336


ਪ੍ਰੇਮ ਵਿਆਹ | ਸੌਤਨ ਦੁਸ਼ਮਨ ਤੋਂ ਛੁਟਕਾਰਾ
ਕੰਮ- ਕਾਰੋਬਾਰ 'ਚ ਰੁਕਾਵਟ | ਵਿਦੇਸ਼ ਯਾਤਰਾ ਜਾਂ PR 'ਚ ਰੁਕਾਵਟ
ਕਰਜ਼ਾ ਮੁਕਤੀ | ਗ੍ਰਹਿ ਕਲੇਸ਼ ਤੋਂ ਛੁਟਕਾਰਾ | ਪਤੀ -ਪਤਨੀ 'ਚ ਅਣਬਣ
ਕੀਤਾ ਕਰਾਇਆ | ਜਾਦੂ - ਟੂਣਾ | ਕੋਰਟ ਕੇਸ ਤੋਂ ਮੁਕਤੀ
ਲਾਟਰੀ ਦੇ ਲੱਕੀ ਨੰਬਰ ਪਾਓ | ਬਿਜ਼ਨਸ 'ਚ ਘਾਟਾ
Legal Documents
ਵਸ਼ੀਕਰਨ ਕਰਵਾਉਣਾ ਜਾਂ ਤੁੜਵਾਉਣ
ਪਿਆਰ 'ਚ ਧੋਖਾ ਖਾ ਚੁੱਕੇ
ਪ੍ਰੇਮੀ -ਪ੍ਰੇਮਿਕਾ ਇੱਕ ਵਾਰ
ਜ਼ਰੂਰ ਅਜ਼ਮਾਉਣ
ਕਾਲੇ ਜਾਦੂ ਵਰਗੀਆਂ
ਸਮੱਸਿਆਂਵਾਂ ਦਾ
ਜੜ ਤੋਂ ਖ਼ਾਤਮਾ
PANDIT SHARON
Contact (209) 629-6397
35 ਸਾਲ ਦਾ ਤਜ਼ਰਬਾ

Gillson
TRUCKING INC



# NOW Hiring
# Truck Drivers Class A CDL

- Signing Bonus
- Top pay
- Mileage Pay
- Great Benefits
- Over the Road or Local Routes
- Reefers and Dry Van Operations
- No touch freight

## Skills:

- Responsible truck driver.
- Experience with electronic equipment.
- Ability to travel regularly.
- Adaptivity and foresight to handle unexpected situations (traffic, weather conditions and roads, etc.)

## Responsibilities:

- Safely operating assigned vehicles.
- The Vehicles are maintained and serviced as needed.
- Report any vehicle defects for repair.
- Make safety a priority at all times.
- Comply with standard federal laws and with company. policies and procedures.

## Pay:

- Between **$80,000.00 - $120,000.00** per year
- Average pay: $**0.50- $0.60** cents/mile
- Weekly direct deposits
- Bonuses for clean inspections
- High mileage bonuses

## Newer Equipment:

Freightliner and Volvo 2020 and present
Reset pay away from Terminals- Stockton, CA and Dayton, Ohio

- Flexible Home Time
- Pet Friendly
- Rider Policy

## Health Benefits:

Health Dental Vision



## Where to Apply

It's on our website the link under apply now. Please copy it here and then we would to have all.

**Apply Here:**

https://intelliapp.driverapponline.com/c/gillson?uri_b=ia_gillson_2058382794

## Contact:

1801 E Dr. Martin Luther King Jr. Blvd, Stockton, CA 95205

925-400-9094 | ext.116, ext.130 and ext.144

info@teamgillson.com

## Get in Touch:

gillsontrucking

gillsontrucking

company/gillsontrucking

www.teamgillson.com

ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ




e-Baba Entertainment App ਨੂੰ Download ਕਰੋ।

ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।